ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 21 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੬ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਪੁੰਛ 'ਚ ਕੁਦਰਤ ਦਾ ਕਹਿਰ !

# ਲੈਂਡਸਲਾਈਡ ਤੇ ਫਲੈਸ਼ ਫਲੱਡ ਕਾਰਨ 7 ਲੋਕਾਂ ਦੀ ਮੌਤ



**ਸ੍ਰੀਨਗਰ, 20 ਜੁਲਾਈ (ਆਵਾਜਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਦੇ ਬਾਰਿਸ਼ ਪ੍ਰਭਾਵਿਤ ਪੁੰਛ ਜ਼ਿਲ੍ਹੇ ਵਿੱਚ ਸੋਮਵਾਰ ਨੂੰ ਇੱਕ ਘਰ 'ਚ ਜ਼ਮੀਨ ਖਿਸਕਣ ਕਾਰਨ ਸੱਤ ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਲੋਰਾਨ ਪਿੰਡ ਦੇ ਉੱਚਾਈ ਵਾਲੇ ਖੇਤਰ ਵਿੱਚ ਵਾਪਰੀ। ਮਿਲੀ ਜਾਣਕਾਰੀ ਜਦੋਂ ਇਹ ਹਾਦਸਾ ਹੋਇਆ ਤਾਂ ਪਰਿਵਾਰ ਦੇ ਸਾਰੇ ਮੈਂਬਰ ਆਪਣੇ ਘਰ ਦੇ ਅੰਦਰ ਸਨ। ਪਹਾੜ ਤੋਂ ਮਲਬਾ ਅਤੇ ਵੱਡੇ ਪੱਥਰ ਇੰਨੀ ਤੇਜ਼ ਰਫ਼ਤਾਰ ਨਾਲ ਆਏ ਕਿ ਕਿਸੇ ਨੂੰ ਵੀ ਬਾਹਰ ਨਿਕਲਣ ਦਾ ਮੌਕਾ ਨਹੀਂ ਮਿਲਿਆ। ਕੁਝ ਹੀ ਸਮੇਂ ਵਿੱਚ ਪੂਰਾ ਘਰ ਮਲਬੇ ਦੇ ਢੇਰ ਵਿੱਚ ਬਦਲ ਗਿਆ। ਇਸ ਹਾਦਸੇ ਵਿੱਚ ਇੱਕੋ ਪਰਿਵਾਰ ਦੇ ਸੱਤ ਮੈਂਬਰਾਂ ਦੀ ਮੌਤ ਦੀ ਪੁਸ਼ਟੀ ਹੋਈ ਹੈ। ਸਥਾਨਕ ਲੋਕਾਂ ਅਨੁਸਾਰ ਘਰ ਪੂਰੀ ਤਰ੍ਹਾਂ ਢਹਿ ਗਿਆ ਹੈ। ਉਨ੍ਹਾਂ ਕਿਹਾ ਕਿ ਬਚਾਅ ਕਾਰਜ ਚੱਲ ਰਹੇ ਹਨ ਅਤੇ ਮਾਰੇ ਗਏ ਸੱਤ ਲੋਕਾਂ ਵਿੱਚ ਚਾਰ ਔਰਤਾਂ ਸ਼ਾਮਲ ਹਨ। ਸ਼ਨੀਵਾਰ ਸ਼ਾਮ ਤੋਂ ਪੁਣਛ ਜ਼ਿਲ੍ਹੇ ਵਿੱਚ ਭਾਰੀ ਮੀਂਹ ਪੈ ਰਿਹਾ ਹੈ। ਅਧਿਕਾਰੀਆਂ ਅਨੁਸਾਰ ਜ਼ਿਲ੍ਹੇ ਵਿੱਚ ਮਰਨ ਵਾਲਿਆਂ ਦੀ ਗਿਣਤੀ 17 ਹੋ ਗਈ ਹੈ, ਜਿਸ ਵਿੱਚ ਲੋਰਾਨ ਵਿੱਚ ਮਾਰੇ ਗਏ ਸੱਤ ਲੋਕ ਸ਼ਾਮਲ ਹਨ, ਜਦੋਂ ਕਿ ਛੇ ਲਾਪਤਾ ਹਨ।

Exclusive News

## DGP death: ਤ੍ਰਿਪੁਰਾ ਦੇ DGP ਅਨੁਰਾਗ ਧਨਖੜ ਦੀ ਸ਼ੱਕੀ ਹਾਲਾਤਾਂ 'ਚ ਮੌਤ, ਖ਼ੁਦਕੁਸ਼ੀ ਦਾ ਜਤਾਇਆ ਜਾ ਰਿਹਾ ਖ਼ਦਸ਼ਾ



**ਨਵੀਂ ਦਿੱਲੀ, 20 ਜੁਲਾਈ (ਆਵਾਜਿ ਕੌਮ ਬਿਊਰੋ)**-ਤ੍ਰਿਪੁਰਾ ਦੇ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਅਨੁਰਾਗ ਧਨਖੜ ਸੋਮਵਾਰ ਨੂੰ ਅਗਰਤਲਾ ਦੇ ਪੁਲਿਸ ਹੈੱਡਕੁਆਰਟਰ ਵਿਖੇ ਆਪਣੇ ਦਫ਼ਤਰ ਵਿੱਚ ਮ੍ਰਿਤਕ ਪਾਏ ਗਏ। ਮੁੱਢਲੀਆਂ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਸੀਨੀਅਰ ਆਈਪੀਐਸ ਅਧਿਕਾਰੀ ਨੇ ਕਥਿਤ ਤੌਰ 'ਤੇ ਖੁਦਕੁਸ਼ੀ ਕੀਤੀ ਸੀ; ਹਾਲਾਂਕਿ, ਉਨ੍ਹਾਂ ਦੀ ਮੌਤ ਦੇ ਸਹੀ ਕਾਰਨ ਦੀ ਅਜੇ ਤੱਕ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ। ਉਨ੍ਹਾਂ ਦੀ ਲਾਸ਼ ਨੂੰ ਸੋਮਵਾਰ ਨੂੰ ਅਗਰਤਲਾ ਦੇ ਜੀਬੀ ਹਸਪਤਾਲ ਲਿਜਾਇਆ ਗਿਆ। ਰਾਜ ਦੇ ਉੱਚ ਪੁਲਿਸ ਅਧਿਕਾਰੀ ਦੀ ਅਚਾਨਕ ਅਤੇ ਦੁਖਦਾਈ ਮੌਤ ਨੇ ਤ੍ਰਿਪੁਰਾ ਵਿੱਚ ਪ੍ਰਸ਼ਾਸਨਿਕ ਅਤੇ ਕਾਨੂੰਨ ਲਾਗੂ ਕਰਨ ਵਾਲੇ ਹਲਕਿਆਂ ਵਿੱਚ ਸਦਮੇ ਦੀ ਲਹਿਰ ਫੈਲਾ ਦਿੱਤੀ ਹੈ। ਸੀਨੀਅਰ ਆਈਪੀਐਸ ਅਧਿਕਾਰੀ ਦੀ ਮੌਤ ਦੇ ਆਲੇ ਦੁਆਲੇ ਦੇ ਹਾਲਾਤਾਂ ਦਾ ਪਤਾ ਲਗਾਉਣ ਲਈ ਇੱਕ ਉੱਚ ਪੱਧਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਤ੍ਰਿਪੁਰਾ ਕੇਡਰ ਦੇ 1994 ਬੈਚ ਦੇ ਆਈਪੀਐਸ ਅਧਿਕਾਰੀ ਅਨੁਰਾਗ ਧਨਖੜ ਨੇ ਮਈ 2025 ਵਿੱਚ ਰਾਜ ਸਰਕਾਰ ਦੁਆਰਾ ਨਿਯੁਕਤੀ ਤੋਂ ਬਾਅਦ ਤ੍ਰਿਪੁਰਾ ਦੇ ਪੁਲਿਸ ਡਾਇਰੈਕਟਰ ਜਨਰਲ (ਪੁਲਿਸ ਫੋਰਸ ਦੇ ਮੁਖੀ) ਦੀ ਭੂਮਿਕਾ ਸੰਭਾਲੀ ਸੀ।

## ਸੰਸਦ ਮਾਰਚ ਦੌਰਾਨ CJP ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਬਲਾਂ ਵਿਚਕਾਰ ਹਿੰਸਕ ਝੜਪ, ਕੀਤਾ ਲਾਠੀਚਾਰਜ

**ਨਵੀਂ ਦਿੱਲੀ, 20 ਜੁਲਾਈ (ਆਵਾਜਿ ਕੌਮ ਬਿਊਰੋ)**-ਸੰਸਦ ਦੇ ਮਾਨਸੂਨ ਸੈਸ਼ਨ ਦੇ ਪਹਿਲੇ ਦਿਨ ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਵਲੋਂ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਸੀਜੇਪੀ ਦੇ ਮੁੱਖੀ ਅਭਿਜੀਤ ਦੀਪਕੇ ਅਤੇ ਪ੍ਰਦਰਸ਼ਨਕਾਰੀਆਂ ਵਲੋਂ ਸੰਸਦ ਤੱਕ ਮਾਰਚ ਕਰਨ ਦੀ ਕੋਸ਼ਿਸ਼ ਕੀਤੀ ਗਈ, ਜਿਸ ਨੂੰ ਪੁਲਸ ਨੇ ਰੋਕਣ ਦੀ ਕੋਸ਼ਿਸ਼ ਕੀਤੀ। ਮਾਰਚ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਪੁਲਸ ਵਿਚਕਾਰ ਤਿੱਖੀ ਬਹਿਸ ਹੋਈ, ਜਿਸ ਤੋਂ ਬਾਅਦ ਜੰਤਰ-ਮੰਤਰ ਵਿਚ ਭਾਰੀ ਹੰਗਾਮਾ ਹੋਇਆ। ਸ਼ਾਸਤਰੀ ਭਵਨ ਨੇੜੇ ਪ੍ਰਦਰਸ਼ਨਕਾਰੀਆਂ ਨੂੰ ਖਿੰਡਾਉਣ ਲਈ ਸੁਰੱਖਿਆ ਬਲਾਂ ਨੇ ਅੱਥਰੂ ਗੈਸ ਦੇ ਗੋਲੇ ਛੱਡੇ।



ਮਾਰਚ ਦੌਰਾਨ ਹੰਗਾਮਾ ਅਤੇ ਹਫ਼ੜਾ-ਦਫ਼ੜੀ ਵਧਦੀ ਦੇਖ ਕੇ RAF ਅਤੇ ਦਿੱਲੀ ਪੁਲਸ ਦੇ ਜਵਾਨਾਂ ਨੇ ਪ੍ਰਦਰਸ਼ਨਕਾਰੀਆਂ ਨੂੰ ਕਾਬੂ ਕਰਨ ਲਈ ਲਾਠੀਚਾਰਜ ਕੀਤਾ ਅਤੇ ਕਈਆਂ ਨੂੰ ਹਿਰਾਸਤ ਵਿਚ ਵੀ ਲਿਆ। ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦੇ ਸੰਸਦ ਮਾਰਚ ਦੇ ਮੱਦੇਨਜ਼ਰ ਦਿੱਲੀ ਦੀਆਂ ਸਰਹੱਦਾਂ ਅਤੇ ਪ੍ਰਵੇਸ਼ ਸਥਾਨਾਂ 'ਤੇ ਸੁਰੱਖਿਆ ਸਖ਼ਤ ਕੀਤੀ ਗਈ। ਪੁਲਸ ਮੁੱਖ ਐਂਟਰੀ ਪੁਆਇੰਟਾਂ 'ਤੇ ਵਾਹਨਾਂ ਦੀ ਜਾਂਚ ਕਰ ਰਹੀ ਹੈ। ਵੱਖ-ਵੱਖ ਥਾਵਾਂ 'ਤੇ ਬੈਰੀਕੇਡ ਲਗਾਏ ਗਏ ਹਨ। ਪੁਲਿਸ ਦੇ ਅਨੁਸਾਰ, ਪ੍ਰਸਤਾਵਿਤ ਵਿਰੋਧ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਕਾਨੂੰਨ ਵਿਵਸਥਾ ਬਣਾਈ ਰੱਖਣ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣ ਲਈ ਸੁਰੱਖਿਆ ਨਿਗਰਾਨੀ ਵਧਾ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਨਵੀਂ ਦਿੱਲੀ ਜ਼ਿਲ੍ਹੇ ਦੇ ਸੰਵੇਦਨਸ਼ੀਲ ਖੇਤਰਾਂ ਵਿੱਚ ਸੁਰੱਖਿਆ ਮਜ਼ਬੂਤ ਕੀਤੀ ਗਈ ਹੈ। ਦਿੱਲੀ ਮੈਟਰੋ ਰੇਲ ਕਾਰਪੋਰੇਸ਼ਨ (ਡੀਐਮਆਰਸੀ) ਨੇ ਸੋਮਵਾਰ ਨੂੰ ਸੁਰੱਖਿਆ ਕਾਰਨਾਂ ਕਰਕੇ ਰਾਜੀਵ ਚੌਕ, ਜਨਪਥ, ਪਟੇਲ ਚੌਕ, ਕੇਂਦਰੀ ਸਕੱਤਰੇਤ ਅਤੇ ਸੇਵਾ ਤੀਰਥ ਮੈਟਰੋ ਸਟੇਸ਼ਨਾਂ ਨੂੰ ਬੰਦ ਕਰ ਦਿੱਤਾ।

## ਭਗਵੰਤ ਮਾਨ, ਸਿਰਫ਼ ਆਪਣੇ ਬੇਅਦਬੀ ਮਾਮਲਿਆਂ ਤੋਂ ਧਿਆਨ ਭਟਕਾਉਣ ਦੀ ਕੋਸ਼ਿਸ਼ ਕਰ ਰਿਹਾ : SIT ਦੀ ਪੁੱਛਗਿੱਛ ਮਗਰੋਂ ਸੁਖਬੀਰ ਸਿੰਘ ਬਾਦਲ

**ਚੰਡੀਗੜ੍ਹ, 20 ਜੁਲਾਈ (ਆਵਾਜਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸੋਮਵਾਰ ਨੂੰ ਬਹਿਬਲ ਕਲਾਂ ਗੋਲੀਕਾਂਡ ਮਾਮਲੇ ਦੀ ਪੁੱਛਗਿੱਛ ਲਈ ਐਸਆਈਟੀ ਅੱਗੇ ਪੇਸ਼ ਹੋਏ। ਲਗਭਗ 2 ਘੰਟੇ ਦੀ ਪੁੱਛਗਿੱਛ ਉਪਰੰਤ ਜਦੋਂ ਉਹ ਬਾਹਰ ਆਏ ਤਾਂ ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਤਿੱਖਾ ਨਿਸ਼ਾਨਾ ਲਾਇਆ। ਉਨ੍ਹਾਂ ਕਿਹਾ ਕਿ ਉਹ ਵਿਸ਼ੇਸ਼ ਜਾਂਚ ਟੀਮ ਅੱਗੇ 4 ਵਾਰੀ ਪੇਸ਼ ਹੋ ਚੁੱਕੇ ਹਨ, ਪਰ ਕੁੱਝ ਵੀ ਨਹੀਂ ਨਿਕਲਿਆ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਰਾਜਨੀਤੀ ਕੀਤੀ ਜਾ ਰਹੀ ਹੈ, ਜੋ ਕਿ ਆਮ ਆਦਮੀ ਪਾਰਟੀ ਆਪਣੇ ਮੁੱਖ ਮੰਤਰੀ ਦੀਆਂ ਬੇਅਦਬੀ ਦੀਆਂ ਵੀਡੀਓ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਕਰ ਰਹੀ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਉਨ੍ਹਾਂ ਨੂੰ ਕਈ ਵਾਰ ਬੁਲਾਇਆ ਜਾ ਚੁੱਕਾ ਹੈ, ਪਰ ਹਰ ਵਾਰ ਕੋਈ ਠੋਸ ਨਤੀਜਾ ਸਾਹਮਣੇ ਨਹੀਂ ਆਇਆ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦਾ ਅਸਲ ਨਿਸ਼ਾਨਾ ਕੇਵਲ ਸ਼੍ਰੋਮਣੀ ਅਕਾਲੀ ਦਲ ਨੂੰ ਬਦਨਾਮ ਕਰਨਾ ਹੈ ਅਤੇ ਮੀਡੀਆ ਵਿੱਚ ਸੁਰਖੀਆਂ ਬਣਾਉਣ ਲਈ ਹੀ ਇਹ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਰਾਜਨੀਤਿਕ ਵਿਸ਼ਲੇਸ਼ਣ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਜੇਕਰ ਕਿਸੇ ਕਤਲ ਦਾ ਮਾਮਲਾ ਹੋਵੇ ਤਾਂ ਪੁਲਿਸ ਕੁਝ ਹੀ ਸਮੇਂ ਵਿੱਚ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲੈਂਦੀ ਹੈ, ਪਰ ਬੇਅਦਬੀ ਦੀਆਂ ਘਟਨਾਵਾਂ ਨੂੰ ਦਸ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਅਸਲ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਗੁਰੂ ਸਾਹਿਬਾਨਾਂ ਅਤੇ ਸਿੱਖ ਭਾਵਨਾਵਾਂ ਦਾ ਅਪਮਾਨ ਕਰਨ ਦੇ ਗੰਭੀਰ ਦੋਸ਼ ਵੀ ਲਗਾਏ। ਉਨ੍ਹਾਂ ਕਿਹਾ ਕਿ ਜਦੋਂ ਇਹ ਮਾਮਲੇ ਸਾਹਮਣੇ ਆਏ ਤਾਂ ਸਰਕਾਰ ਲੋਕਾਂ ਦਾ ਧਿਆਨ ਭਟਕਾਉਣ ਲਈ ਉਨ੍ਹਾਂ ਨੂੰ ਵਾਰ-ਵਾਰ ਜਾਂਚ ਲਈ ਸੱਦ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਨੇ ਗੁਰੂ ਘਰਾਂ ਵਿੱਚ ਪੁਲਿਸ ਭੇਜੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਵੀ ਟਕਰਾਅ ਦਾ ਰਾਹ ਅਪਣਾਇਆ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਖੁਦ ਬੇਅਬਦੀਆਂ ਦੇ ਦੋਸ਼ੀ ਹਨ, ਜਿਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਨਾਲ ਮੱਥਾ ਲਾਇਆ। ਉ ਸੁਖਬੀਰ ਬਾਦਲ ਨੇ ਕਿਹਾ ਕਿ ਪੰਜਾਬ ਦੀ ਸੰਗਤ ਸਭ ਕੁਝ ਦੇਖ ਰਹੀ ਹੈ ਅਤੇ ਅਜਿਹੀਆਂ ਕਾਰਵਾਈਆਂ ਦਾ ਜਵਾਬ ਸਮਾਂ ਆਉਣ 'ਤੇ ਮਿਲੇਗਾ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅਕਾਲੀ ਦਲ ਨਾ ਡਰਿਆ ਹੈ ਅਤੇ ਨਾ ਹੀ ਝੁੱਕੇਗਾ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਨੇੜੇ ਹੋਣ ਕਾਰਨ ਭਗਵੰਤ ਮਾਨ ਸਰਕਾਰ ਸਿਆਸੀ ਮਕਸਦ ਨਾਲ ਸੰਮਨ ਜਾਰੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਉਹ ਹੁਣ ਤੱਕ ਚਾਰ ਵਾਰ ਐੱਸਆਈਟੀ ਅੱਗੇ ਪੇਸ਼ ਹੋ ਚੁੱਕੇ ਹਨ ਅਤੇ ਇਸ ਵਾਰ ਵੀ ਜਾਂਚ ਵਿੱਚ ਪੂਰਾ ਸਹਿਯੋਗ ਦੇਣ ਲਈ ਪਹੁੰਚੇ ਹਨ।



## ਸੋਨਮ ਵਾਂਗਚੁਕ ਨੇ 23ਵੇਂ ਦਿਨ ਖ਼ਤਮ ਕੀਤੀ ਭੁੱਖ ਹੜਤਾਲ ; ਰੱਖੀਆਂ ਤਿੰਨ ਸ਼ਰਤਾਂ

**ਨਵੀਂ ਦਿੱਲੀ, 20 ਜੁਲਾਈ (ਆਵਾਜਿ ਕੌਮ ਬਿਊਰੋ)**-ਕੇਂਦਰੀ ਮੰਤਰੀ ਜੇਪੀ ਨੱਡਾ ਅਤੇ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦੇ ਪ੍ਰਤੀਨਿਧੀਆਂ ਵਿਚਕਾਰ ਗੱਲਬਾਤ ਤੋਂ ਬਾਅਦ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੇ ਆਪਣੀ ਭੁੱਖ ਹੜਤਾਲ ਖਤਮ ਕਰ ਦਿੱਤੀ ਹੈ। ਵਾਂਗਚੁਕ 28 ਜੂਨ ਤੋਂ ਦਿੱਲੀ ਦੇ ਜੰਤਰ-ਮੰਤਰ 'ਤੇ ਭੁੱਖ ਹੜਤਾਲ 'ਤੇ ਸੀ। ਉਨ੍ਹਾਂ ਦੇ ਨਾਲ ਏਆਈਐਸਏ ਦੇ ਤਿੰਨ ਮੈਂਬਰਾਂ ਸਮੇਤ ਹੋਰ ਲੋਕ ਵੀ ਸਨ। ਸੀਜੇਪੀ ਆਗੂਆਂ ਨੇ ਕਿਹਾ ਕਿ ਇਹ ਫੈਸਲਾ ਸਰਕਾਰ ਵੱਲੋਂ ਗੱਲਬਾਤ ਸ਼ੁਰੂ ਕਰਨ ਤੋਂ ਬਾਅਦ ਲਿਆ ਗਿਆ ਹੈ। ਦੱਸ ਦਈਏ ਕਿ ਕੇਂਦਰੀ ਮੰਤਰੀ ਜੇਪੀ ਨੱਡਾ ਅਤੇ ਕਾਕਰੋਚ ਜਨਤਾ ਪਾਰਟੀ (ਸੀਜੇਪੀ) ਦੇ ਪ੍ਰਤੀਨਿਧੀਆਂ ਵਿਚਕਾਰ ਗੱਲਬਾਤ ਤੋਂ ਬਾਅਦ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਨੇ ਆਪਣੀ ਭੁੱਖ ਹੜਤਾਲ ਖਤਮ ਕਰ ਦਿੱਤੀ ਹੈ। ਐਤਵਾਰ ਨੂੰ ਵਾਂਗਚੁਕ ਦੀ ਪਤਨੀ ਗੀਤਾਂਜਲੀ ਅੰਗਮੋ ਨੇ ਕਿਹਾ ਸੀ ਕਿ ਜੇਕਰ ਰਾਜਨੀਤਿਕ ਪਾਰਟੀਆਂ ਸੰਸਦ ਦੇ ਮਾਨਸੂਨ ਸੈਸ਼ਨ ਵਿੱਚ ਸਿੱਖਿਆ ਖੇਤਰ ਵਿੱਚ ਜਵਾਬਦੇਹੀ ਦਾ ਮੁੱਦਾ ਉਠਾਉਣ ਦਾ ਵਾਅਦਾ ਕਰਦੀਆਂ ਹਨ, ਤਾਂ ਵਾਂਗਚੁਕ ਆਪਣਾ ਵਰਤ ਖਤਮ ਕਰ ਦੇਣਗੇ। ਉਸਨੇ ਇਹ ਵੀ ਕਿਹਾ ਕਿ ਵਾਂਗਚੁਕ ਚਾਹੁੰਦੇ ਸਨ ਕਿ "ਚਲੋ ਸੰਸਦ" ਮਾਰਚ ਪੂਰੀ ਤਰ੍ਹਾਂ ਸ਼ਾਂਤੀਪੂਰਨ ਹੋਵੇ। ਦੱਸ ਦਈਏ ਕਿ ਸੋਮਵਾਰ ਨੂੰ ਕੇਂਦਰ ਸਰਕਾਰ ਨੇ ਸੀਜੇਪੀ ਨਾਲ ਗੱਲਬਾਤ ਸ਼ੁਰੂ ਕੀਤੀ। ਪਾਰਟੀ ਦੇ ਬੁਲਾਰੇ ਸੌਰਵ ਦਾਸ ਅਤੇ ਨੇਤਾ ਆਸ਼ੂਤੋਸ਼ ਰੰਕਾ ਨੇ ਕੇਂਦਰੀ ਮੰਤਰੀ ਜੇ.ਪੀ. ਨੱਡਾ ਨਾਲ ਮੁਲਾਕਾਤ ਕੀਤੀ। ਸੀਜੇਪੀ ਨੇ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਸਪੱਸ਼ਟ ਹਨ ਅਤੇ ਸਰਕਾਰ ਨੂੰ ਸਿੱਖਿਆ ਪ੍ਰਣਾਲੀ ਨੂੰ ਬਿਹਤਰ ਬਣਾਉਣ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ। ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੈਪ੍ਰਕਾਸ਼ ਨੱਡਾ ਨੇ ਐਕਸ 'ਤੇ ਟਵੀਟ ਕੀਤਾ ਕਿ ਅੱਜ ਸਵੇਰੇ, ਪਹਿਲੀ ਵਾਰ, ਪ੍ਰਦਰਸ਼ਨਕਾਰੀਆਂ ਨੇ ਸਰਕਾਰ ਨਾਲ ਗੱਲਬਾਤ ਦਾ ਪ੍ਰਸਤਾਵ ਰੱਖਿਆ, ਅਤੇ ਸਾਡੀਆਂ ਚਰਚਾਵਾਂ ਸਵੇਰੇ 11:50 ਵਜੇ ਤੋਂ ਜਾਰੀ ਰਹੀ। ਮੀਟਿੰਗ ਇੱਕ ਸੁਹਿਰਦ ਮਾਹੌਲ ਵਿੱਚ ਹੋਈ। ਉਨ੍ਹਾਂ ਦੇ ਵਫ਼ਦ ਨਾਲ ਚਰਚਾ ਹੋਈ, ਅਤੇ ਉਨ੍ਹਾਂ ਨੇ ਸ਼ਾਮ 4 ਵਜੇ ਦੇ ਕਰੀਬ ਮੈਨੂੰ ਇੱਕ ਲਿਖਤੀ ਮੰਗ ਪੱਤਰ ਸੌਂਪਿਆ। ਸੀਜੇਪੀ ਨੇ ਕੇਂਦਰੀ ਮੰਤਰੀ ਜੇਪੀ ਨੱਡਾ ਅੱਗੇ ਤਿੰਨ ਮੰਗਾਂ ਰੱਖੀਆਂ ਹਨ। ਇਨ੍ਹਾਂ ਵਿੱਚ ਧਰਮਿੰਦਰ ਪ੍ਰਧਾਨ ਦਾ ਅਸਤੀਫਾ, ਖੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਪਰਿਵਾਰਾਂ ਲਈ ਮੁਆਵਜ਼ਾ ਅਤੇ ਸੋਨਮ ਵਾਂਗਚੁਕ ਦੀ ਤੁਰੰਤ ਰਿਹਾਈ ਸ਼ਾਮਲ ਹੈ। ਸੀਜੇਪੀ ਦੇ ਬੁਲਾਰੇ ਸੌਰਵ ਦਾਸ ਨੇ ਕਿਹਾ ਕਿ ਮੰਤਰੀ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਉਹ ਇਸ ਮਾਮਲੇ 'ਤੇ ਢੁਕਵੇਂ ਪੱਧਰ 'ਤੇ ਚਰਚਾ ਕਰਨਗੇ। ਹਾਲਾਂਕਿ, ਅਜੇ ਤੱਕ ਕੋਈ ਵਾਅਦਾ ਨਹੀਂ ਕੀਤਾ ਗਿਆ ਹੈ। ਦਾਸ ਨੇ ਅੱਗੇ ਚੇਤਾਵਨੀ ਦਿੱਤੀ, "ਸ਼ਾਂਤਮਈ ਪ੍ਰਦਰਸ਼ਨਕਾਰੀ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਹੋਣ ਤੱਕ ਆਰਾਮ ਨਹੀਂ ਕਰਨਗੇ।



## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਜਾ ਰਹੇ ਮੀਰੀ ਪੀਰੀ ਖ਼ਾਲਸਾ ਮਾਰਚ ਦੀਆਂ ਤਿਆਰੀਆਂ ਸਬੰਧੀ ਐਡਵੋਕੇਟ ਧਾਮੀ ਨੇ ਕੀਤੀ ਇਕੱਤਰਤਾ



**ਨਵੀਂ ਦਿੱਲੀ/ਅੰਮ੍ਰਿਤਸਰ, 20 ਜੁਲਾਈ (ਆਵਾਜਿ ਕੌਮ ਬਿਊਰੋ)**-ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸਜਾਏ ਜਾ ਰਹੇ ਮੀਰੀ ਪੀਰੀ ਖ਼ਾਲਸਾ ਮਾਰਚ ਦੇ ਪ੍ਰਬੰਧ ਨੂੰ ਲੈ ਕੇ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਇਕੱਤਰਤਾਵਾਂ ਹੋਈਆਂ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਅਧਿਕਾਰੀਆਂ ਪਾਸੋਂ ਪ੍ਰਬੰਧਾਂ ਸਬੰਧੀ ਜਾਣਕਾਰੀ ਲਈ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਬੀਤੇ ਦਿਨੀਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਏ ਪੰਥਕ ਇਕੱਠ ਦੌਰਾਨ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਖ਼ਾਲਸਾ ਮਾਰਚ ਆਰੰਭ ਕਰਨ ਦਾ ਐਲਾਨ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਦਾ ਮਕਸਦ ਸਿੱਖ ਸਿਧਾਂਤਾਂ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਸਿੱਖ ਸੰਸਥਾਵਾਂ ਦੀ ਅਹਿਮੀਅਤ ਤੋਂ ਸੰਗਤਾਂ ਨੂੰ ਜਾਣੂ ਕਰਵਾਉਣਾ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੀਰੀ ਪੀਰੀ ਖ਼ਾਲਸਾ ਮਾਰਚ 24 ਜੁਲਾਈ ਨੂੰ ਸਵੇਰੇ 9 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਕਰਕੇ ਆਰੰਭ ਹੋਵੇਗਾ, ਜਿਸ ਦਾ ਵੱਖ-ਵੱਖ ਪਿੰਡਾਂ ਤੋਂ ਹੋ ਕੇ ਰਾਤਰੀ ਪੜਾਅ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਠੱਠਾ ਤਰਨ ਤਾਰਨ ਵਿਖੇ ਹੋਵੇਗਾ। ਇਸੇ ਤਰ੍ਹਾਂ 25 ਜੁਲਾਈ ਨੂੰ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਤੋਂ ਤਰਨ ਤਾਰਨ, 26 ਜੁਲਾਈ ਨੂੰ ਤਰਨ ਤਾਰਨ ਤੋਂ ਸ੍ਰੀ ਗੋਇੰਦਵਾਲ ਸਾਹਿਬ, 27 ਜੁਲਾਈ ਨੂੰ ਸ੍ਰੀ ਗੋਇੰਦਵਾਲ ਸਾਹਿਬ ਤੋਂ ਮੋਗਾ, 28 ਜੁਲਾਈ ਨੂੰ ਮੋਗਾ ਤੋਂ ਬਜੀਦਪੁਰ, 29 ਜੁਲਾਈ ਨੂੰ ਬਜੀਦਪੁਰ ਤੋਂ ਫਰੀਦਕੋਟ, 30 ਜੁਲਾਈ ਨੂੰ ਫਰੀਦਕੋਟ ਤੋਂ ਜੈਤੋ, 31 ਜੁਲਾਈ ਨੂੰ ਜੈਤੋ ਤੋਂ ਸ੍ਰੀ ਮੁਕਤਸਰ ਸਾਹਿਬ, 1 ਅਗਸਤ ਨੂੰ ਸ੍ਰੀ ਮੁਕਤਸਰ ਸਾਹਿਬ ਤੋਂ ਗੁਰਦੁਆਰਾ ਥੇਹੜੀ ਸਾਹਿਬ, 2 ਅਗਸਤ ਨੂੰ ਥੇਹੜੀ ਸਾਹਿਬ ਤੋਂ ਗੁਰਦੁਆਰਾ ਹਾਜੀਰਤਨ ਸਾਹਿਬ ਬਠਿੰਡਾ ਅਤੇ 3 ਅਗਸਤ ਨੂੰ ਬਠਿੰਡਾ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਪਹੁੰਚ ਕੇ ਸੰਪੂਰਨ ਹੋਵੇਗਾ।



ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ — ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ
ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਟ੍ਰਾਈਸਿਟੀ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਵੱਲੋਂ ਸੀਨੀਅਰ ਨਾਗਰਿਕਾਂ ਅਤੇ

# ਵਿਸ਼ੇਸ਼ ਮੰਦਬੁੱਧੀ ਯੋਗਤਾ ਵਾਲੇ ਵਿਅਕਤੀਆਂ ਲਈ ਯਾਦਗਾਰ ਸਮਾਗਮ





**ਚੌਕ ਮਹਿਤਾ 19 ਜੁਲਾਈ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਟ੍ਰਾਈਸਿਟੀ ਸੀਨੀਅਰ ਸਿਟੀਜ਼ਨਜ਼ ਐਸੋਸੀਏਸ਼ਨ ਵੱਲੋਂ ਸੈਕਟਰ-33 ਬੀ ਕਮਿਊਨਿਟੀ ਸੈਂਟਰ, ਚੰਡੀਗੜ੍ਹ ਵਿਖੇ ਸੀਨੀਅਰ ਨਾਗਰਿਕਾਂ ਲਈ ਇੱਕ ਵਿਸ਼ੇਸ਼ ਮਿਲਣੀ ਅਤੇ ਮਨੋਰੰਜਨ ਸਮਾਗਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਅਤੇ ਆਪਸੀ ਪਿਆਰ, ਸਾਂਝ ਅਤੇ ਖੁਸ਼ੀ ਦੇ ਪਲ ਸਾਂਝੇ ਕੀਤੇ

### ਸੈਕਟਰ-33 ਬੀ ਕਮਿਊਨਿਟੀ ਸੈਂਟਰ ਵਿੱਚ ਖੁਸ਼ੀਆਂ, ਸੇਵਾ ਅਤੇ ਮਨੁੱਖਤਾ ਦਾ ਅਨੋਖਾ ਮੇਲ

ਇਸ ਵਿਸ਼ੇਸ਼ ਸਮਾਗਮ ਦੀ ਪ੍ਰਧਾਨਗੀ ਸ. ਹਰਜੀਤ ਸਿੰਘ ਸਭਰਵਾਲ, ਜਨਰਲ ਸਕੱਤਰ ਤੇਰਾ ਹੀ ਤੇਰਾ ਮਿਸ਼ਨ ਨੇ ਕੀਤੀ। ਉਨ੍ਹਾਂ ਵੱਲੋਂ ਸੀਨੀਅਰ ਨਾਗਰਿਕਾਂ ਲਈ ਹੀ ਨਹੀਂ, ਸਗੋਂ 34 ਵਿਸ਼ੇਸ਼ ਮੰਦਬੁੱਧੀ ਯੋਗਤਾ ਵਾਲੇ ਵਿਅਕਤੀਆਂ ਲਈ ਵੀ ਇੱਕ ਵਿਸ਼ੇਸ਼ ਲੰਚ ਦਾ ਆਯੋਜਨ ਕੀਤਾ ਗਿਆ, ਜਿਸ ਨੇ ਸਮਾਗਮ ਨੂੰ ਸੇਵਾ, ਸਨੇਹ ਅਤੇ ਮਨੁੱਖਤਾ ਦੀ ਇੱਕ ਵਿਲੱਖਣ ਮਿਸਾਲ ਬਣਾ ਦਿੱਤਾ ਇਸ ਮੌਕੇ ਸ੍ਰ. ਡੀ. ਪੀ. ਸਿੰਘ ਸਾਬਕਾ ਸੀ ਈ ਓ ਸ੍ਰੀ ਹਜ਼ੂਰ ਸਾਹਿਬ,ਸਾਬਕਾ ਸੀ ਈ ਓ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ,ਸਾਬਕਾ ਡੀ ਜੀ ਐਮ ਪੰਜਾਬ ਐਂਡ ਸਿੰਧ ਬੈਂਕ ਕ, ਫਾਉਂਡਰ ਮੈਂਬਰ ਅਤੇ ਸਲਾਹਕਾਰ ਸਾਬਕਾ ਪ੍ਰਧਾਨ ਜੀ ਪੀ ਐੱਸ ਐੱਸ,ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਨੇ ਖੁਦ ਸੀਨੀਅਰ ਨਾਗਰਿਕਾਂ ਅਤੇ ਵਿਸ਼ੇਸ਼ ਯੋਗਤਾ ਵਾਲੇ ਵਿਅਕਤੀਆਂ ਦੀ ਸੇਵਾ ਕਰਕੇ ਸਮਾਜਿਕ ਜ਼ਿੰਮੇਵਾਰੀ ਅਤੇ ਮਨੁੱਖੀ ਸੰਵੇਦਨਾ ਦਾ ਪ੍ਰੇਰਣਾਦਾਇਕ ਉਦਾਹਰਨ ਪੇਸ਼ ਕੀਤਾ ਸਮਾਗਮ ਦੌਰਾਨ ਨਵੇਂ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸੀਨੀਅਰ ਨਾਗਰਿਕਾਂ ਨੇ ਗੀਤ-ਸੰਗੀਤ, ਨਾਚ, ਹਾਸੇ-ਮਜ਼ਾਕ ਭਰੀਆਂ ਗਤੀਵਿਧੀਆਂ ਦਾ ਭਰਪੂਰ ਆਨੰਦ ਲਿਆ। ਸਾਰਾ ਮਾਹੌਲ ਉਤਸ਼ਾਹ, ਖੁਸ਼ੀ ਅਤੇ ਆਪਣੇਪਣ ਦੀ ਭਾਵਨਾ ਨਾਲ ਭਰਪੂਰ ਰਿਹਾ ਟੀ ਐਸ ਸੀ ਏ ਦੇ ਅਹੁਦੇਦਾਰਾਂ ਨੇ ਕਿਹਾ ਕਿ ਐਸੋਸੀਏਸ਼ਨ ਦਾ ਮੁੱਖ ਉਦੇਸ਼ ਸੀਨੀਅਰ ਨਾਗਰਿਕਾਂ ਨੂੰ ਇੱਕ ਅਜਿਹਾ ਮੰਚ ਪ੍ਰਦਾਨ ਕਰਨਾ ਹੈ ਜਿੱਥੇ ਉਹ ਆਪਣੀ ਜ਼ਿੰਦਗੀ ਦੇ ਤਜਰਬੇ ਸਾਂਝੇ ਕਰ ਸਕਣ, ਨਵੇਂ ਦੋਸਤ ਬਣਾ ਸਕਣ ਅਤੇ ਵਧਦੀ ਉਮਰ ਨੂੰ ਖੁਸ਼ਹਾਲ ਅਤੇ ਸਰਗਰਮ ਢੰਗ ਨਾਲ ਜੀ ਸਕਣ। ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਸੱਭਿਆਚਾਰਕ, ਸਮਾਜਿਕ ਅਤੇ ਮਨੋਰੰਜਨਕ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ ਇਸ ਮੌਕੇ ਮੈਂਬਰਾਂ ਨੇ ਤੇਰਾ ਹੀ ਤੇਰਾ ਮਿਸ਼ਨ ਦੇ ਜਨਰਲ ਸਕੱਤਰ ਸ. ਹਰਜੀਤ ਸਿੰਘ ਸਭਰਵਾਲ, ਸ੍ਰ.ਡੀ. ਪੀ. ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਕੀਤੀ ਗਈ ਸੇਵਾ ਭਾਵਨਾ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸੀਨੀਅਰ ਨਾਗਰਿਕਾਂ ਅਤੇ ਵਿਸ਼ੇਸ਼ ਯੋਗਤਾ ਵਾਲੇ ਵਿਅਕਤੀਆਂ ਨੂੰ ਇਕੱਠੇ ਲੈ ਕੇ ਚੱਲਣ ਵਾਲੇ ਅਜਿਹੇ ਉਪਰਾਲੇ ਸਮਾਜ ਵਿੱਚ ਪਿਆਰ, ਸਹਿਯੋਗ ਅਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਸਮਾਗਮ ਦਾ ਸਮਾਪਨ ਖੁਸ਼ੀ ਭਰੇ ਮਾਹੌਲ ਵਿੱਚ ਹੋਇਆ। ਸਾਰੇ ਮੈਂਬਰਾਂ ਨੇ ਇੱਕ-ਦੂਜੇ ਨੂੰ ਮਿਲ ਕੇ ਯਾਦਗਾਰ ਪਲ ਸਾਂਝੇ ਕੀਤੇ ਅਤੇ ਭਵਿੱਖ ਵਿੱਚ ਵੀ ਅਜਿਹੇ ਸਮਾਜਿਕ ਅਤੇ ਮਨੋਰੰਜਨਕ ਪ੍ਰੋਗਰਾਮ ਲਗਾਤਾਰ ਕਰਵਾਉਣ ਦਾ ਸੰਕਲਪ ਲਿਆ।

ਪਰੋ. ਵਾਈਸ ਚਾਂਸਲਰ ਡਾ. ਜਗਤਾਰ ਧੀਮਾਨ ਅਤੇ ਕਮਿਸ਼ਨਰ ਲਵਜੀਤ ਕਲਸੀ ਵੱਲੋਂ

# 17 ਵੇਂ ਉਪਨ ਕਲੱਸਟਰ ਬਾਸਕਟਬਾਲ ਟੂਰਨਾਮੈਂਟ ਦਾ ਰਸਮੀ ਉਦਘਾਟਨ



**ਤਲਵੰਡੀ ਸਾਬੋ**, 20 **ਜੁਲਾਈ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਉੱਘੇ ਖੇਤੀ ਵਿਗਿਆਨੀ, ਲੇਖਕ, ਕਵੀ ਅਤੇ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਅਤੇ ਲਵਜੀਤ ਕਲਸੀ, ਪੀ.ਸੀ.ਐੱਸ. ਕਮਿਸ਼ਨਰ ਨਗਰ ਨਿਗਮ, ਬਠਿੰਡਾ ਵੱਲੋਂ ਗੁਰੂ ਨਾਨਕ ਦੇਵ ਪਬਲਿਕ ਸਕੂਲ, ਕਮਲਾ ਨਹਿਰੂ ਕਾਲੋਨੀ, ਬਠਿੰਡਾ ਵਿਖੇ 17 ਵੇਂ ਉਪਨ ਕਲੱਸਟਰ ਬਾਸਕਟਬਾਲ ਟੂਰਨਾਮੈਂਟ ਦਾ ਰਸਮੀ ਉਦਘਾਟਨੀ ਕੀਤਾ ਗਿਆ। ਜਦ ਕਿ ਜਤਿੰਦਰ ਸਿੰਘ ਭੱਲਾ, ਚੇਅਰਮੈਨ, ਇੰਮਪਰੂਵਮੈਂਟ ਟਰਸਟ, ਬਠਿੰਡਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਦਘਾਟਨ ਮੌਕੇ ਸਕੂਲ ਪ੍ਰਬੰਧਕ ਕਮੇਟੀ ਪ੍ਰਧਾਨ ਜੋਗਿੰਦਰ ਸਿੰਘ, ਪ੍ਰੋ. ਜਸਵੀਰ ਸਿੰਘ ਸਿੱਧੂ, ਮੈਨੇਜਰ ਹਰਜਸ ਸਿੰਘ ਬਰਾੜ, ਪ੍ਰਿੰਸੀਪਲ ਜਸਦੀਪ ਕੌਰ ਮਾਨ, ਪੰਜਾਬੀ ਸੱਭਿਆਚਾਰ ਕਾਰਕੁੰਨ ਅੰਮ੍ਰਿਤ ਗਿੱਲ, ਸਕੂਲ ਪ੍ਰਬੰਧਕੀ ਕਮੇਟੀ ਮੈਂਬਰ ਅਤੇ ਪੰਤਵੰਤੇ ਸ਼ਾਮਿਲ ਹੋਏ। ਖੇਡਾਂ ਦਾ ਝੰਡਾ ਲਹਿਰਾਉਣ ਉਪਰੰਤ ਡਾ. ਧੀਮਾਨ ਵੱਲੋਂ ਮਾਰਚ ਪਾਸਟ ਤੋਂ ਸਲਾਮੀ ਲਈ ਗਈ। ਇਸ ਮੌਕੇ ਖਿਡਾਰੀਆਂ ਨੂੰ ਸੰਬੋਧਨ ਹੁੰਦਿਆਂ ਉਹਨਾਂ ਕਿਹਾ ਕਿ ਖੇਡਾਂ ਸਾਨੂੰ ਅਨੁਸ਼ਾਸ਼ਨ ਵਿੱਚ ਰਹਿਣਾ ਅਤੇ ਸਮੇਂ ਦਾ ਪਾਬੰਦ ਬਣਾਉਂਦੀਆਂ ਹਨ। ਉਹਨਾਂ ਕਿਹਾ ਕਿ ਤੰਦਰੁਸਤ ਸ਼ਰੀਰ ਵਿੱਚ ਹੀ ਤੰਦਰੁਸਤ ਦਿਮਾਗ ਦਾ ਵਾਸਾ ਹੁੰਦਾ ਹੈ, ਇਸ ਲਈ ਹਰ ਵਿਅਕਤੀ ਨੂੰ ਹਰ ਰੋਜ਼ ਘੱਟੋ-ਘੱਟ 40 ਮਿੰਟ ਖੇਡ ਮੈਦਾਨ ਵਿੱਚ ਕਸਰਤ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਖੇਡਾਂ ਸਾਡੇ ਹਿਰਦੇ ਨੂੰ ਵਿਸ਼ਾਲ ਬਣਾਉਂਦੀਆਂ ਹਨ, ਇਸ ਲਈ ਖਿਡਾਰੀ ਜਿੱਤ-ਹਾਰ ਨੂੰ ਖੁਸ਼ੀ-ਖੁਸ਼ੀ ਸਵੀਕਾਰ ਕਰਦੇ ਹਨ। ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਿਹਤ ਪੱਖੋਂ ਤੰਦਰੁਸਤ, ਮਾਨਸਿਕ ਤੌਰ ਤੇ ਚੇਤੰਨ ਅਤੇ ਆਤਮਿਕ ਤੌਰ ਕੇ ਜਾਗਰੂਕ ਰਹਿ ਕੇ ਆਪਣੇ ਜੀਵਨ ਟੀਚੇ ਹਾਸਿਲ ਕਰਨੇ ਚਾਹੀਦੇ ਹਨ। ਪ੍ਰਿੰਸੀਪਲ ਜਸਦੀਪ ਕੌਰ ਨੇ ਆਪਣੇ ਸੁਆਗਤੀ ਭਾਸ਼ਣ ਵਿੱਚ ਦੱਸਿਆ ਕਿ ਤਿੰਨ ਰੋਜ਼ਾ ਟੂਰਨਾਮੈਂਟ ਵਿੱਚ ਸੀ.ਬੀ.ਐੱਸ.ਈ. ਸਕੂਲਾਂ ਦੀਆਂ ਲਗਭਗ 25 ਟੀਮਾਂ ਨੇ ਹਿੱਸਾ ਲਿਆ। ਸਕੂਲ ਪ੍ਰਬੰਧਕਾਂ ਵੱਲੋਂ ਜੇਤੂ ਟੀਮਾਂ ਦੇ ਵਿਦਿਆਰਥੀਆਂ, ਕੋਚਾਂ ਅਤੇ ਸੰਬੰਧਤ ਸਟਾਫ ਨੂੰ ਟਰਾਫ਼ੀਆਂ, ਅਤੇ ਸਰਟੀਫ਼ਿਕੇਟ ਨਾਲ ਸਨਮਾਨਿਤ ਕੀਤਾ ਗਿਆ। ਉਹਨਾਂ ਦੱਸਿਆ ਕਿ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਨਵੇਂ ਅਤੇ ਆਧੁਨਿਕ ਬਾਸਕਟਬਾਲ ਖੇਡ ਮੈਦਾਨ ਤਿਆਰ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਵਿਦਿਆਰਥੀਆਂ ਵੱਲੋਂ ਹਰ-ਰੋਜ਼ ਖੇਡ ਮੈਦਾਨ ਵਿੱਚ ਅਭਿਆਸ ਕਾਰਨ ਨਾਲ ਵਿਦਿਆਰਥੀਆਂ ਵਿੱਚ ਟੀਮ ਭਾਵਨਾ ਪੈਦਾ ਹੁੰਦੀ ਹੈ ਤੇ ਉਹ ਨਸ਼ਿਆਂ ਤੋਂ ਦੂਰ ਰਹਿੰਦੇ ਹਨ। ਉਹਨਾਂ ਭਵਿੱਖ ਵਿੱਚ ਸਕੂਲ ਵੱਲੋਂ ਇਸ ਤਰ੍ਹਾਂ ਦੇ ਵੱਡੇ ਟੂਰਨਾਮੈਂਟ ਆਯੋਜਿਤ ਕਰਨ ਦੀ ਗੱਲ ਵੀ ਆਖੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

### ਲੋਕਾਂ ਦੀਆਂ ਸਮੱਸਿਆਵਾਂ ਦਾ ਤਰਜੀਹੀ ਆਧਾਰ 'ਤੇ ਨਿਪਟਾਰਾ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ: ਓ.ਐਸ.ਡੀ. ਸੁਖਵੀਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸੁਚੱਜਾ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਤਹਿਤ ਅੱਜ ਮੁੱਖ ਮੰਤਰੀ ਦੇ ਓ.ਐਸ.ਡੀ. ਸ੍ਰੀ ਸੁਖਵੀਰ ਸਿੰਘ ਨੇ ਮੁੱਖ ਮੰਤਰੀ ਸਹਾਇਤਾ ਕੇਂਦਰ, ਧੂਰੀ ਵਿਖੇ ਲੋਕਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਹਰ ਸ਼ਿਕਾਇਤ ਦਾ ਤਰਜੀਹੀ ਆਧਾਰ 'ਤੇ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਹੱਲ ਕਰਨਾ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸਰਕਾਰੀ ਸੇਵਾਵਾਂ ਅਤੇ ਯੋਜਨਾਵਾਂ ਦਾ ਲਾਭ ਮੁਹੱਈਆ ਕਰਵਾਉਣ ਲਈ ਨਿਰੰਤਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਲੋਕ ਮਿਲਣੀਆਂ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣ ਕੇ ਉਨ੍ਹਾਂ ਦਾ ਤੁਰੰਤ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਹਰੇਕ ਯੋਗ ਸ਼ਿਕਾਇਤ ਦਾ ਨਿਰਧਾਰਤ ਸਮੇਂ ਅੰਦਰ ਨਿਪਟਾਰਾ ਕੀਤਾ ਜਾਵੇਗਾ ਅਤੇ ਕਿਸੇ ਵੀ ਲੋੜਵੰਦ ਨੂੰ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ, ਗਗਨ ਜਵੰਧਾ, ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਡਾਇਰੈਕਟਰ ਅਨਿਲ ਮਿੱਤਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਮੈਂਬਰ ਨਰੇਸ਼ ਸਿੰਗਲਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ, ਸਤਿੰਦਰ ਸਿੰਘ ਛੱਠਾ, ਐਡਵੋਕੇਟ ਹੈਪੀ ਗਰਗ, ਬਲਾਕ ਪ੍ਰਧਾਨ ਸੁਖਪਾਲ ਸਿੰਘ ਪਾਲਾ ਅਤੇ ਹਲਕਾ ਵਾਈਸ ਕੋਆਰਡੀਨੇਟਰ ਹਰਪ੍ਰੀਤ ਸਿੰਘ ਗਿੱਲ ਵੀ ਹਾਜ਼ਰ ਸਨ।

# ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸੰਗਰੂਰ ਵੱਲੋਂ ਗੁਰਦੁਆਰਾ ਰੋਗ ਨਿਵਾਰਨ ਸਾਹਿਬ ਵਿਖੇ ਕੀਤੇ ਸਾਵਨ ਕੀਰਤਨ ਦਰਬਾਰ ਦੌਰਾਨ ਹੋਈ ਗੁਰਬਾਣੀ ਦੀ ਵਰਖਾ

ਸੰਗਰੂਰ 20 ਜੁਲਾਈ ( ਆਵਾਜ਼ਿ ਕੌਮ ਬਿਊਰੋ)- ਇਥੋਂ ਥੋੜੀ ਦੂਰ ਚੱਠੇ ਸੇਖਵਾਂ ਰੋਡ ਤੇ ਸਥਿਤ ਗੁਰਦੁਆਰਾ ਰੋਗ ਨਿਵਾਰਨ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸੰਗਰੂਰ ਵੱਲੋਂ ਸਾਵਨ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ ਦੀ ਰਾਤਰੀ ਦਾ ਕੀਰਤਨ ਦਰਬਾਰ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਚੇਅਰਮੈਨ ਭਾਈ ਸਤਵਿੰਦਰ ਸਿੰਘ, ਭਾਈ ਕਮਲਜੀਤ ਸਿੰਘ ਹੈੱਡ ਗ੍ਰੰਥੀ , ਭਾਈ ਪਿਆਰਾ ਸਿੰਘ ਪ੍ਰਚਾਰਕ ਅਤੇ ਸੁਸਾਇਟੀ ਦੇ ਸਰਪ੍ਰਸਤ ਨਰਿੰਦਰ ਪਾਲ ਸਿੰਘ ਸਾਹਨੀ, ਮੁੱਖ ਸੇਵਾਦਾਰ ਹਰਭਜਨ ਸਿੰਘ ਭੱਟੀ, ਗੁਰਪ੍ਰੀਤ ਸਿੰਘ ਬਿੱਲੂ ਦੀ ਦੇਖ ਰੇਖ ਹੇਠ ਹੋਏ ਇਸ ਸਮਾਗਮ ਦੀ ਆਰੰਭਤਾ ਬੀਬੀਆਂ ਵਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ। ਸੁਰਿੰਦਰ ਪਾਲ ਸਿੰਘ ਸਿਦਕੀ ਦੇ ਜਥੇ ਵੱਲੋਂ ਰਹਿਰਾਸ ਸਾਹਿਬ ਦਾ ਪਾਠ ਗਾਇਨ ਰੂਪ ਵਿੱਚ ਕੀਤਾ ਅਤੇ ਸੁਸਾਇਟੀ ਵੱਲੋਂ ਚੱਲ ਲੜੀ ਅਧੀਨ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਅਮਰੀਕ ਸਿੰਘ ਸ਼ਾਦੀਹਰੀ ਨੇ ਕਥਾ ਵਿਚਾਰ ਕਰਦਿਆਂ ਗੁਰਬਾਣੀ ਦੀ ਰੌਸ਼ਨੀ ਵਿੱਚ ਚੰਗੀ ਜੀਵਨ ਜਾਚ ਅਪਨਾਉਣ ਅਤੇ ਨਾਮ ਜਪਣ ਦੀ ਜੁਗਤ ਬਾਰੇ ਅਮੁੱਲ ਬਚਨਾਂ ਦੀ ਸਾਂਝ ਕੀਤੀ। ਇਸ ਮੌਕੇ ਤੇ ਹੋਏ ਸਾਵਨ ਕੀਰਤਨ ਦਰਬਾਰ ਵਿੱਚ ਗੁਰਕੰਵਲ ਸਿੰਘ, ਚਰਨਜੀਤ ਪਾਲ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਗੁਰਮੀਤ ਸਿੰਘ ਸਾਹਨੀ, ਅਰਵਿੰਦ ਸਿੰਘ ਅਤੇ ਗੁਰਿੰਦਰ ਸਿੰਘ ਗੁਜਰਾਲ ਦੇ ਜਥਿਆਂ ਨੇ ਰਸਭਿੰਨੇ ਕੀਰਤਨ ਦੁਆਰਾ ਗੁਰਬਾਣੀ ਦੀ ਵਰਖਾ ਰਾਹੀਂ ਸੰਗਤਾਂ ਨੂੰ ਸਰਸ਼ਾਰ ਕਰ ਦਿੱਤਾ ਇਸ ਸਮਾਗਮ ਵਿੱਚ ਭਾਈ ਗੰਗਾ ਸਿੰਘ ਛਾਜਲੀ, ਭਾਈ ਹਰਜੀਤ ਸਿੰਘ ਅੰਮ੍ਰਿਤਸਰ, ਭਾਈ ਨਾਵਲ ਸਿੰਘ, ਭਾਈ ਸਰਵਣ ਸਿੰਘ, ਨੀਰਜ ਕੁਮਾਰ ਆਦਿ ਨੇ ਵਿਸ਼ੇਸ਼ ਸੇਵਾਵਾਂ ਨਿਭਾਈਆਂ। ਇਸ ਮੌਕੇ ਤੇ ਸੁਸਾਇਟੀ ਸੇਵਕ ਜਸਵੀਰ ਸਿੰਘ ਖਾਲਸਾ, ਅਮਰਿੰਦਰ ਸਿੰਘ ਮੌਖਾ, , ਗੁਰਸਿਮਰਨ ਸਿੰਘ ਗੁਜਰਾਲ ਦੇ ਨਾਲ ਪ੍ਰੀਮ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਗੁਰੂ ਨਾਨਕ ਪੁਰਾ, ਭਾਈ ਘਨ੍ਹਈਆ ਜੀ ਸੇਵਾ ਦੱਲ ਦੇ ਮੁੱਖ ਸੇਵਾਦਾਰ ਗੁਰਮੀਤ ਸਿੰਘ ਨਾਗੀ, ਸੁਖਵਿੰਦਰ ਸਿੰਘ ਸੋਨੀ, ਗੁਰੂ ਗੋਬਿੰਦ ਸਿੰਘ ਸਟੱਡੀ ਸੰਗਰੂਰ ਦੇ ਪ੍ਰਧਾਨ ਬਲਵੰਤ ਸਿੰਘ ਭਿੱਖੀ ਸਮੇਤ ਇਸਤਰੀ ਸਤਿਸੰਗ ਸਭਾ ਗੁਰਦੁਆਰਾ ਨਾਨਕ ਪੁਰਾ ਤੋਂ ਬੀਬੀ ਸਵਰਨ ਕੌਰ, ਪ੍ਰਿਪਾਲ ਕੌਰ ਸਾਹਨੀ, ਰੇਖਾ ਰਾਣੀ, ਕਿਰਨ ਦੂਆ , ਗੁਰਦੁਆਰਾ ਸਾਹਿਬ ਹਰਿਗੋਬਿੰਦ ਪੁਰਾ ਦੀ ਇਸਤਰੀ ਸਤਿਸੰਗ ਸਭਾ ਦੀ ਮੁੱਖ ਸੇਵਾਦਾਰ ਬੀਬੀ ਬਲਵੰਤ ਕੌਰ ਦੀ ਅਗਵਾਈ ਵਿੱਚ ਪਰਮਜੀਤ ਕੌਰ ਟੁਰਨਾ, ਸਤਿੰਦਰ ਕੌਰ, ਅੰਮ੍ਰਿਤ ਕੌਰ, ਵਰਿੰਦਰ ਕੌਰ, ਸ਼ਕੁੰਤਲਾ ਰਾਣੀ , ਗੁਰਦੁਆਰਾ ਸਾਹਿਬ ਮਹਿਲ ਮੁਬਾਰਕ ਵੱਲੋਂ ਬੀਬੀ ਸ਼ਿਵੰਦਰ ਕੌਰ , ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਇਸਤਰੀ ਕੌਂਸਲ ਵੱਲੋਂ ਹਰਵਿੰਦਰ ਕੌਰ ਅਤੇ ਅਮਨਦੀਪ ਕੌਰ ਸਮੇਤ ਇਲਾਕੇ ਦੀ ਸੰਗਤ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ । ਭਾਈ ਸਤਵਿੰਦਰ ਸਿੰਘ, ਭਾਈ ਕਮਲਜੀਤ ਸਿੰਘ ਅਤੇ ਭਾਈ ਪਿਆਰਾ ਸਿੰਘ ਨੂੰ ਸੁਸਾਇਟੀ ਵੱਲੋਂ ਹਰਭਜਨ ਸਿੰਘ ਭੱਟੀ, ਨਰਿੰਦਰ ਪਾਲ ਸਿੰਘ, ਗੁਰਿੰਦਰ ਸਿੰਘ ਗੁਜਰਾਲ, ਸੁਰਿੰਦਰ ਪਾਲ ਸਿੰਘ ਸਿਦਕੀ ਅਤੇ ਮੈਂਬਰਾਂ ਨੇ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਦੋਂ ਗੁਰਦੁਆਰਾ ਸਾਹਿਬ ਵੱਲੋਂ ਵੀ ਸੁਸਾਇਟੀ ਸੇਵਕਾਂ ਦਾ ਸਨਮਾਨ ਕੀਤਾ ਗਿਆ। ਭਾਈ ਸਤਵਿੰਦਰ ਸਿੰਘ ਨੇ ਸੁਸਾਇਟੀ ਵੱਲੋਂ ਘਰ ਘਰ ਅੰਦਰ ਪਾਠ ਅਤੇ ਕੀਰਤਨ ਦੀਆਂ ਕੀਤੀਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਅਤੇ ਗੁਰਦੁਆਰਾ ਸਾਹਿਬ ਰੋਗ ਨਿਵਾਰਨ ਵਿਖੇ 1ਅਗਸਤ ਤੋਂ 4 ਅਗਸਤ ਤੱਕ ਹੋ ਰਹੇ ਸਾਲਾਨਾ ਸਮਾਗਮਾਂ ਵਿੱਚ ਸੁਸਾਇਟੀ ਨੂੰ ਹਾਜ਼ਰੀ ਭਰਨ ਲਈ ਸੱਦਾ ਦਿੱਤਾ। ਚਰਨਜੀਤ ਪਾਲ ਸਿੰਘ ਸਕੱਤਰ ਜਨਰਲ ਨੇ ਸੁਸਾਇਟੀ ਦੇ ਅਗਲੇਰੇ ਪ੍ਰੋਗ੍ਰਾਮਾਂ ਦੀ ਜਾਣਕਾਰੀ ਦਿੱਤੀ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਸੁਸਾਇਟੀ ਵੱਲੋਂ ਕੀਤਾ ਗਿਆ ਇਹ ਰਾਤਰੀ ਕੀਰਤਨ ਦਰਬਾਰ ਸੰਗਤਾਂ ਅੰਦਰ ਅਮਿਟ ਛਾਪ ਛੱਡ ਗਿਆ। ਗੁਰੂ ਕੇ ਅਤੁੱਟ ਵਰਤਾਏ ਗਏ। ਭਾਈ ਸਤਵਿੰਦਰ ਸਿੰਘ ਨੇ ਸੁਸਾਇਟੀ ਵੱਲੋਂ ਘਰ ਘਰ ਅੰਦਰ ਪਾਠ ਅਤੇ ਕੀਰਤਨ ਦੀਆਂ ਕੀਤੀਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਅਤੇ ਗੁਰਦੁਆਰਾ ਸਾਹਿਬ ਰੋਗ ਨਿਵਾਰਨ ਵਿਖੇ 1ਅਗਸਤ ਤੋਂ 4 ਅਗਸਤ ਤੱਕ ਹੋ ਰਹੇ ਸਾਲਾਨਾ ਸਮਾਗਮਾਂ ਵਿੱਚ ਸੁਸਾਇਟੀ ਨੂੰ ਹਾਜ਼ਰੀ ਭਰਨ ਲਈ ਸੱਦਾ ਦਿੱਤਾ। ਚਰਨਜੀਤ ਪਾਲ ਸਿੰਘ ਸਕੱਤਰ ਜਨਰਲ ਨੇ ਸੁਸਾਇਟੀ ਦੇ ਅਗਲੇਰੇ ਪ੍ਰੋਗ੍ਰਾਮਾਂ ਦੀ ਜਾਣਕਾਰੀ ਦਿੱਤੀ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

### ਹਲਕਾ ਵਿਧਾਇਕ ਨਰਿੰਦਰ ਕੌਰ ਨੇ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ

# ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ, ਕਈ ਮਸਲਿਆਂ ਦਾ ਮੌਕੇ 'ਤੇ ਹੀ ਕੀਤਾ ਨਿਪਟਾਰਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਚਲਾਏ ਜਾ ਰਹੇ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਨੇ ਮਹਿਲ ਮੁਬਾਰਕ (ਸੰਗਰੂਰ), ਸੰਤ ਸੰਗਰੂਰ, ਵਾਰਡ ਨੰਬਰ-18, ਫਤਿਹਗੜ੍ਹ ਭਾਦਸੋਂ ਅਤੇ ਪਿੰਡ ਦਿੱਤੂਪੁਰ ਵਿਖੇ ਕਰਵਾਏ ਗਏ ਸਮਾਗਮਾਂ ਵਿੱਚ ਸ਼ਿਰਕਤ ਕਰਕੇ ਲੋਕਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਨੇ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ। ਉਨ੍ਹਾਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਕਈ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਵਾਇਆ, ਜਦਕਿ ਬਾਕੀ ਮਾਮਲਿਆਂ ਦੇ ਜਲਦੀ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮ ਦਾ ਮੁੱਖ ਮਕਸਦ ਸਰਕਾਰ ਅਤੇ ਆਮ ਲੋਕਾਂ ਵਿਚਕਾਰ ਸਿੱਧਾ ਸੰਵਾਦ ਕਾਇਮ ਕਰਨਾ ਅਤੇ ਲੋਕਾਂ ਨੂੰ ਦਫ਼ਤਰਾਂ ਦੇ ਚੱਕਰ ਕੱਟਣ ਤੋਂ ਰਾਹਤ ਦੇਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਰੋਜ਼ਗਾਰ, ਬੁਨਿਆਦੀ ਢਾਂਚੇ, ਕਿਸਾਨ ਭਲਾਈ ਅਤੇ ਆਮ ਲੋਕਾਂ ਦੀ ਸਹੂਲਤ ਲਈ ਕਈ ਇਤਿਹਾਸਕ ਫ਼ੈਸਲੇ ਲਏ ਹਨ, ਜਿਨ੍ਹਾਂ ਦਾ ਲਾਭ ਸੂਬੇ ਦੇ ਹਰ ਵਰਗ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਇਲਾਕੇ ਦੇ ਵਿਕਾਸ ਲਈ ਆਪਣੇ ਸੁਝਾਅ ਵੀ ਸਾਂਝੇ ਕਰਨ। ਸਮਾਗਮਾਂ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਸ਼ਮੂਲੀਅਤ ਕਰਦਿਆਂ ਆਪਣੀਆਂ ਮੰਗਾਂ ਅਤੇ ਸਮੱਸਿਆਵਾਂ ਵਿਧਾਇਕ ਸਾਹਮਣੇ ਰੱਖੀਆਂ। ਲੋਕਾਂ ਨੇ ਉਨ੍ਹਾਂ ਦੀ ਗੱਲ ਧਿਆਨ ਨਾਲ ਸੁਣਨ ਅਤੇ ਮਸਲਿਆਂ ਦੇ ਤੁਰੰਤ ਨਿਪਟਾਰੇ ਲਈ ਵਿਧਾਇਕ ਦਾ ਧੰਨਵਾਦ ਕੀਤਾ। ਇਸ ਮੌਕੇ ਅਮਨ ਸੇਖੋਂ, ਜਗਜੀਤ ਜੁਗਨੂੰ, ਬਿੱਕਰ ਸਿੰਘ, ਵਿੱਕੀ ਐਮ ਸੀ, ਅਮਨ ਗਰਗ, ਲਖਵਿੰਦਰ ਸਿੰਘ, ਚਮਕੌਰ ਸਿੰਘ, ਤੇਜਵਿੰਦਰ ਸਿੰਘ, ਹਰਬੰਸ ਐਮ ਸੀ, ਕਾਕਾ ਐਮ ਸੀ, ਖੁਸ਼ਿਵੰਦਰ ਕੋਚ, ਪੂਰਨ ਚੰਦ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

### ਮੀਰੀ ਪੀਰੀ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਦੇ ਡਾਕਟਰਾਂ ਅਤੇ ਮੁਲਾਜ਼ਮਾਂ ਨੇ

# ਜਥੇਦਾਰ ਦਾਦੂਵਾਲ ਕੋਲ ਪੁੱਜ ਕੇ ਦੱਸੀ ਸੱਚਾਈ



**ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਦੇ ਡਾਕਟਰਾਂ ਤੇ ਮੁਲਾਜ਼ਮਾਂ ਦਾ ਇੱਕ ਵਫ਼ਦ ਕੱਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਕੋਲ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਵਿਖੇ ਪੁੱਜਾ ਅਤੇ ਮੀਰੀ ਪੀਰੀ ਮੈਡੀਕਲ ਹਸਪਤਾਲ ਦੀ ਸਾਰੀ ਸੱਚਾਈ ਤੋਂ ਜਥੇਦਾਰ ਦਾਦੂਵਾਲ ਨੂੰ ਜਾਣੂ ਕਰਵਾਇਆ ਵਫ਼ਦ ਵਿੱਚ ਸੀਨੀਅਰ ਸਰਜਨ ਡਾਕਟਰ ਵਿਪਨ ਭਾਟੀਆ, ਡਾਕਟਰ ਅਰਵਿੰਦ ਟਿੱਕੂ, ਡਾਕਟਰ ਜੀਬੀ ਸਿੰਘ, ਸਰਬਜੋਤ ਸਿੰਘ ਦੁਗਲ ਹੜਤਾਲ ਤੇ ਬੈਠੇ ਮੁਲਾਜ਼ਮਾ ਚੋਂ ਪ੍ਰਿਤਪਾਲ ਸਿੰਘ, ਤਰਸੇਮ ਸਿੰਘ, ਰਾਜਾ ਸਿੰਘ, ਸੁਸ਼ੀਲ ਕੁਮਾਰ, ਰਣਜੀਤ ਸਿੰਘ ਰਾਣਾ, ਸਨਜੀਤ ਸਿੰਘ ਸ਼ਾਮਿਲ ਸਨ। ਵਫ਼ਦ ਨੇ ਜਥੇਦਾਰ ਦਾਦੂਵਾਲ ਨੂੰ ਦੱਸਿਆ ਕੇ ਜੋ ਮੀਰੀ ਪੀਰੀ ਟਰੱਸਟ ਦੇ ਅਹੁਦੇਦਾਰ ਅਤੇ ਸੀਈਓ ਵੱਲੋਂ ਇਹ ਗੁੰਮਰਾਹਕੁੰਨ ਪ੍ਰਚਾਰ ਕੀਤਾ ਜਾ ਰਿਹਾ ਹੈ ਕੇ ਸੰਸਥਾ ਘਾਟੇ ਵਿੱਚ ਚਲਦੀ ਹੈ ਬਿਲਕੁਲ ਝੂਠ ਹੈ। ਉਨਾਂ ਨੇ ਦੱਸਿਆ ਕਿ ਮੀਰੀ ਪੀਰੀ ਟਰੱਸਟ ਦੇ ਮੈਂਬਰ ਅਤੇ ਹਰਿਆਣਾ ਕਮੇਟੀ ਦੇ ਕੁੱਝ ਅਹੁਦੇਦਾਰ ਮੈਂਬਰ ਆਪਸ ਵਿੱਚ ਸਾਜਬਾਜ ਹਨ ਜਿਸ ਕਰਕੇ ਇਸ ਤਰ੍ਹਾਂ ਦਾ ਗੁੰਮਰਾਹਕੁੰਨ ਪ੍ਰਚਾਰ ਕੀਤਾ ਜਾ ਰਿਹਾ ਹੈ। ਵਫ਼ਦ ਨੇ ਇਹ ਵੀ ਦੱਸਿਆ ਕਿ ਜੋ ਸੰਸਥਾ ਦੇ ਸੀਈਓ ਡਾਕਟਰ ਸੰਦੀਪ ਇੰਦਰ ਸਿੰਘ ਚੀਮਾ ਵੱਲੋਂ ਕਿਹਾ ਜਾ ਰਿਹਾ ਕੇ ਡਾਕਟਰ ਸਾਹਿਬਾਨ ਸੰਸਥਾ ਨੂੰ ਛੱਡ ਕੇ ਚਲੇ ਜਾਣਗੇ ਬਿਲਕੁਲ ਕੋਰਾ ਝੂਠ ਹੈ। ਵਫਦ ਨੇ ਜਥੇਦਾਰ ਦਾਦੂਵਾਲ ਨੂੰ ਕਿਹਾ ਕਿ ਤੁਸੀਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਸਥਾ ਦਾ ਪ੍ਰਬੰਧ ਤੁਰੰਤ ਸੰਭਾਲੋ ਅਸੀਂ ਸਾਰੇ ਡਾਕਟਰ ਅਤੇ ਸਟਾਫ ਦੁਗਨੀ ਮਿਹਨਤ ਕਰਾਂਗੇ ਅਤੇ ਸੰਸਥਾ ਨੂੰ ਚਲਾਉਣ ਵਾਸਤੇ ਤੁਹਾਡਾ ਹਰ ਤਰਾਂ ਦਾ ਸਾਥ ਦਿੱਤਾ ਜਾਏਗਾ। ਡਾਕਟਰ ਸਾਹਿਬਾਨਾਂ ਅਤੇ ਮੁਲਾਜ਼ਮਾਂ ਦੇ ਵਫ਼ਦ ਨੇ ਜਥੇਦਾਰ ਦਾਦੂਵਾਲ ਦਾ ਇਸ ਕਰਕੇ ਵੀ ਵਿਸ਼ੇਸ਼ ਧੰਨਵਾਦ ਕੀਤਾ ਕਿ ਉਨਾਂ ਨੇ ਕਾਨੂੰਨੀ ਲੜਾਈ ਲੜਕੇ ਸੰਸਥਾ ਨੂੰ ਹਰਿਆਣੇ ਦੀ ਝੋਲੀ ਵਿੱਚ ਪਾਇਆ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਬਾਦਲ ਦਲੀਆਂ ਟਰੱਸਟ ਦੇ ਮੈਂਬਰਾਂ ਚੀਮਾਂ ਝੀਂਡਾ ਵਲੋਂ ਕੀਤੀ ਜਾ ਰਹੀ ਡਰਾਮੇਬਾਜ਼ੀ ਬਾਰੇ ਸਾਨੂੰ ਕਿਸੇ ਤਰਾਂ ਦਾ ਕੋਈ ਭੁਲੇਖਾ ਨਹੀਂ ਹੈ ਕੇ ਸੰਸਥਾ ਕਿਸੇ ਤਰਾਂ ਦੇ ਘਾਟੇ ਵਿੱਚ ਹੈ। ਉਨਾਂ ਕਿਹਾ ਕਿ ਜੋ ਬਾਦਲ ਦਲ ਦੇ ਟਰੱਸਟੀ ਮੈਂਬਰਾਂ ਅਤੇ ਸੀਈਓ ਚੀਮਾਂ ਝੀਂਡਾ ਵੱਲੋਂ ਸਾਜਬਾਜ ਕਰਕੇ ਇਸ ਸੰਸਥਾ ਨੂੰ ਮੁੜ ਬਾਦਲ ਦਲ ਦੀ ਝੋਲੀ ਵਿੱਚ ਪਾਉਣ ਦੇ ਯਤਨ ਕੀਤੇ ਜਾ ਰਹੇ ਹਨ ਇਹ ਕਿਸੇ ਤਰਾਂ ਵੀ ਕਾਮਯਾਬ ਨਹੀਂ ਹੋਣ ਦਿੱਤੇ ਜਾਣਗੇ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਜਗਦੀਸ਼ ਸਿੰਘ ਝੀਂਡਾ ਵੀ ਬਾਦਲ ਦਲ ਦਾ ਹੱਥ ਠੋਕਾ ਬਣ ਕੇ ਉਨਾਂ ਦੀ ਬੋਲੀ ਬੋਲ ਰਿਹਾ ਹੈ ਪਹਿਲਾਂ ਤਾਂ ਇਕ ਹਜ਼ਾਰ ਕਰੋੜ ਰੁਪਏ ਦੀ ਯੂਨੀਵਰਸਟੀ ਖੋਲਣ ਦੀਆਂ ਡੀਂਗਾਂ ਮਾਰਦਾ ਸੀ ਤੇ ਅੱਜ ਇੱਕ ਛੋਟਾ ਜਿਹਾ ਕਾਲਜ ਅਤੇ ਹਸਪਤਾਲ ਚਲਾਉਣ ਤੋਂ ਹੱਥ ਖੜੇ ਕਰੀ ਬੈਠਾ ਹੈ ਜਿਸ ਤੋਂ ਸਾਬਤ ਹੁੰਦਾ ਹੈ ਕਿ ਝੀਂਡਾ ਵਿੱਚ ਕਿਸੇ ਤਰਾਂ ਦੀ ਕੋਈ ਕਾਬਲੀਅਤ ਨਹੀਂ ਹੈ ਸਗੋਂ ਨਿਕੰਮਾ ਸਾਬਤ ਹੋ ਰਿਹਾ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਬਹੁਤ ਜਲਦੀ ਮੀਰੀ ਪੀਰੀ ਸੰਸਥਾ ਦਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਸੰਭਾਲੇਗੀ ਅਤੇ ਡਾਕਟਰ ਸਾਹਿਬਾਨਾਂ ਮੁਲਾਜ਼ਮਾਂ ਨੂੰ ਬਣਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣਗੀਆਂ ਅਤੇ ਇਲਾਕੇ ਦੇ ਮਰੀਜ਼ਾਂ ਨੂੰ ਕਿਸੇ ਤਰਾਂ ਦੀ ਕੋਈ ਤਕਲੀਫ ਨਹੀਂ ਆਉਣ ਦਿੱਤੀ ਜਾਵੇਗੀ। ਇਸ ਸਮੇਂ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ, ਦੀਦਾਰ ਸਿੰਘ ਨਲਵੀ ਮੈਂਬਰ, ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ, ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ, ਐਡਵੋਕੇਟ ਗੁਰਤੇਜ ਸਿੰਘ ਅੰਬਾਲਾ ਮੈਂਬਰ, ਰਜਿੰਦਰ ਸਿੰਘ ਬਰਾੜਾ ਮੈਂਬਰ, ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤਿਨਿਧ ਬੀਬੀ ਕਪੂਰ ਕੌਰ ਸੌਂਕੜਾ, ਭੁਪਿੰਦਰ ਸਿੰਘ ਸੈਣੀ ਮੈਂਬਰ ਪ੍ਰਤੀਨਿਧ ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ, ਐਡਵੋਕੇਟ ਰਸਪਿੰਦਰ ਸਿੰਘ ਸੋਹੀ, ਐਡਵੋਕੇਟ ਅਦਿਤਿਆ ਬਾਦਵਾਰ ਅਤੇ ਬੇਅੰਤ ਸਿੰਘ ਨਲਵੀ ਸਾਬਕਾ ਮੈਂਬਰ ਵੀ ਹਾਜਰ ਸਨ।

# ਐਚਐਮਈਐਲ ਵੱਲੋਂ ਮੁਫ਼ਤ ਸਿਹਤ ਅਤੇ ਅੱਖਾਂ ਦੀ ਜਾਂਚ ਕੈਂਪ ਆਯੋਜਿਤ





**ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਪੈਟਰੋਲਿਅਮ ਪਦਾਰਥਾਂ ਦੇ ਸੁਰੱਖਿਅਤ ਸੰਚਾਲਨ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਟੈਂਕਰ ਟਰੱਕ (ਟੀਟੀ) ਚਾਲਕ ਦਲ ਦੀ ਸਿਹਤ, ਸੁਰੱਖਿਆ ਅਤੇ ਸਮੁੱਚੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੇ ਹੋਏ ਐਚਐਮਈਐਲ ਨੇ ਸਿਵਲ ਹਸਪਤਾਲ ਬਠਿੰਡਾ ਅਤੇ ਇਕਜੋਤ ਆਈ ਹਸਪਤਾਲ, ਰਾਮਾ ਦੇ ਸਹਿਯੋਗ ਨਾਲ ਮੁਫ਼ਤ ਸਿਹਤ ਜਾਂਚ ਅਤੇ ਅੱਖਾਂ ਦੀ ਜਾਂਚ ਕੈਂਪਾਂ ਦਾ ਆਯੋਜਨ ਕੀਤਾ। ਇਨ੍ਹਾਂ ਸਿਹਤ ਕੈਂਪਾਂ ਦਾ ਉਦੇਸ਼ ਟੈਂਕਰ ਟਰੱਕ ਚਾਲਕ ਦਲ ਅਤੇ ਸਹਾਇਕ ਕਰਮਚਾਰੀਆਂ ਵਿੱਚ ਰੋਕਥਾਮ ਅਧਾਰਿਤ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰਨਾ, ਬਿਮਾਰੀਆਂ ਦੀ ਸਮੇਂ ਸਿਰ ਪਛਾਣ ਨੂੰ ਯਕੀਨੀ ਬਣਾਉਣਾ ਅਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਕੈਂਪਾਂ ਦੌਰਾਨ ਤਜਰਬੇਕਾਰ ਡਾਕਟਰਾਂ ਵੱਲੋਂ ਆਮ ਸਿਹਤ ਜਾਂਚ, ਡਾਕਟਰੀ ਸਲਾਹ, ਲੋੜੀਂਦੀਆਂ ਸਿਹਤ ਜਾਂਚਾਂ ਅਤੇ ਆਯੁਸ਼ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਇਸ ਪਹਿਲ ਰਾਹੀਂ ਐਚਐਮਈਐਲ ਅਤੇ ਐਚਪੀਸੀਐਲ ਨਾਲ ਜੁੜੇ ਕਰਮਚਾਰੀਆਂ, ਟੈਂਕਰ ਟਰੱਕ ਚਾਲਕਾਂ ਅਤੇ ਸਹਿਯੋਗੀ ਕਰਮਚਾਰੀਆਂ ਨੇ ਲਾਭ ਪ੍ਰਾਪਤ ਕੀਤਾ। ਪ੍ਰੋਗਰਾਮ ਦੇ ਤਹਿਤ ਪੈਟਕੈਮ ਗੇਟ ਅਤੇ ਕੈਨਾਲ ਗੇਟ 'ਤੇ ਵਿਸ਼ੇਸ਼ ਅੱਖਾਂ ਦੀ ਜਾਂਚ ਕੈਂਪ ਵੀ ਲਗਾਏ ਗਏ। ਐਚਪੀਸੀਐਲ ਦੇ ਸਥਾਪਨਾ ਦਿਵਸ ਦੇ ਮੌਕੇ 'ਤੇ ਅੱਖਾਂ ਦੀ ਜਾਂਚ ਦੌਰਾਨ ਪਛਾਣੇ ਗਏ ਲਾਭਪਾਤਰੀਆਂ ਨੂੰ ਮੁਫ਼ਤ ਐਨਕਾਂ ਅਤੇ ਲੋੜੀਂਦੀਆਂ ਦਵਾਈਆਂ ਵੰਡੀਆਂ ਗਈਆਂ, ਤਾਂ ਜੋ ਉਨ੍ਹਾਂ ਨੂੰ ਬਿਹਤਰ ਨਜ਼ਰ, ਸੁਰੱਖਿਅਤ ਡਰਾਈਵਿੰਗ ਅਤੇ ਚੰਗੀ ਸਿਹਤ ਬਣਾਈ ਰੱਖਣ ਵਿੱਚ ਸਹਾਇਤਾ ਮਿਲ ਸਕੇ। ਸਿਹਤ ਸੇਵਾਵਾਂ ਦੇ ਨਾਲ-ਨਾਲ ਸਫ਼ਾਈ ਅਤੇ ਨਿੱਜੀ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ, ਸਵੱਛਤਾ ਪਖਵਾੜੇ ਦੇ ਤਹਿਤ ਅਤੇ ਸਵੱਛ ਭਾਰਤ ਮਿਸ਼ਨ ਦੀ ਭਾਵਨਾ ਅਨੁਸਾਰ ਸਾਰੇ ਟੈਂਕਰ ਟਰੱਕ ਚਾਲਕ ਦਲ ਅਤੇ ਉਨ੍ਹਾਂ ਦੇ ਸਹਾਇਕਾਂ ਨੂੰ ਹਾਈਜੀਨ ਕਿੱਟਾਂ ਵੰਡੀਆਂ ਗਈਆਂ। ਇਸ ਮੁਹਿੰਮ ਦਾ ਮਕਸਦ ਨਿੱਜੀ ਸਫ਼ਾਈ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨਾ, ਭਾਈਚਾਰਕ ਭਾਗੀਦਾਰੀ ਨੂੰ ਵਧਾਵਾ ਦੇਣਾ ਅਤੇ ਕਾਰਜਸਥਲਾਂ 'ਤੇ ਸਫ਼ਾਈ ਅਤੇ ਸੁਰੱਖਿਆ ਨੂੰ ਸਾਂਝੀ ਜ਼ਿੰਮੇਵਾਰੀ ਵਜੋਂ ਸਥਾਪਿਤ ਕਰਨਾ ਸੀ। ਇਸ ਸਮੁੱਚੇ ਸਿਹਤ ਅਤੇ ਸਫ਼ਾਈ ਅਭਿਆਨ ਤਹਿਤ ਲਾਭਪਾਤਰੀਆਂ ਨੂੰ ਸਿਹਤ ਸਲਾਹ, ਰੋਕਥਾਮ ਅਧਾਰਿਤ ਸਿਹਤ ਜਾਂਚਾਂ, ਅੱਖਾਂ ਦੀ ਜਾਂਚ, ਮੁਫ਼ਤ ਐਨਕਾਂ ਅਤੇ ਦਵਾਈਆਂ ਦੇ ਨਾਲ-ਨਾਲ ਹਾਈਜੀਨ ਕਿੱਟਾਂ ਵੀ ਪ੍ਰਦਾਨ ਕੀਤੀਆਂ ਗਈਆਂ। ਇਸ ਪਹਿਲ ਨੇ ਨਾ ਸਿਰਫ਼ ਟੈਂਕਰ ਟਰੱਕ ਚਾਲਕ ਦਲ ਅਤੇ ਕਰਮਚਾਰੀਆਂ ਦੀ ਸਿਹਤ ਸੁਰੱਖਿਆ ਨੂੰ ਹੋਰ ਮਜ਼ਬੂਤ ਕੀਤਾ, ਸਗੋਂ ਇੱਕ ਸੁਰੱਖਿਅਤ, ਸਾਫ਼-ਸੁਥਰੇ ਅਤੇ ਸਿਹਤਮੰਦ ਕਾਰਜ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ।

## ਧੂਰੀ ਹਲਕੇ ਦੇ ਹਰੇਕ ਪਿੰਡ ਵਿੱਚ ਦਿਖਾਈ ਜਾਵੇਗੀ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ : ਚੇਅਰਮੈਨ ਰਾਜਵੰਤ ਸਿੰਘ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਧੂਰੀ ਹਲਕੇ ਦੇ 30 ਪਿੰਡਾਂ ਵਿੱਚ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਅਤੇ ਮਹਾਨ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਦਿਖਾਈ ਜਾ ਚੁੱਕੀ ਹੈ। ਡਾਕੂਮੈਂਟਰੀ ਰਾਹੀਂ ਪਿੰਡ ਵਾਸੀਆਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੇ ਸਮਾਨਤਾ, ਭਾਈਚਾਰੇ, ਮਾਨਵਤਾ, ਸਮਾਜਿਕ ਨਿਆਂ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨਾਲ ਜੋੜਿਆ ਗਿਆ। ਇਸ ਮੌਕੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਸ਼੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਪ੍ਰਦਾਨ ਕਰਦੀਆਂ ਹਨ ਅਤੇ ਆਪ ਜੀ ਵੱਲੋਂ ਦਿੱਤਾ ਗਿਆ ਬਰਾਬਰੀ, ਮਿਹਨਤ, ਸੱਚ, ਇਨਸਾਨੀਅਤ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਹਰੇਕ ਵਰਗ ਲਈ ਪ੍ਰੇਰਣਾਦਾਇਕ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਵਿਲੱਖਣ ਉਪਰਾਲੇ ਦਾ ਉਦੇਸ਼ ਨੌਜਵਾਨ ਪੀੜ੍ਹੀ ਨੂੰ ਮਹਾਨ ਸੰਤਾਂ ਅਤੇ ਗੁਰੂਆਂ ਦੀਆਂ ਸਿੱਖਿਆਵਾਂ ਨਾਲ ਜੋੜਨਾ ਅਤੇ ਸਮਾਜ ਵਿੱਚ ਸਮਾਨਤਾ, ਸਦਭਾਵਨਾ ਅਤੇ ਸਮਾਜਿਕ ਨਿਆਂ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਜ਼ਾਰਾਂ ਪਿੰਡਾਂ ਵਿੱਚ ਮੋਬਾਈਲ ਵੈਨਾਂ ਰਾਹੀਂ ਇਹ ਡਾਕੂਮੈਂਟਰੀ ਦਿਖਾਈ ਜਾ ਰਹੀ ਹੈ ਤਾਂ ਜੋ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਉਪਦੇਸ਼ਾਂ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਧੂਰੀ ਹਲਕੇ ਦੇ ਹਰੇਕ ਪਿੰਡ ਵਿੱਚ ਡਾਕੂਮੈਂਟਰੀ ਦਿਖਾਈ ਜਾਵੇਗੀ। ਡਾਕੂਮੈਂਟਰੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਇਸ ਨੂੰ ਨੌਜਵਾਨ ਪੀੜ੍ਹੀ ਲਈ ਬਹੁਤ ਹੀ ਲਾਹੇਵੰਦ ਕਰਾਰ ਦਿੱਤਾ। ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਪਤਵੰਤੇ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ

# ਪੰਜਾਬ ਸਰਕਾਰ ਲੋੜਵੰਦਾਂ ਦੀ ਭਲਾਈ ਲਈ ਵਚਨਬੱਧ: ਓ.ਐਸ.ਡੀ. ਸੁਖਵੀਰ ਸਿੰਘ



## ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ 13 ਲਾਭਪਾਤਰੀਆਂ ਨੂੰ ਮੁੱਖ ਮੰਤਰੀ ਰਾਹਤ ਕੋਸ਼ ਵਿੱਚੋਂ 5.10 ਲੱਖ ਰੁਪਏ ਦੀ ਮਾਲੀ ਸਹਾਇਤਾ ਦੇ ਚੈੱਕ ਭੇਟ

**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਸਮਰਪਿਤ ਨੀਤੀਆਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਅੱਜ ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ 13 ਲੋੜਵੰਦ ਲਾਭਪਾਤਰੀਆਂ ਨੂੰ ਮੁੱਖ ਮੰਤਰੀ ਰਾਹਤ ਕੋਸ਼ ਵਿੱਚੋਂ ਕੁੱਲ 5.10 ਲੱਖ ਰੁਪਏ ਦੀ ਮਾਲੀ ਸਹਾਇਤਾ ਦੇ ਚੈੱਕ ਭੇਟ ਕੀਤੇ ਗਏ। ਇਹ ਰਾਸ਼ੀ ਲਾਭਪਾਤਰੀਆਂ ਨੂੰ ਪੱਕੇ ਮਕਾਨਾਂ ਦੀ ਉਸਾਰੀ ਲਈ ਪ੍ਰਦਾਨ ਕੀਤੀ ਗਈ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਮੁੱਖ ਉਦੇਸ਼ ਸਮਾਜ ਦੇ ਹਰ ਲੋੜਵੰਦ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਨੂੰ ਸਮੇਂ ਸਿਰ ਸਹਾਇਤਾ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਕੋਈ ਵੀ ਯੋਗ ਵਿਅਕਤੀ ਸਰਕਾਰੀ ਭਲਾਈ ਸਕੀਮਾਂ ਦੇ ਲਾਭ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਰਾਹਤ ਕੋਸ਼ ਲੋੜਵੰਦ ਪਰਿਵਾਰਾਂ ਲਈ ਆਸ ਦੀ ਕਿਰਨ ਬਣ ਕੇ ਉਭਰਿਆ ਹੈ। ਇਸ ਕੋਸ਼ ਰਾਹੀਂ ਮੁਹੱਈਆ ਕਰਵਾਈ ਜਾ ਰਹੀ ਵਿੱਤੀ ਸਹਾਇਤਾ ਨਾਲ ਲੋੜਵੰਦ ਪਰਿਵਾਰਾਂ ਨੂੰ ਆਪਣੇ ਪੱਕੇ ਮਕਾਨ ਬਣਾਉਣ ਵਿੱਚ ਵੱਡੀ ਰਾਹਤ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਦ੍ਰਿੜ੍ਹਤਾ ਨਾਲ ਕੰਮ ਕਰ ਰਹੀ ਹੈ ਅਤੇ ਲੋਕ-ਭਲਾਈ ਦੀਆਂ ਯੋਜਨਾਵਾਂ ਦਾ ਲਾਭ ਪੂਰੀ ਪਾਰਦਰਸ਼ਤਾ ਨਾਲ ਘਰ-ਘਰ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਮੌਕੇ ਪਿੰਡ ਬਾਗੜੀਆਂ, ਬਮਾਲ, ਭਸੌੜ, ਜੱਖਲਾ, ਭੁੱਲਰਹੇੜੀ, ਦੀਦਾਰਗੜ੍ਹ, ਮਾਨਵਾਲਾ, ਧੂਰੀ, ਹਰਚੰਦਪੁਰਾ, ਰਣੀਕੇ, ਬੁਗਰਾ, ਕਾਂਝਲਾ ਅਤੇ ਪਿੰਡ ਲੱਡਾ ਦੇ ਲਾਭਪਾਤਰੀਆਂ ਨੂੰ ਮੁੱਖ ਮੰਤਰੀ ਰਾਹਤ ਕੋਸ਼ ਵਿੱਚੋਂ ਮਾਲੀ ਸਹਾਇਤਾ ਦੇ ਚੈੱਕ ਸੌਂਪੇ ਗਏ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਐਸ.ਡੀ.ਐਮ. ਧੂਰੀ ਡਾ. ਇਸਮਤ ਵਿਜੈ ਸਿੰਘ, ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ, ਗਗਨ ਜਵੰਧਾ, ਕੌਂਸਲਰ ਪੁਸ਼ਿਪੰਦਰ ਸ਼ਰਮਾ, ਡਾਇਰੈਕਟਰ ਅਨਿਲ ਮਿੱਤਲ, ਮੈਂਬਰ ਜ਼ਿਲ੍ਹਾ ਯੋਜਨਾ ਕਮੇਟੀ ਨਰੇਸ਼ ਸਿੰਗਲਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਸੁਨਾਮ ਨੂੰ ਪੰਜਾਬ ਦਾ ਸਭ ਤੋਂ ਸੁੰਦਰ ਅਤੇ ਬਿਹਤਰ ਸ਼ਹਿਰ ਬਣਾਉਣਾ ਸਾਡਾ ਮੁੱਖ ਨਿਸ਼ਾਨਾ: ਅਮਨ ਅਰੋੜਾ

# ਪ੍ਰਧਾਨ ਮਨਪ੍ਰੀਤ ਬਾਂਸਲ, ਸੀਨੀਅਰ ਮੀਤ ਪ੍ਰਧਾਨ ਯਾਦਵਿੰਦਰ ਸਿੰਘ ਨਿਰਮਾਣ ਅਤੇ ਮੀਤ ਪ੍ਰਧਾਨ ਮੀਨਾ ਰਾਣੀ ਨੇ ਸੰਭਾਲੇ ਅਹੁਦੇ



**ਸੁਨਾਮ ( ਰਣਜੀਤ ਸਿੰਘ ਪੇਧਨੀ )**-ਨਗਰ ਕੌਂਸਲ ਸੁਨਾਮ ਦੇ ਨਵੇਂ ਚੁਣੇ ਗਏ ਅਹੁਦੇਦਾਰਾਂ ਪ੍ਰਧਾਨ ਸ਼੍ਰੀ ਮਨਪ੍ਰੀਤ ਬਾਂਸਲ, ਸੀਨੀਅਰ ਮੀਤ ਪ੍ਰਧਾਨ ਸ਼੍ਰੀ ਯਾਦਵਿੰਦਰ ਸਿੰਘ ਨਿਰਮਾਣ ਅਤੇ ਮੀਤ ਪ੍ਰਧਾਨ ਸ਼੍ਰੀਮਤੀ ਮੀਨਾ ਰਾਣੀ ਨੇ ਅੱਜ ਨਗਰ ਕੌਂਸਲ ਦਫ਼ਤਰ ਸੁਨਾਮ ਵਿਖੇ ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੀ ਵਿਸ਼ੇਸ਼ ਹਾਜ਼ਰੀ ਵਿੱਚ ਰਸਮੀ ਤੌਰ 'ਤੇ ਆਪਣੇ ਅਹੁਦਿਆਂ ਦਾ ਕਾਰਜਭਾਰ ਸੰਭਾਲਿਆ। ਇਸ ਮੌਕੇ ਪੱਤਰਕਾਰਾਂ ਅਤੇ ਸ਼ਹਿਰ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਸ਼ਹੀਦਾਂ ਦੀ ਧਰਤੀ ਸੁਨਾਮ ਦੇ ਦੇ ਲੋਕਾਂ ਨੇ ਨਵੀਂ ਟੀਮ ਉੱਤੇ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੀ ਮੁੱਖ ਜ਼ਿੰਮੇਵਾਰੀ ਸ਼ਹਿਰ ਵਾਸੀਆਂ ਦੀਆਂ ਰੋਜ਼ਾਨਾ ਦੀਆਂ ਲੋੜਾਂ ਜਿਵੇਂ ਕਿ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਦੀ ਸਪਲਾਈ, ਸਟ੍ਰੀਟ ਲਾਈਟਾਂ, ਸਾਫ਼-ਸਫ਼ਾਈ, ਕੂੜਾ ਕਰਕਟ ਦੀ ਚੁਕਾਈ ਅਤੇ ਯੋਜਨਾਬੱਧ ਵਿਕਾਸ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਉਣਾ ਹੈ। ਸ਼੍ਰੀ ਅਮਨ ਅਰੋੜਾ ਨੇ ਆਪਣਾ ਸੰਕਲਪ ਦੋਹਰਾਉਂਦਿਆਂ ਕਿਹਾ, "ਮੇਰਾ ਸੁਪਨਾ ਹੈ ਕਿ ਸੁਨਾਮ ਸ਼ਹਿਰ ਪੰਜਾਬ ਦੇ ਸਾਰੇ ਸ਼ਹਿਰਾਂ ਨਾਲੋਂ ਸੋਹਣਾ, ਬਿਹਤਰ ਅਤੇ ਵਧੀਆ ਪ੍ਰਬੰਧਨ ਵਾਲਾ ਸ਼ਹਿਰ ਬਣੇ। ਇੱਥੋਂ ਦਾ ਪ੍ਰਸ਼ਾਸਨ ਪੂਰੀ ਤਰ੍ਹਾਂ ਪਾਰਦਰਸ਼ੀ, ਸਾਫ਼-ਸੁਥਰਾ ਅਤੇ ਇਮਾਨਦਾਰ ਹੋਵੇਗਾ।" ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਚੱਲ ਰਹੇ ਵਿਕਾਸ ਕਾਰਜ, ਜਿਵੇਂ ਕਿ ਬੱਸ ਅੱਡਾ ਅਤੇ ਹੋਰ ਵੱਡੇ ਪ੍ਰੋਜੈਕਟ ਆਉਣ ਵਾਲੇ 02 ਤੋਂ 03 ਮਹੀਨਿਆਂ ਵਿੱਚ ਪੂਰੇ ਕਰ ਕੇ ਸ਼ਹਿਰ ਵਾਸੀਆਂ ਨੂੰ ਸਮਰਪਿਤ ਕਰ ਦਿੱਤੇ ਜਾਣਗੇ। ਵਿਕਾਸ ਕਾਰਜਾਂ ਵਿੱਚ ਦੇਰੀ ਅਤੇ ਠੇਕੇਦਾਰਾਂ ਦੀ ਲਾਪਰਵਾਹੀ ਬਾਰੇ ਬੋਲਦਿਆਂ ਮੰਤਰੀ ਅਰੋੜਾ ਨੇ ਸਪੱਸ਼ਟ ਕੀਤਾ ਕਿ ਟੈਂਡਰ ਪ੍ਰਕਿਰਿਆ ਆਨਲਾਈਨ ਹੋਣ ਕਾਰਨ ਠੇਕੇਦਾਰ ਭਾਵੇਂ ਬਾਹਰ ਦਾ ਹੋਵੇ ਜਾਂ ਸਥਾਨਕ, ਪਰ ਕੰਮ 100 ਫ਼ੀਸਦ ਨਿਯਮਾਂ ਅਨੁਸਾਰ ਅਤੇ ਮਿਆਰੀ ਹੋਣਾ ਚਾਹੀਦਾ ਹੈ। ਨਵੀਂ ਟੀਮ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਚੱਲ ਰਹੇ ਸਾਰੇ ਕੰਮਾਂ ਦੀ ਖ਼ੁਦ ਜਾ ਕੇ ਸਮੀਖਿਆ ਕਰਨ। ਲਾਪਰਵਾਹੀ ਜਾਂ ਘਟੀਆ ਸਮੱਗਰੀ ਵਰਤਣ ਵਾਲੇ ਠੇਕੇਦਾਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਜੁਰਮਾਨੇ ਕੀਤੇ ਜਾਣਗੇ। ਕੈਬਨਿਟ ਮੰਤਰੀ ਨੇ ਮੀਡੀਆ ਨੂੰ ਸ਼ਹਿਰ ਦੇ ਜ਼ਿੰਮੇਵਾਰ ਨਾਗਰਿਕ ਵਜੋਂ ਸਾਥ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਕੋਈ ਕਮੀ-ਪੇਸ਼ੀ ਨਜ਼ਰ ਆਉਂਦੀ ਹੈ, ਤਾਂ ਪਹਿਲਾਂ ਪ੍ਰਸ਼ਾਸਨ ਅਤੇ ਅਹੁਦੇਦਾਰਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ। ਜੇਕਰ ਫਿਰ ਵੀ ਸੁਧਾਰ ਨਾ ਹੋਵੇ, ਤਾਂ ਮੀਡੀਆ ਨੂੰ ਪੂਰਾ ਹੱਕ ਹੈ ਕਿ ਉਹ ਉਸਾਰੂ ਆਲੋਚਨਾ ਕਰੇ। ਇਸ ਮੌਕੇ ਮੀਡੀਆ ਸਲਾਹਕਾਰ ਸ਼੍ਰੀ ਯਸ਼ਪਾਲ ਮੰਗਲਾ ਉਚੇਚੇ ਤੌਰ ਉੱਤੇ ਹਾਜ਼ਰ ਸਨ। ਨਵੇਂ ਬਣੇ ਪ੍ਰਧਾਨ ਸ਼੍ਰੀ ਮਨਪ੍ਰੀਤ ਬਾਂਸਲ ਅਤੇ ਹੋਰਨਾਂ ਅਹੁਦੇਦਾਰਾਂ ਨੇ ਮੰਤਰੀ ਸ਼੍ਰੀ ਅਮਨ ਅਰੋੜਾ ਅਤੇ ਸੁਨਾਮ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਦਫ਼ਤਰਾਂ ਵਿੱਚ ਬੈਠਣ ਦੀ ਬਜਾਏ ਖ਼ੁਦ ਜਨਤਾ ਤੱਕ ਪਹੁੰਚ ਕਰਨਗੇ। ਉਨ੍ਹਾਂ ਕਿਹਾ ਕਿ ਪੂਰੀ ਟੀਮ ਇੱਕਜੁੱਟ ਹੋ ਕੇ ਦਿਨ-ਰਾਤ ਮਿਹਨਤ ਕਰੇਗੀ ਅਤੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰੇਗੀ। ਇਸ ਮੌਕੇ ਮੁਕੇਸ਼ ਜੁਨੇਜਾ ਚੇਅਰਮੈਨ ਮਾਰਕੀਟ ਕਮੇਟੀ ਸੁਨਾਮ, ਮਹਿੰਦਰ ਸਿੰਘ ਸਿੱਧੂ ਪ੍ਰਧਾਨ ਕਿਸਾਨ ਵਿੰਗ, ਯਾਦਵਿੰਦਰ ਸਿੰਘ ਨਿਰਮਾਣ ਸੀਨੀਅਰ ਵਾਈਸ ਪ੍ਰਧਾਨ, ਮੀਨਾ ਰਾਣੀ ਵਾਈਸ ਪ੍ਰਧਾਨ, ਸਾਬਕਾ ਪ੍ਰਧਾਨ ਨਗਰ ਕੌਂਸਲ ਸੁਨਾਮ ਨਿਸ਼ਾਨ ਸਿੰਘ ਟੋਨੀ ,ਬਾਲ ਕ੍ਰਿਸ਼ਨ, ਮਾਹੀ ਮਹੰਤ ਸਾਰੇ ਐਮਸੀ, ਅਵਤਾਰ ਸਿੰਘ ਈਲਵਾਲ ਚੇ ਮਾਰਕੀਟ ਕਮੇਟੀ ਸੰਗਰੂਰ, ਬਲਵਿੰਦਰ ਸਿੰਘ ਪ੍ਰਧਾਨ ਲੌਂਗੋਵਾਲ, ਸ਼੍ਰੀ ਗੀਤੀ ਮਾਨ ਚੇਅਰਮੈਨ ਮਾਰਕੀਟ ਕਮੇਟੀ ਚੀਮਾ, ਲੱਖੀ ਬਾਂਸਲ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਨਲ ਚੀਮਾ, ਡਾ. ਗੁਰਪ੍ਰੀਤ ਸਿੰਘ ਬਿਗੜਵਾਲ, ਚੇਅਰਮੈਨ ਬਲਾਕ ਸਮਿਤੀ ਭੁਪਿੰਦਰ ਸੰਘਰੇੜੀ, ਹਰਵਿੰਦਰ ਸਿੰਘ ਸੇਖੋਂ ਜ਼ਿਲ੍ਹਾ ਪ੍ਰਧਾਨ, ਗੁਰਚਰਨ ਸਿੰਘ ਜਖੇਪਲ ਬਲਾਕ ਪ੍ਰਧਾਨ, ਹਰਵਿੰਦਰ ਸਿੰਘ ਛਾਜਲੀ ਚੇਅਰਮੈਨ ਮਾਰਕੀਟ ਕਮੇਟੀ ਸੂਲਰ ਘਰਾਟ, ਕਰਮਿੰਦਰ ਸਿੰਘ ਟੋਨੀ, ਮਨਿੰਦਰ ਸਿੰਘ ਲਖਮੀਰਵਾਲਾ, ਸਤਗੁਰ ਗੱਗੀ ਨਮੋਲ, ਪਰਮਜੀਤ ਸਿੰਘ ਪੰਮ, ਬਲਜਿੰਦਰ ਨਮੋਲ, ਅਮਰੀਕ ਸਿੰਘ ਧਾਲੀਵਾਲ, ਭਾਨੂ ਪ੍ਰਤਾਪ, ਵਿਸ਼ਾਲ ਕੌਸ਼ਲ ਅਤੇ ਭਾਰੀ ਸੰਖਿਆ ਵਿੱਚ ਪਾਰਟੀ ਦੇ ਵੱਖ-ਵੱਖ ਅਹੁਦੇਦਾਰ ਪੰਚ ਸਰਪੰਚ ਹਾਜ਼ਰ ਸਨ। ਸਮਾਗਮ ਵਿੱਚ ਮੰਚ ਸੰਚਾਲਨ ਸ਼੍ਰੀ ਯਸ਼ਪਾਲ ਮੰਗਲਾ ਨੇ ਕੀਤਾ।

# ਅਧਿਆਪਕ ਵਰਗ: ਵਿੱਦਿਅਕ ਅਤੇ ਗੈਰ ਵਿੱਦਿਅਕ ਕੰਮਾਂ ਦਾ ਬੋਝ



ਕਿਸੇ ਵੀ ਸਮਾਜ ਦੇ ਸੁਨਹਿਰੀ ਭਵਿੱਖ ਦੀ ਨੀਂਹ ਉਸ ਦੀ ਸਿੱਖਿਆ ਪ੍ਰਣਾਲੀ 'ਤੇ ਟਿਕੀ ਹੁੰਦੀ ਹੈ ਅਤੇ ਇਸ ਨੀਂਹ ਨੂੰ ਮਜ਼ਬੂਤ ਕਰਨ ਵਿੱਚ ਅਧਿਆਪਕ ਸਭ ਤੋਂ ਅਹਿਮ ਕੜੀ ਹਨ। ਪਰ ਮੌਜੂਦਾ ਦੌਰ ਵਿੱਚ, ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਵਿੱਦਿਅਕ ਕਾਰਜਾਂ ਤੋਂ ਇਲਾਵਾ ਵੱਖ-ਵੱਖ ਤਰ੍ਹਾਂ ਦੇ ਸਰਕਾਰੀ ਸਰਵੇਖਣਾਂ, ਡਿਊਟੀਆਂ ਅਤੇ ਪ੍ਰਸ਼ਾਸਨਿਕ ਕੰਮਾਂ ਵਿੱਚ ਇੰਨਾ ਉਲਝਾ ਦਿੱਤਾ ਗਿਆ ਹੈ ਕਿ ਉਨ੍ਹਾਂ ਦਾ ਮੁੱਖ ਕੰਮ ਯਾਨੀ "ਬੱਚਿਆਂ ਨੂੰ ਪੜ੍ਹਾਉਣਾ" ਪਿੱਛੇ ਛੁੱਟਦਾ ਜਾ ਰਿਹਾ ਹੈ। ਹਾਲ ਹੀ ਵਿੱਚ ਸਰਕਾਰ ਵੱਲੋਂ ਕਰਵਾਏ ਜਾ ਰਹੇ SIR (ਸੋਸ਼ਲ ਇੰਪੈਕਟ ਰਿਸਰਚ/ਸੋਸ਼ਲ ਆਡਿਟ ਜਾਂ ਸਬੰਧਤ ਸਰਕਾਰੀ ਸਰਵੇਖਣ) ਦੇ ਕਾਰਨ ਹਜ਼ਾਰਾਂ ਅਧਿਆਪਕਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ, ਜਿਸ ਕਾਰਨ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ ਦਾ ਬਹੁਤ ਵੱਡਾ ਨੁਕਸਾਨ ਹੋ ਰਿਹਾ ਹੈ। ਸਮਾਜ ਨੂੰ ਇਸ ਗੰਭੀਰ ਸਮੱਸਿਆ ਦੇ ਵੱਖ-ਵੱਖ ਪਹਿਲੂਆਂ ਅਤੇ ਵਿਦਿਆਰਥੀਆਂ ਦੇ ਭਵਿੱਖ 'ਤੇ ਪੈ ਰਹੇ ਇਸ ਦੇ ਮਾਰੂ ਪ੍ਰਭਾਵਾਂ ਬਾਰੇ ਫਿਕਰ ਕਰਨਾ ਬਣਦਾ ਹੈ। ਸਰਕਾਰ ਵੱਲੋਂ ਚਲਾਏ ਜਾ ਰਹੇ ਇਸ ਵਿਸ਼ੇਸ਼ ਮੁਹਿੰਮ ਜਾਂ ਸਰਵੇਖਣ (SIR) ਨੂੰ ਸਫਲ ਬਣਾਉਣ ਲਈ ਸਿੱਖਿਆ ਵਿਭਾਗ ਦੇ ਢਾਂਚੇ ਦੀ ਵੱਡੇ ਪੱਧਰ 'ਤੇ ਵਰਤੋਂ ਕੀਤੀ ਜਾ ਰਹੀ ਹੈ। ਜੇਕਰ ਅੰਕੜਿਆਂ ਅਤੇ ਮੌਜੂਦਾ ਸਥਿਤੀ 'ਤੇ ਨਜ਼ਰ ਮਾਰੀਏ ਤਾਂ ਹਜ਼ਾਰਾਂ ਦੀ ਗਿਣਤੀ ਵਿੱਚ ਡਿਊਟੀਆਂ, ਸੂਬੇ ਭਰ ਦੇ ਪ੍ਰਾਇਮਰੀ, ਮਿਡਲ ਅਤੇ ਸੈਕੰਡਰੀ ਸਕੂਲਾਂ ਵਿੱਚੋਂ ਹਜ਼ਾਰਾਂ ਅਧਿਆਪਕਾਂ (ਜਿਸ ਵਿੱਚ ਕਲਾਸਰੂਮ ਟੀਚਰਾਂ ਤੋਂ ਲੈ ਕੇ ਮੁੱਖ ਅਧਿਆਪਕ ਤੱਕ ਸ਼ਾਮਲ ਹਨ) ਨੂੰ ਇਸ ਕੰਮ ਲਈ ਤਾਇਨਾਤ ਕੀਤਾ ਗਿਆ ਹੈ। ਅਧਿਆਪਕਾਂ ਨੂੰ ਸਕੂਲ ਦੇ ਸਮੇਂ ਦੌਰਾਨ ਜਾਂ ਸਕੂਲ ਤੋਂ ਬਾਹਰ ਭੇਜ ਕੇ ਘਰ-ਘਰ ਜਾ ਕੇ ਡਾਟਾ ਇਕੱਠਾ ਕਰਨ, ਫਾਰਮ ਭਰਨ ਅਤੇ ਆਨਲਾਈਨ ਪੋਰਟਲ 'ਤੇ ਜਾਣਕਾਰੀਆਂ ਅਪਲੋਡ ਕਰਨ ਦੇ ਕੰਮ ਸੌਂਪੇ ਗਏ ਹਨ। ਜਦੋਂ ਕਿ ਹਜ਼ਾਰਾਂ ਸਕੂਲ ਪਹਿਲਾਂ ਹੀ ਸਿੰਗਲ-ਟੀਚਰ (ਇੱਕ ਅਧਿਆਪਕ ਵਾਲੇ) ਹਨ ਜਾਂ ਉੱਥੇ ਸਟਾਫ਼ ਦੀ ਭਾਰੀ ਘਾਟ ਹੈ। ਅਜਿਹੀ ਸਥਿਤੀ ਵਿੱਚ ਜਦੋਂ ਮੌਜੂਦਾ ਅਧਿਆਪਕਾਂ ਦੀ ਡਿਊਟੀ ਵੀ ਇਸ ਸਰਵੇਖਣ ਵਿੱਚ ਲਗਾ ਦਿੱਤੀ ਜਾਂਦੀ ਹੈ, ਤਾਂ ਸਕੂਲ ਪੂਰੀ ਤਰ੍ਹਾਂ ਅਧਿਆਪਕ-ਵਿਹੂਣੇ ਹੋ ਜਾਂਦੇ ਹਨ। ਇਹ ਸਪੱਸ਼ਟ ਹੈ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਬਹੁਤੇ ਬੱਚੇ ਗਰੀਬ ਜਾਂ ਮੱਧਮ ਵਰਗੀ ਪਰਿਵਾਰਾਂ ਨਾਲ ਸਬੰਧ ਰੱਖਦੇ ਹਨ, ਜਿਨ੍ਹਾਂ ਕੋਲ ਪ੍ਰਾਈਵੇਟ ਟਿਊਸ਼ਨਾਂ ਰੱਖਣ ਦੇ ਸਾਧਨ ਨਹੀਂ ਹੁੰਦੇ। ਉਹ ਪੂਰੀ ਤਰ੍ਹਾਂ ਸਕੂਲ ਦੀ ਪੜ੍ਹਾਈ 'ਤੇ ਨਿਰਭਰ ਕਰਦੇ ਹਨ। ਅਧਿਆਪਕਾਂ ਦੀਆਂ ਇਨ੍ਹਾਂ ਡਿਊਟੀਆਂ ਕਾਰਨ ਉਨ੍ਹਾਂ ਨੂੰ ਬਹੁਤ ਵੱਡੇ ਨੁਕਸਾਨ ਝੱਲਣੇ ਪੈ ਰਹੇ ਹਨ। ਅਧਿਆਪਕਾਂ ਦੇ ਫੀਲਡ ਵਿੱਚ ਰਹਿਣ ਕਾਰਨ ਰੋਜ਼ਾਨਾ ਦੀਆਂ ਜਮਾਤਾਂ ਨਹੀਂ ਲੱਗ ਪਾ ਰਹੀਆਂ। ਨਤੀਜੇ ਵਜੋਂ, ਨਿਰਧਾਰਿਤ ਸਮੇਂ ਅੰਦਰ ਸਿਲੇਬਸ ਪੂਰਾ ਕਰਨਾ ਅਸੰਭਵ ਹੁੰਦਾ ਜਾ ਰਿਹਾ ਹੈ। ਇਹਨਾਂ ਦਿਨਾਂ ਵਿੱਚ ਬੱਚਿਆਂ ਦੇ ਟੈਸਟ ਜਾਂ ਮਾਸਿਕ ਪ੍ਰੀਖਿਆਵਾਂ ਹੋਣੀਆਂ ਹੁੰਦੀਆਂ ਹਨ, ਉੱਥੇ ਅਧਿਆਪਕਾਂ ਦੀ ਗੈਰ-ਹਾਜ਼ਰੀ ਕਾਰਨ ਬੱਚਿਆਂ ਦਾ ਮੁਲਾਂਕਣ ਸਹੀ ਤਰੀਕੇ ਨਾਲ ਨਹੀਂ ਹੋ ਪਾਉਂਦਾ। ਨਾਲ ਹੀ ਜਦੋਂ ਜਮਾਤ ਵਿੱਚ ਅਧਿਆਪਕ ਨਹੀਂ ਹੁੰਦਾ, ਤਾਂ ਬੱਚਿਆਂ ਦੀ ਪੜ੍ਹਾਈ ਦੀ ਲੜੀ ਟੁੱਟ ਜਾਂਦੀ ਹੈ। ਸਕੂਲ ਵਿੱਚ ਖਾਲੀ ਬੈਠੇ ਬੱਚਿਆਂ ਵਿੱਚ ਸ਼ਰਾਰਤਾਂ ਵਧਦੀਆਂ ਹਨ ਅਤੇ ਪੜ੍ਹਾਈ ਦਾ ਮਾਹੌਲ ਖ਼ਰਾਬ ਹੁੰਦਾ ਹੈ। ਬੁਨਿਆਦੀ ਸਿੱਖਿਆ ਨੂੰ ਢਾਹ ਲੱਗਦੀ ਹੈ। ਖਾਸ ਕਰਕੇ ਪ੍ਰਾਇਮਰੀ ਜਮਾਤਾਂ ਦੇ ਬੱਚੇ ਜਿਨ੍ਹਾਂ ਨੇ ਅਜੇ ਅੱਖਰ-ਗਿਆਨ, ਭਾਸ਼ਾ ਅਤੇ ਮੁਢਲਾ ਹਿਸਾਬ ਸਿੱਖਣਾ ਹੁੰਦਾ ਹੈ, ਉਹ ਅਧਿਆਪਕ ਦੀ ਲਗਾਤਾਰ ਦੇਖਭਾਲ ਤੋਂ ਬਿਨਾਂ ਪਿੱਛੇ ਰਹਿ ਜਾਂਦੇ ਹਨ। ਅਧਿਆਪਕ ਵਰਗ ਦੀ ਮਾਨਸਿਕ ਪਰੇਸ਼ਾਨੀ ਅਤੇ ਦੁਵਿਧਾ ਬਹੁਤ ਵਧੀ ਹੋਈ ਹੈ। ਇਸ ਵਿਵਸਥਾ ਨਾਲ ਸਿਰਫ਼ ਬੱਚੇ ਹੀ ਪ੍ਰਭਾਵਿਤ ਨਹੀਂ ਹੋ ਰਹੇ, ਬਲਕਿ ਅਧਿਆਪਕ ਖੁਦ ਵੀ ਇੱਕ ਅਜੀਬ ਮਾਨਸਿਕ ਤਣਾਅ ਵਿੱਚੋਂ ਲੰਘ ਰਹੇ ਹਨ। ਉਹਨਾਂ ਉੱਪਰ ਦੋਹਰੀ ਜ਼ਿੰਮੇਵਾਰੀ ਦਾ ਬੋਝ ਬਣਿਆ ਹੋਇਆ ਹੈ। ਅਧਿਆਪਕਾਂ ਨੂੰ ਇੱਕੋ ਵੇਲੇ ਦੋ ਕਿਸ਼ਤੀਆਂ ਦੀ ਸਵਾਰੀ ਕਰਨੀ ਪੈਂਦੀ ਹੈ। ਇੱਕ ਪਾਸੇ ਉਨ੍ਹਾਂ ਸਿਰ ਸਰਵੇਖਣ ਦੀ ਰਿਪੋਰਟ ਸਮੇਂ ਸਿਰ ਜਮ੍ਹਾਂ ਕਰਵਾਉਣ ਦਾ ਦਬਾਅ ਹੁੰਦਾ ਹੈ ਅਤੇ ਦੂਸਰੇ ਪਾਸੇ ਸਕੂਲ ਦੇ ਨਤੀਜੇ (Results) ਚੰਗੇ ਲਿਆਉਣ ਦੀ ਤਲਵਾਰ ਲਟਕ ਰਹੀ ਹੁੰਦੀ ਹੈ। ਇੱਕ ਸੱਚਾ ਅਤੇ ਮਿਹਨਤੀ ਅਧਿਆਪਕ ਜਦੋਂ ਆਪਣੇ ਵਿਦਿਆਰਥੀਆਂ ਨੂੰ ਬਿਨਾਂ ਪੜ੍ਹਾਈ ਦੇ ਬੈਠੇ ਦੇਖਦਾ ਹੈ, ਤਾਂ ਉਸ ਨੂੰ ਖੁਦ ਅੰਦਰੋਂ ਬਹੁਤ ਦੁੱਖ ਹੁੰਦਾ ਹੈ ਕਿ ਉਹ ਆਪਣੀ ਅਸਲ ਡਿਊਟੀ ਨਾਲ ਇਨਸਾਫ਼ ਨਹੀਂ ਕਰ ਪਾ ਰਿਹਾ। ਇਸ ਸਮੱਸਿਆ ਦਾ ਹੱਲ ਕੱਢਣਾ ਬੇਹੱਦ ਜ਼ਰੂਰੀ ਹੈ ਤਾਂ ਜੋ ਸਰਕਾਰੀ ਪ੍ਰੋਜੈਕਟ ਵੀ ਸਿਰੇ ਚੜ੍ਹ ਸਕਣ ਅਤੇ ਬੱਚਿਆਂ ਦੇ ਭਵਿੱਖ ਨਾਲ ਵੀ ਖਿਲਵਾੜ ਨਾ ਹੋਵੇ। ਸਰਕਾਰ ਨੂੰ SIR ਵਰਗੇ ਸਰਵੇਖਣਾਂ ਲਈ ਸਿੱਖਿਆ ਵਿਭਾਗ ਦੇ ਅਧਿਆਪਕਾਂ ਨੂੰ ਵਰਤਣ ਦੀ ਬਜਾਏ, ਸੂਬੇ ਦੇ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਠੇਕੇ 'ਤੇ ਰੱਖਣਾ ਚਾਹੀਦਾ ਹੈ। ਇਸ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਮਿਲੇਗਾ। ਹਾਲਾਂਕਿ ਕਿ ਰਾਜਨੀਤਕ ਪਾਰਟੀਆਂ ਕੋਲ ਆਪਣੇ ਹਜਾਰਾਂ ਦੀ ਗਿਣਤੀ ਵਿੱਚ ਵਰਕਰ ਮੌਜੂਦ ਹਨ। ਜਿਹਨਾਂ ਦੀ ਵਰਤੋਂ ਚੋਣਾਂ ਸਮੇ ਚੋਣ ਪ੍ਰਚਾਰ ਅਤੇ ਦੂਸਰੇ ਕੰਮਾਂ ਲਈ ਧੜੱਲੇ ਨਾਲ ਕੀਤੀ ਜਾਂਦੀ ਹੈ । ਫਿਰ ਕਿਉਂ ਨਹੀਂ ਅਜਿਹੇ ਉਸਾਰੂ ਕੰਮਾਂ ਲਈ ਉਹਨਾਂ ਬੇਰੁਜ਼ਗਾਰ ਨੌਜਵਾਨਾਂ ਨੂੰ ਕੰਮ ਦਿੱਤਾ ਜਾਂਦਾ ਅਤੇ ਅਧਿਆਪਕ ਕਲਾਸਰੂਮ ਵਿੱਚ ਰਹਿ ਸਕਣਗੇ। ਜੇਕਰ ਡਾਟਾ ਇਕੱਠਾ ਕਰਨਾ ਹੀ ਹੈ, ਤਾਂ ਇਸ ਨੂੰ ਤਕਨਾਲੋਜੀ ਦੇ ਜ਼ਰੀਏ ਸਿੱਧਾ ਜਨਤਾ ਤੋਂ ਜਾਂ ਹੋਰ ਪ੍ਰਸ਼ਾਸਨਿਕ ਮਾਧਿਅਮਾਂ ਰਾਹੀਂ ਆਨਲਾਈਨ ਲਿਆ ਜਾ ਸਕਦਾ ਹੈ ਤਾਂ ਜੋ ਮਨੁੱਖੀ ਸ਼ਕਤੀ ਦੀ ਬਰਬਾਦੀ ਨਾ ਹੋਵੇ। ਕਾਨੂੰਨ ਮੁਤਾਬਕ ਅਧਿਆਪਕਾਂ ਨੂੰ ਸਿਰਫ਼ ਚੋਣਾਂ, ਮਰਦਮਸ਼ੁਮਾਰੀ ਅਤੇ ਆਫ਼ਤ ਪ੍ਰਬੰਧਨ ਤੋਂ ਇਲਾਵਾ ਕਿਸੇ ਹੋਰ ਗੈਰ-ਵਿੱਦਿਅਕ ਕੰਮ ਵਿੱਚ ਨਹੀਂ ਲਗਾਇਆ ਜਾ ਸਕਦਾ। ਸਰਕਾਰ ਨੂੰ ਇਸ ਨਿਯਮ ਦੀ ਭਾਵਨਾ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇੱਥੇ ਇੱਕ ਮਹੱਤਵਪੂਰਨ ਸਲਾਹ ਇਹ ਵੀ ਦੇਣਾ ਚਾਹਾਂਗਾ ਕਿ ਬੱਚਿਆਂ ਅਤੇ ਮਾਪਿਆਂ ਨੂੰ ਵੀ ਸਰਕਾਰਾਂ ਦੇ ਅਜਿਹੇ ਫੈਸਲਿਆਂ ਦਾ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਸਰਕਾਰੀ ਸਰਵੇਖਣ ਅਤੇ ਯੋਜਨਾਵਾਂ ਨੀਤੀਆਂ ਬਣਾਉਣ ਲਈ ਮਹੱਤਵਪੂਰਨ ਹੋ ਸਕਦੀਆਂ ਹਨ, ਪਰ ਇਨ੍ਹਾਂ ਦੀ ਕੀਮਤ ਬੱਚਿਆਂ ਦੇ ਸੁਨਹਿਰੀ ਭਵਿੱਖ ਨੂੰ ਲਗਾ ਕੇ ਨਹੀਂ ਤਾਰੀ ਜਾਣੀ ਚਾਹੀਦੀ। ਜਦੋਂ ਤੱਕ ਅਧਿਆਪਕਾਂ ਨੂੰ ਗੈਰ-ਵਿੱਦਿਅਕ ਕੰਮਾਂ ਦੀਆਂ ਬੇੜੀਆਂ ਵਿੱਚੋਂ ਮੁਕਤ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸਰਕਾਰੀ ਸਕੂਲਾਂ ਦੇ ਮਿਆਰ ਨੂੰ ਉੱਚਾ ਚੁੱਕਣ ਦੇ ਦਾਅਵੇ ਖੋਖਲੇ ਸਾਬਤ ਹੁੰਦੇ ਰਹਿਣਗੇ। ਸਮੇਂ ਦੀ ਮੰਗ ਹੈ ਕਿ ਸਰਕਾਰ ਇਸ ਗੰਭੀਰ ਮੁੱਦੇ 'ਤੇ ਸੰਵੇਦਨਸ਼ੀਲਤਾ ਨਾਲ ਵਿਚਾਰ ਕਰੇ ਅਤੇ ਅਧਿਆਪਕਾਂ ਨੂੰ ਕੇਵਲ ਤੇ ਕੇਵਲ ਕਲਾਸਰੂਮ ਦੇ ਅੰਦਰ, ਬੱਚਿਆਂ ਦਾ ਭਵਿੱਖ ਸਵਾਰਨ ਲਈ ਹੀ ਸਮਰਪਿਤ ਰਹਿਣ ਦਿੱਤਾ ਜਾਵੇ।

-ਗੁਰਦੀਪ ਕੌਰੇਆਣਾ, 9915013953

# ਸ.ਫਾਈ ਸੇਵਕਾਂ ਦੀਆਂ ਹੱਕੀ ਮੰਗਾਂ ਤੁਰੰਤ ਮੰਨੇ ਪੰਜਾਬ ਸਰਕਾਰ: ਡਾ. ਮਦਨ ਲਾਲ ਚਾਵਲਾ

## ਸ਼ਹਿਰ ਵਿੱਚ ਥਾਂ-ਥਾਂ ਲੱਗੇ ਗੰਦਗੀ ਦੇ ਢੇਰ, ਭਿਆਨਕ ਬੀਮਾਰੀਆਂ ਫੈਲਣ ਦਾ ਖ਼ਤਰਾ



ਫ਼ਿਰੋਜ਼ਪੁਰ 20 ਜੁਲਾਈ (ਮਨੋਹਰ ਲਾਲ): ਉੱਘੇ ਸਮਾਜ ਸੇਵਕ ਡਾ. ਮਦਨ ਲਾਲ ਚਾਵਲਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਫ਼ਾਈ ਸੇਵਕਾਂ ਦੀਆਂ ਹੱਕੀ ਮੰਗਾਂ ਵੱਲ ਤੁਰੰਤ ਧਿਆਨ ਦਿੱਤਾ ਜਾਵੇ, ਤਾਂ ਜੋ ਲੰਮੇ ਸਮੇਂ ਤੋਂ ਚੱਲ ਰਹੀ ਉਨ੍ਹਾਂ ਦੀ ਹੜਤਾਲ ਨੂੰ ਖ਼ਤਮ ਕਰਵਾਇਆ ਜਾ ਸਕੇ। ਡਾ. ਚਾਵਲਾ ਨੇ ਆਖਿਆ ਕਿ ਸ.ਫ਼ਾਈ ਸੇਵਕ ਆਪਣੀ ਡਿਊਟੀ ਬਹੁਤ ਹੀ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਂਦੇ ਹਨ। ਇਸ ਲਈ ਸਰਕਾਰ ਨੂੰ ਬਿਨਾਂ ਕਿਸੇ ਦੇਰੀ ਦੇ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਮੰਨ ਲੈਣੀਆਂ ਚਾਹੀਦੀਆਂ ਹਨ। ਉਨ੍ਹਾਂ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਹੜਤਾਲ ਕਾਰਨ ਫ਼ਿਰੋਜ਼ਪੁਰ ਸ਼ਹਿਰ ਵਿੱਚ ਥਾਂ-ਥਾਂ ਗੰਦਗੀ ਦੇ ਢੇਰ ਲੱਗ ਚੁੱਕੇ ਹਨ। ਜੇਕਰ ਇਹ ਗੰਦਗੀ ਅਜਿਹੇ ਹੀ ਕਈ ਦਿਨਾਂ ਤੱਕ ਸੜਕਾਂ 'ਤੇ ਪਈ ਰਹੀ, ਤਾਂ ਸ਼ਹਿਰ ਵਿੱਚ ਕੋਈ ਭਿਆਨਕ ਬੀਮਾਰੀ ਫੈਲਣ ਦਾ ਗੰਭੀਰ ਖ਼ਤਰਾ ਬਣ ਸਕਦਾ ਹੈ। ਉਨ੍ਹਾਂ ਨੇ ਪ੍ਰਸ਼ਾਸਨ ਅਤੇ ਸਰਕਾਰ ਨੂੰ ਅਪੀਲ ਕੀਤੀ ਕਿ ਆਮ ਜਨਤਾ ਦੀ ਸਿਹਤ ਅਤੇ ਸ਼ਹਿਰ ਦੀ ਸਫ਼ਾਈ ਨੂੰ ਮੁੱਖ ਰੱਖਦਿਆਂ ਇਸ ਮਸਲੇ ਦਾ ਹੱਲ ਜਲਦ ਤੋਂ ਜਲਦ ਕੱਢਿਆ ਜਾਵੇ।

### ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਕ ਜਥੇ ਦੇ ਵਿਸਥਾਰ ਲਈ

# ਅੱਜ ਸੰਗਤਾਂ ਦੀ ਇਕੱਤਰਤਾ—ਅਹੁਦੇਦਾਰਾਂ ਨੂੰ ਸਿਰਪਾਓ ਦੇ ਕੇ ਕੀਤਾ ਸਨਮਾਨਿਤ





**ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ)** :— ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੇ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਕ ਜਥੇ ਦੇ ਵਿਸਥਾਰ ਲਈ ਦਮਦਮੀ ਟਕਸਾਲ ਜਥਾ ਭਿੰਡਰਾਂ ਮਹੀਤਾ ਸੇਵਕ ਜਥੇ ਦਾ ਮਾਲਵਾ ਖੇਤਰ ਵਿੱਚ ਵਿਸਥਾਰ ਕਰਦਿਆਂ ਅਹੁਦੇਦਾਰਾਂ ਦਾ ਸਨਮਾਨਿਤ ਕੀਤਾ ਗਿਆ। ਦਮਦਮੀ ਟਕਸਾਲ ਵੱਲੋਂ ਜਥੇਦਾਰ ਸੁਖਦੇਵ ਸਿੰਘ ਸ਼੍ਰੀ ਅਨੰਦਪੁਰ ਸਾਹਿਬ ਵਾਲੇ ਮੁੱਖ ਬੁਲਾਰੇ ਦਮਦਮੀ ਟਕਸਾਲ ਮੌਜੂਦ ਸਨ।ਨਗਰ ਸੇਖੂ ਵਿਖੇ ਸਮੂਹ ਨਗਰ ਨਿਵਾਸੀਆਂ ਇਲਾਕਾ ਨਿਵਾਸੀਆਂ ਸੰਗਤਾਂ ਦੀ ਇਕੱਤਰਤਾ ਦੇ ਸਹਿਯੋਗ ਨਾਲ ਸ਼ੁਕਰਾਨਾ ਅਤੇ ਅਰਦਾਸ ਸਮਾਗਮ ਕਰਵਾਏ ਗਏ।ਸਾਰੇ ਨਗਰ ਵੱਲੋਂ ਜਿਥੇ ਸਾਰੇ ਹੀ ਅਹੁਦੇਦਾਰਾਂ ਸਨਮਾਨਿਤ ਕੀਤਾ ਉਥੇ ਹੀ ਜਥੇਦਾਰ ਜਗਤਾਰ ਸਿੰਘ ਪ੍ਰਧਾਨ ਜ਼ਿਲ੍ਹਾ ਬਠਿੰਡਾ ਦਾ ਵਿਸ਼ੇਸ਼ ਸਨਮਾਨ ਕੀਤਾ ਅਤੇ ਸੰਗਤਾਂ ਵੱਲੋਂ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੇ ਵਿਸ਼ੇਸ਼ ਧੰਨਵਾਦ ਕੀਤਾ। ਉਪਰੰਤ ਸਮੂਹ ਕਾਫਲੇ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ ਹੋਣ ਲਾਈ ਜਾਂਦਿਆਂ ਰਸਤੇ ਵਿੱਚ ਵੱਖ—ਵੱਖ ਨਗਰਾਂ ਵੱਲੋਂ ਸਨਮਾਨ ਕੀਤਾ ਗਿਆ ਅਤੇ ਨਗਰ ਰਾਮਸਰਾ ਵੱਲੋਂ ਸਾਰੇ ਕਾਫ਼ਲੇ ਨੂੰ ਜਲ ਪਾਣੀ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਪਿੰਡ ਰਾਮਸਰਾ ਦੀ ਸੰਗਤਾਂ ਨੇ ਕਾਫਲੇ ਵਿੱਚ ਸ਼ਮੂਲੀਅਤ ਕਰਦਿਆਂ ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਸਾਰੇ ਕਾਫਲੇ ਨੇ ਸੰਗਤ ਰੂਪ ਵਿੱਚ ਨਤਮਸਤਕ ਹੋਈਆ ਅਤੇ ਗ੍ਰੰਥੀ ਸਿੰਘ ਵੱਲੋਂ ਜਥੇ ਦੀ ਚੜ੍ਹਦੀਕਲਾਂ ਲਈ ਅਰਦਾਸ ਕੀਤੀ ਗਈ। ਉਪਰੰਤ ਨਗਰ ਰੋੜੀ ਵੱਲ ਨੂੰ ਕਾਫਲੇ ਨੇ ਚਾਲਾਂ ਮਾਰਿਆ ਜਿਥੇ ਨਗਰ ਰੋੜੀ ਦੀ ਸੰਗਤਾਂ ਵੱਲੋਂ ਸਾਰੇ ਕਾਫਲੇ ਦੀ ਫੁਲਾਂ ਦੀ ਵਰਖਾ ਕਰਦੇ ਹੋਏ ਸਿਰੋਪਾਓ ਅਤੇ ਹਾਰ ਪਾਕੇ ਸਵਾਗਤ ਕੀਤਾ। ਉਥੇ ਹੀ ਹਰਿਆਣਾ ਦੇ ਅਹੁਦੇਦਾਰਾਂ ਜਥੇਦਾਰ ਕੁਲਦੀਪ ਸਿੰਘ ਪ੍ਰਧਾਨ ਹਰਿਆਣਾ ਅਤੇ ਜਥੇਦਾਰ ਗੁਰਜੰਟ ਸਿੰਘ ਧਰਮ ਪ੍ਰਚਾਰ ਚੇਅਰਮੈਨ ਅਤੇ ਮੀਤ ਪ੍ਰਧਾਨ ਹਰਿਆਣਾ ਵਜੋਂ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਘਰ ਦੀ ਸੇਵਾ, ਸਿੱਖੀ ਦੇ ਪ੍ਰਚਾਰ ਪ੍ਰਸਾਰ ਅਤੇ ਪੰਥਕ ਕਾਰਜਾਂ ਨੂੰ ਹੋਰ ਮਜ਼ਬੂਤ ਅਤੇ ਲੋਕ ਭਲਾਈ ਕਾਰਜ ਕਰਨ ਦਾ ਸੱਦਾ ਦਿੱਤਾ ਗਿਆ। ਇਸ ਇਕੱਤਰਤਾ ਵਿੱਚ ਮਾਲਵਾ ਜੋਨ ਦੇ ਪ੍ਰਧਾਨ ਭਾਈ ਆਤਮਾ ਸਿੰਘ ਬਠਿੰਡਾ, ਜਥੇਦਾਰ ਭਾਈ ਗੁਰਮੀਤ ਸਿੰਘ ਤਲਵੰਡੀ ਸਾਬੋ (ਕਾਨੂੰਨੀ ਤੇ ਮੀਡੀਆ ਸਲਾਹਕਾਰ ਮਾਲਵਾ ਜੋਨ ਅਤੇ ਹਰਿਆਣਾ),ਮੀਤ ਪ੍ਰਧਾਨ ਜਸਨੂਰ ਸਿੰਘ ਮਾਲਵਾ ਜੋਨ, ਜਥੇਦਾਰ ਜਗਤਾਰ ਸਿੰਘ ਜ਼ਿਲ੍ਹਾ ਪ੍ਰਧਾਨ ਬਠਿੰਡਾ, ਜਥੇਦਾਰ ਕੁਲਦੀਪ ਸਿੰਘ ਪ੍ਰਧਾਨ ਹਰਿਆਣਾ, ਜਥੇਦਾਰ ਗੁਰਜੰਟ ਸਿੰਘ ਧਰਮ ਪ੍ਰਚਾਰ ਚੇਅਰਮੈਨ ਅਤੇ ਮੀਤ ਪ੍ਰਧਾਨ ਹਰਿਆਣਾ, ਜਥੇਦਾਰ ਜਗਜੀਤ ਸਿੰਘ ਜੀਤੀ ਪ੍ਰਧਾਨ ਬਠਿੰਡਾ ਅਤੇ ਮੀਤ ਪ੍ਰਧਾਨ ਇੰਦਰਜੀਤ ਸਿੰਘ, ਪ੍ਰੈਸ ਸਕੱਤਰ ਗੁਰਤੇਜ ਸਿੰਘ ਸਿੱਧੂ ਮਾਲਵਾ ਜੋਨ, ਭਾਈ ਗੁਰਮੀਤ ਸਿੰਘ ਸੁਖਚੈਨ (ਸੀਨੀਅਰ ਮੈਂਬਰ), ਭਾਈ ਪ੍ਰਗਟ ਸਿੰਘ ਸਾਬਕਾ ਸਰਪੰਚ ਤ੍ਰਿਲੋਕੇਵਾਲਾ, ਅੰਮ੍ਰਿਤ ਸਿੰਘ ਤਿਲੋਕੇਵਾਲਾ, ਗੁਰਮੀਤ ਸਿੰਘ ਸੁਖਚੈਨ, ਕੁਲਦੀਪ ਸਿੰਘ ਸੁਖਚੈਨ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਿਰਕਤ ਕੀਤੀ।ਸਮਾਗਮ ਦੌਰਾਨ ਹਲਕਾ ਤਲਵੰਡੀ ਸਾਬੋ ਦੇ ਪਿੰਡ ਸੇਖੂ, ਤਿਗੜੀ, ਤ੍ਰਿਲੋਕੇਵਾਲਾ, ਦਾਦੂ, ਸੁਖਚੈਨ, ਮਾਖਾ, ਸ਼ੇਖਪੁਰਾ, ਰੋੜੀ, ਸਰਦੂਲਗੜ੍ਹ, ਬਠਿੰਡਾ, ਤਲਵੰਡੀ ਸਾਬੋ ਅਤੇ ਮਾਨਸਾ ਜ਼ਿਲ੍ਹੇ ਤੋਂ ਪਹੁੰਚੀਆਂ ਸੰਗਤਾਂ ਵੱਲੋਂ ਸਿਰਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰੂ ਘਰ ਦੀ ਸੇਵਾ ਅਤੇ ਪੰਥਕ ਏਕਤਾ ਲਈ ਅਤੇ ਲੋਕ ਭਲਾਈ ਕਾਰਜਾਂ ਨੂੰ ਮਿਲਜੁਲ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ ਗਿਆ।

### ਰਾਤ ਨੂੰ ਖੇਤ ਵਿੱਚ ਇੰਜਨ ਦੇ ਸਲਾਂਸਰ ਕੋਲ ਮੰਜਾ ਡਾਹ ਕੇ ਸੌਣ ਅਤੇ ਕਿਸਾਨ ਦਾ ਪੁੱਤ ਹੋਣ ਦਾ ਦਾਅਵਾ ਕਰਨ ਵਾਲੇ

# ਭਗਵੰਤ ਮਾਨ ਵੱਲੋਂ ਕਿਸਾਨਾਂ ਦੀ ਲੁੱਟ ਕਰਨ ਵਾਲੇ ਲੈਂਡ ਮੋਰਗੇਜ ਬੈਂਕ ਦੇ ਭ੍ਰਿਸ਼ਟ ਅਫਸਰਾਂ ਨੂੰ ਬਚਾਉਣ ਲਈ ਉੱਚ ਅਧਿਕਾਰੀਆਂ ਦੀ ਲਗਾਈ ਗਈ ਡਿਊਟੀ

**ਚੋਹਲਾ ਸਾਹਿਬ/ਫਰੀਦਕੋਟ 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਦੇ ਕੌਮੀ ਕਨਵੀਨਰ ਅਤੇ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਜਗਜੀਤ ਸਿੰਘ ਡੱਲੇਵਾਲ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਹੋਇਆਂ ਦੱਸਿਆ ਕਿ ਪਿੱਛਲੀ 30 ਮਾਰਚ ਤੋਂ ਲੈਂਡ ਮੋਰਗੇਜ ਬੈਂਕ ਫਰੀਦਕੋਟ ਅਤੇ ਹੋਰ ਪੰਜਾਬ ਦੇ 12 ਜਿਲ੍ਹਿਆਂ ਵਿੱਚ ਲੈਂਡ ਮੋਰਗੇਜ ਬੈਂਕ ਦੀਆਂ ਮੇਨ ਬਰਾਂਚਾਂ ਨੂੰ ਬੰਦ ਕਰਕੇ ਪਿੰਡ ਹਰੀ ਨੌਂ ਦੇ ਦੋ ਸਕੇ ਭਰਾਵਾਂ ਨੂੰ ਇਨਸਾਫ ਦਿਵਾਉਣ ਅਤੇ ਪੰਜਾਬ ਭਰ ਦੀਆਂ ਲੈਂਡ ਮੋਰਗੇਜ ਬੈਂਕਾਂ ਵੱਲੋਂ ਕਿਸਾਨਾਂ ਨਾਲ ਕੀਤੀ ਗਈ ਧੋਖਾਧੜੀ ਦੇ ਦੋਸ਼ੀ ਭ੍ਰਿਸ਼ਟ ਮੈਨੇਜਰਾਂ ਉੱਪਰ ਕਾਰਵਾਈ ਕਰਵਾਉਣ ਲਈ ਲਗਾਤਾਰ ਦਿਨ ਰਾਤ ਧਰਨਾ ਚੱਲ ਰਿਹਾ ਹੈ ਅਤੇ ਬੈਂਕ ਦੇ ਮੈਨੇਜਰਾਂ ਵੱਲੋਂ ਕਿਸਾਨਾਂ ਨਾਲ ਕੀਤੀਆਂ ਗਈਆਂ ਧੋਖਾਧੜੀਆਂ ਅਤੇ ਕਿਸਾਨਾਂ ਤੋਂ ਲੈ ਗਏ ਖਾਲੀ ਚੈੱਕਾਂ ਉੱਪਰ ਕਢਵਾਏ ਗਏ ਪੈਸੇ ਦੇ ਸਬੂਤ ਜਥੇਬੰਦੀ ਵੱਲੋਂ ਚੰਡੀਗੜ੍ਹ ਤੋਂ ਪੁੱਜੇ ਉੱਚ ਅਧਿਕਾਰੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੀਟਿੰਗਾਂ ਵਿੱਚ ਦਿੱਤੇ ਜਾ ਚੁੱਕੇ ਹਨ ਪ੍ਰੰਤੂ ਕਿਸਾਨਾਂ ਨਾਲ ਹੋਈ ਧੋਖਾਧੜੀਆਂ ਦੇ ਸਬੂਤ ਉੱਚ ਅਧਿਕਾਰੀਆਂ ਨੂੰ ਦੇਣ ਤੋਂ ਬਾਅਦ ਵੀ ਦੋਸ਼ੀਆਂ ਉੱਪਰ ਕਾਰਵਾਈ ਕਰਨ ਦੀ ਬਜਾਏ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਆਪਣੀ ਅਗਵਾਈ ਵਾਲੀ ਲੈਂਡ ਮੋਰਗੇਜ ਬੈਂਕ ਦੇ ਭ੍ਰਿਸ਼ਟ ਮੈਨੇਜਰਾਂ ਨੂੰ ਬਚਾਉਣ ਲਈ ਹੀ ਉੱਚ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ ਜਿਸ ਤੋਂ ਸਪਸ਼ਟ ਸੰਦੇਸ਼ ਮਿਲ ਰਿਹਾ ਹੈ ਕਿ ਪੰਜਾਬ ਸਰਕਾਰ ਦੋਸ਼ੀਆਂ ਉੱਤੇ ਕਾਰਵਾਈ ਕਰਨ ਦੀ ਬਜਾਏ ਆਪਣੇ ਕਮਾਊ ਪੁੱਤ ਭ੍ਰਿਸ਼ਟ ਅਫਸਰਾਂ ਨੂੰ ਬਚਾਉਣ ਲਈ ਹੀ ਹਰ ਇੱਕ ਹੱਥਕੰਡਾ ਵਰਤ ਰਹੀ ਹੈ। ਜਗਜੀਤ ਸਿੰਘ ਡੱਲੇਵਾਲ ਨੇ ਅੱਗੇ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾਅਵਾ ਕਰਦੇ ਹਨ ਕਿ ਉਹ ਰਾਤ ਨੂੰ ਖੇਤ ਵਿੱਚ ਇੰਜਨ ਦੇ ਸਲੈਂਸਰ ਕੋਲ ਮੰਜਾ ਡਾਹ ਕੇ ਸੌਂਦੇ ਰਹੇ ਹਨ ਪਰ ਜੇਕਰ ਉਹ ਅਸਲੀਅਤ ਵਿੱਚ ਰਾਤ ਨੂੰ ਲੜਦੇ ਮੱਛਰ ਤੋਂ ਬਚਣ ਲਈ ਇੰਜਨ ਦੇ ਸਲਾਂਸਰ ਕੋਲ ਮੰਜਾ ਡਾਹ ਕੇ ਸੁੱਤੇ ਹੁੰਦੇ ਤਾਂ ਉਹਨਾਂ ਨੂੰ ਇਸ ਗੱਲ ਦਾ ਅਹਿਸਾਸ ਹੁੰਦਾ ਕਿ ਕਿਸਾਨ ਕਿਸ ਤਰ੍ਹਾਂ ਰਾਤਾਂ ਨੂੰ ਜਾਗ ਕੇ ਦਸ ਦਸ ਰੁਪਏ ਬਚਾਉਂਦਾ ਹੈ ਪਰ ਹਕੀਕਤ ਇਹ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਿਸਾਨ ਦਾ ਪੁੱਤ ਹੋਣ ਦਾ ਝੂਠਾ ਦਾਅਵਾ ਅਤੇ ਕਿਸਾਨਾਂ ਦੇ ਧਰਨਿਆਂ ਵਿੱਚ ਸ਼ਾਮਲ ਹੋ ਕੇ ਸੱਤਾ ਤਾਂ ਹਾਸਲ ਕਰ ਲਈ ਗਈ ਹੈ।

# ਮੁੱਖ ਅਫਸਰ ਸੁਖਚੈਨ ਮਹਿਤਾ ਨੂੰ ਰਾਮਗੜ੍ਹੀਆ ਸੁਸਾਇਟੀ ਦੇ ਮੈਂਬਰਾਂ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 20 ਜੁਲਾਈ (ਮਨੋਹਰ ਲਾਲ) :— ਆਪਣੀ ਨਵੇਕਲੀ ਪਹਿਚਾਣ ਬਣਾ ਚੁੱਕੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਪੰਜਾਬ ਦੀ ਜਥੇਬੰਦੀ ਦੇ ਅਹੁਦੇਦਾਰ ਵੱਲੋਂ ਸ੍ਰੀ ਸੁਖਚੈਨ ਮਹਿਤਾ ਮੁੱਖ ਅਫਸਰ ਥਾਣਾ ਸਿਟੀ ਫਿਰੋਜ਼ਪੁਰ ਸ਼ਹਿਰ ਨੂੰ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਦੱਸਿਆ ਕਿ ਸ੍ਰੀ ਸੁਖਚੈਨ ਮਹਿਤਾ ਬੜੇ ਲੰਮੇ ਸਮੇਂ ਤੋਂ ਥਾਣਾ ਸਿਟੀ ਫਿਰੋਜਪੁਰ ਸ਼ਹਿਰ ਵਿੱਚ ਬਤੌਰ ਏ.ਐਸ.ਆਈ ਦੀ ਡਿਊਟੀ ਨਿਭਾ ਰਹੇ ਸਨ ਉਨ੍ਹਾਂ ਨੂੰ ਤਰੱਕੀ ਮਿਲਣ ਤੇ ਥਾਣਾ ਸਿਟੀ ਫਿਰੋਜ਼ਪੁਰ ਸ਼ਹਿਰ ਵਿੱਚ ਮੁੱਖ ਅਫਸਰ ਲਾਇਆ ਗਿਆ। ਉਨ੍ਹਾਂ ਨੂੰ ਸਨਮਾਨਿਤ ਕਰਨ ਲਈ ਸੁਸਾਇਟੀ ਦੇ ਮੈਂਬਰਾ ਵੱਲੋਂ ਥਾਣਾ ਮੁਖੀ ਨੂੰ ਸਰੋਪਾਓ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਵਧਾਈਆਂ ਦਿੱਤੀਆਂ। ਇਸ ਮੌਕੇ ਥਾਣਾ ਮੁਖੀ ਸੁਖਚੈਨ ਮਹਿਤਾ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਸੋਸਾਇਟੀ ਦੇ ਮੈਂਬਰਾਂ ਦੀ ਆਓ ਭਗਤ ਕੀਤੀ ਅਤੇ ਦਿਲ ਖੋਲ ਕੇ ਗੱਲਾਂਬਾਤਾਂ ਕੀਤੀਆਂ। ਇਸ ਮੌਕੇ ਅੰਗਰੇਜ਼ ਸਿੰਘ ਕਲਸੀ ਬਲਾਕ ਕੋਆਰਡੀਨੇਟਰ ਨੇ ਫਿਰੋਜ਼ਪੁਰ ਸ਼ਹਿਰ ਵਿੱਚ ਵੱਧ ਰਹੇ ਕ੍ਰਾਈਮ ਬਾਰੇ ਗੱਲਬਾਤ ਕਰਨ ਤੇ ਮਹਿਤਾ ਸਾਬ ਨੇ ਦੱਸਿਆ ਕਿ ਫਿਰੋਜ਼ਪੁਰ ਸ਼ਹਿਰ ਵਿੱਚ ਕੋਈ ਵੀ ਕ੍ਰਾਈਮ ਕਰਨ ਵਾਲਾ ਬਖਸ਼ਿਆਂ ਨਹੀਂ ਜਾਵੇਗਾ। ਸੁਸਾਇਟੀ ਆਗੂਆਂ ਨੇ ਕਿਹਾ ਕਿ ਅਸੀਂ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਮਹਿਤਾ ਸਾਬ ਵਰਗੇ ਨਿਰਡਰ ਅਤੇ ਇਮਾਨਦਾਰ ਅਫਸਰ ਹਰ ਚੌਂਕੀ ਵਿੱਚ ਲਗਾਏ ਜਾਣ ਤਾਂ ਜੋ ਕਿਸੇ ਵੀ ਸ਼ਹਿਰ ਵਿੱਚ ਕ੍ਰਾਈਮ ਨਾ ਹੋਣ। ਇਸ ਮੌਕੇ ਸੋਸਾਇਟੀ ਮੈਂਬਰ ਭਗਵਾਨ ਸਿੰਘ ਦੜਿਆਲਾ, ਸੁਖਮੰਦਰ ਸਿੰਘ ਜੱਬਲ, ਹਰਜਿੰਦਰ ਸਿੰਘ ਦੜਿਆਲਾ, ਜਰਨੈਲ ਸਿੰਘ ਗਾਬੜੀਆ, ਗੁਰਮੀਤ ਸਿੰਘ ਗਾਬੜੀਆ, ਕੁਲਦੀਪ ਸਿੰਘ ਸੰਧੂ, ਬਲਵੰਤ ਸਿੰਘ ਸੰਧੂ, ਜਸਵਿੰਦਰ ਸਿੰਘ ਸੰਧੂ, ਅਮਰ ਸਿੰਘ ਗਾਬੜੀਆ ਵੀ ਹਾਜ਼ਰ ਸਨ।

# ਮੁੱਦਕੀ ਵਿਖੇ ਮੁ.ਫਤ ਔਰਥੋਪੈਡਿਕਸ ਅਤੇ ਇੰਟਰਨਲ ਮੈਡੀਸਨ ਕੈਂਪ: ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਨੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਪੇਂਡੂ ਖੇਤਰਾਂ ਵਿੱਚ ਪਹੁੰਚਾਈਆਂ ਮਾਹਰ ਸਿਹਤ ਸੇਵਾਵਾਂ

ਫ਼ਿਰੋਜ਼ਪੁਰ 20 ਜੁਲਾਈ (ਮਨੋਹਰ ਲਾਲ): ਅਮਨਦੀਪ ਹਸਪਤਾਲ ਫ਼ਿਰੋਜ਼ਪੁਰ, ਉਜਾਲਾ ਸਿਗਨਸ ਦੇ ਸਹਿਯੋਗ ਨਾਲ, 22 ਜੁਲਾਈ 2026 ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ 'ਏ ਵਨ ਨਾਗੀ ਹਸਪਤਾਲ', ਲੋਹਮ ਰੋਡ, ਮੁਦਕੀ ਵਿਖੇ ਇੱਕ ਮੁਫ਼ਤ ਮੈਡੀਕਲ ਚੈੱਕ-ਅੱਪ ਕੈਂਪ ਦਾ ਆਯੋਜਨ ਕਰਨ ਜਾ ਰਿਹਾ ਹੈ। ਇਹ ਕੈਂਪ ਮੁਦਕੀ ਅਤੇ ਆਸ-ਪਾਸ ਦੇ ਇਲਾਕਿਆਂ ਦੇ ਨਿਵਾਸੀਆਂ ਲਈ ਔਰਥੋਪੈਡਿਕਸ (ਹੱਡੀਆਂ ਅਤੇ ਜੋੜਾਂ ਦੇ ਰੋਗ) ਅਤੇ ਇੰਟਰਨਲ ਮੈਡੀਸਨ (ਅੰਦਰੂਨੀ ਬਿਮਾਰੀਆਂ) ਦੀਆਂ ਮੁਫ਼ਤ ਸਲਾਹ-ਮਸ਼ਵਰਾ ਸੇਵਾਵਾਂ ਪ੍ਰਦਾਨ ਕਰੇਗਾ। ਕੈਂਪ ਦੌਰਾਨ ਮਰੀਜ਼ਾਂ ਦੀ ਜਾਂਚ ਡਾ. ਕਨਿਸ਼ ਕਿਨਰਾ (ਕੰਸਲਟੈਂਟ - ਔਰਥੋਪੈਡਿਕਸ ਅਤੇ ਜੋੜ ਬਦਲਣ ਦੇ ਮਾਹਰ ਸਰਜਨ) ਅਤੇ ਡਾ. ਪ੍ਰਦੀਪ ਕੁਮਾਰ ਮਿੱਤਲ (ਕੰਸਲਟੈਂਟ - ਇੰਟਰਨਲ ਮੈਡੀਸਨ) ਵੱਲੋਂ ਕੀਤੀ ਜਾਵੇਗੀ।



ਇਸ ਪਹਿਲਕਦਮੀ ਬਾਰੇ ਬੋਲਦਿਆਂ, ਡਾ. ਅਮਨਦੀਪ ਕੌਰ (ਡਾਇਰੈਕਟਰ, ਅਮਨਦੀਪ ਹਸਪਤਾਲ ਫ਼ਿਰੋਜ਼ਪੁਰ) ਨੇ ਕਿਹਾ ਕਿ ਅਜਿਹੇ ਸਿਹਤ ਕੈਂਪਾਂ ਦਾ ਉਦੇਸ਼ ਬਿਮਾਰੀਆਂ ਤੋਂ ਬਚਾਅ (ਪ੍ਰੀਵੈਂਟਿਵ ਕੇਅਰ) ਨੂੰ ਉਤਸ਼ਾਹਿਤ ਕਰਨਾ ਅਤੇ ਪੇਂਡੂ ਆਬਾਦੀ ਤੱਕ ਮਾਹਰ ਡਾਕਟਰਾਂ ਦੀ ਸਲਾਹ ਨੂੰ ਆਸਾਨ ਬਣਾਉਣਾ ਹੈ। ਕੈਂਪ ਵਿੱਚ ਆਉਣ ਵਾਲੇ ਮਰੀਜ਼ਾਂ ਦੀ ਮੁਫ਼ਤ ਓ.ਪੀ.ਡੀ. ਜਾਂਚ, ਸ਼ੁਰੂਆਤੀ ਸਿਹਤ ਸਕ੍ਰੀਨਿੰਗ, ਅਤੇ ਹੱਡੀਆਂ ਤੇ ਜੋੜਾਂ ਦੀ ਸਿਹਤ, ਗਠੀਆ (ਆਰਥਰਾਈਟਿਸ), ਜੋੜਾਂ ਦੇ ਦਰਦ, ਸ਼ੂਗਰ (ਡਾਇਬਟੀਜ਼), ਹਾਈ ਬਲੱਡ ਪ੍ਰੈਸ਼ਰ (ਹਾਈਪਰਟੈਨਸ਼ਨ), ਜੀਵਨ-ਸ਼ੈਲੀ ਨਾਲ ਜੁੜੀਆਂ ਬਿਮਾਰੀਆਂ ਅਤੇ ਪਰਹੇਜ਼ੀ ਦੇਖਭਾਲ ਬਾਰੇ ਮੁਫ਼ਤ ਮਾਰਗਦਰਸ਼ਨ ਦਿੱਤਾ ਜਾਵੇਗਾ। ਇਹ ਉਪਰਾਲਾ ਉਜਾਲਾ ਸਿਗਨਸ ਦੇ ਸਹਿਯੋਗ ਨਾਲ, ਜ਼ਮੀਨੀ ਪੱਧਰ 'ਤੇ ਮਿਆਰੀ ਅਤੇ ਕਿਫ਼ਾਇਤੀ ਸਿਹਤ ਸੰਭਾਲ ਸੇਵਾਵਾਂ ਦਾ ਵਿਸਥਾਰ ਕਰਨ ਲਈ ਅਮਨਦੀਪ ਹਸਪਤਾਲ ਫ਼ਿਰੋਜ਼ਪੁਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਅਮਨਦੀਪ ਗਰੁੱਪ ਪੰਜਾਬ ਅਤੇ ਜੰਮੂ-ਕਸ਼ਮੀਰ ਦੇ ਛੇ ਮਹੱਤਵਪੂਰਨ ਸਥਾਨਾਂ 'ਤੇ 750 ਤੋਂ ਵੱਧ ਬੈੱਡਾਂ ਅਤੇ 170 ਤੋਂ ਵੱਧ ਮਾਹਰ ਡਾਕਟਰਾਂ ਦੀ ਟੀਮ ਨਾਲ ਇੱਕ ਪ੍ਰਮੁੱਖ ਹੈਲਥਕੇਅਰ ਨੈੱਟਵਰਕ ਵਜੋਂ ਉੱਭਰਿਆ ਹੈ। ਉਜਾਲਾ ਸਿਗਨਸ ਹਸਪਤਾਲਾਂ ਦੇ ਸਹਿਯੋਗ ਨਾਲ, ਇਹ ਗਰੁੱਪ ਆਧੁਨਿਕ ਤਕਨਾਲੋਜੀ, ਉੱਤਮ ਡਾਕਟਰੀ ਸੇਵਾਵਾਂ, ਅਤੇ ਮਾਹਰਾਂ ਦੀ ਦੇਖਭਾਲ ਜ਼ਰੀਏ ਹਰ ਇੱਕ ਤੱਕ ਪਹੁੰਚਯੋਗ, ਕਿਫ਼ਾਇਤੀ, ਅਤੇ ਵਧੀਆ ਸਿਹਤ ਸੇਵਾਵਾਂ ਪਹੁੰਚਾਉਣ ਲਈ ਵਚਨਬੱਧ ਹੈ।

# ਥਾਣਾ ਮੱਤੇਵਾਲ ਦੇ ਐੱਸ.ਐੱਚ.ਓ. ਵੱਜੋਂ ਹਰਮਨ ਕੌਰ ਗਿੱਲ ਨੇ ਸੰਭਾਲਿਆ ਚਾਰਜ

ਚੌਂਕ ਮਹਿਤਾ, 20,ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਥਾਣਾ ਮੱਤੇਵਾਲ ਵਿਖੇ ਸਬ-ਇੰਸਪੈਕਟਰ ਹਰਮਨ ਕੌਰ ਗਿੱਲ ਨੇ ਨਵੇਂ ਐੱਸ.ਐੱਚ.ਓ. ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ। ਥਾਣੇ ਦੇ ਪੁਲੀਸ ਮੁਲਾਜ਼ਮਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੇ ਇਲਾਕੇ ਦੀ ਕਾਨੂੰਨ ਵਿਵਸਥਾ ਸਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਪੁਲੀਸ ਪ੍ਰਬੰਧਾਂ ਨੂੰ ਹੋਰ ਸੁਚਾਰੂ ਬਣਾਉਣ ਲਈ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਗੱਲਬਾਤ ਕਰਦਿਆਂ ਐੱਸ.ਐੱਚ.ਓ. ਹਰਮਨ ਕੌਰ ਗਿੱਲ ਨੇ ਕਿਹਾ ਕਿ ਆਪਣੇ ਕੰਮਾਂ ਲਈ ਥਾਣੇ ਆਉਣ ਵਾਲੇ ਹਰ ਵਿਅਕਤੀ ਨੂੰ ਪੂਰਾ ਸਤਿਕਾਰ ਮਿਲੇਗਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣ ਕੇ ਬਣਦਾ ਇਨਸਾਫ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੁਲੀਸ ਅਤੇ ਆਮ ਲੋਕਾਂ ਵਿਚਕਾਰ ਭਰੋਸੇ ਅਤੇ ਸਹਿਯੋਗ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨਾ ਮੇਰੀ ਮੁੱਖ ਤਰਜੀਹ ਹੋਵੇਗੀ। ਐੱਸ.ਐੱਚ.ਓ. ਹਰਮਨ ਕੌਰ ਗਿੱਲ ਨੇ ਸਪੱਸ਼ਟ ਕੀਤਾ ਕਿ ਮੱਤੇਵਾਲ ਥਾਣੇ ਅਧੀਨ ਆਉਂਦੇ ਇਲਾਕੇ ਵਿੱਚ ਕਿਸੇ ਵੀ ਵਿਅਕਤੀ ਨੂੰ ਗੈਰ-ਕਾਨੂੰਨੀ ਗਤੀਵਿਧੀਆਂ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਨਸ਼ਾ ਤਸਕਰੀ, ਨਸ਼ਿਆਂ ਦੀ ਵਰਤੋਂ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਨੂੰ ਸਖ਼ਤ ਤਾੜਨਾ ਕਰਦਿਆਂ ਉਨ੍ਹਾਂ ਕਿਹਾ ਕਿ ਪੁਲੀਸ ਵੱਲੋਂ ਅਜਿਹੇ ਤੱਤਾਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਪਰਾਧਾਂ ਨੂੰ ਰੋਕਣ ਲਈ ਪੁਲੀਸ ਦਾ ਸਹਿਯੋਗ ਕਰਨ ਅਤੇ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਬਾਰੇ ਤੁਰੰਤ ਪੁਲੀਸ ਨੂੰ ਸੂਚਿਤ ਕਰਨ।



ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਕ ਜਥੇ ਦਾ ਵੱਡਾ ਕਾਫ਼ਲਾ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ

# ਵੱਖ-ਵੱਖ ਨਗਰਾਂ ਦੀਆਂ ਸੰਗਤਾਂ ਨੇ ਨਿੱਘਾ ਸਵਾਗਤ ਕੀਤਾ





ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਸੇਵਕ ਜਥੇ ਦੇ ਮਾਲਵਾ ਖੇਤਰ ਵਿੱਚ ਵਿਸਥਾਰ ਨੂੰ ਲੈ ਕੇ ਅੱਜ ਇੱਕ ਵਿਸ਼ਾਲ ਧਾਰਮਿਕ ਇਕੱਤਰਤਾ ਅਤੇ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਨਵੇਂ ਅਤੇ ਮੌਜੂਦਾ ਅਹੁਦੇਦਾਰਾਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਘਰ ਦੀ ਸੇਵਾ, ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਪੰਥਕ ਏਕਤਾ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਦਿੱਤਾ ਗਿਆ। ਸਮਾਗਮ ਦੌਰਾਨ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਨਗਰ ਸੇਖੂ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ੁਕਰਾਨਾ ਅਤੇ ਅਰਦਾਸ ਸਮਾਗਮ ਕਰਵਾਇਆ ਗਿਆ, ਜਿੱਥੇ ਵੱਖ-ਵੱਖ ਖੇਤਰਾਂ ਤੋਂ ਪਹੁੰਚੀਆਂ ਸੰਗਤਾਂ ਨੇ ਅਹੁਦੇਦਾਰਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਜਥੇਦਾਰ ਜਗਤਾਰ ਸਿੰਘ, ਜ਼ਿਲ੍ਹਾ ਪ੍ਰਧਾਨ ਬਠਿੰਡਾ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਸੰਗਤਾਂ ਨੇ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਪਰੰਤ ਸਮੂਹ ਕਾਫ਼ਲਾ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ ਹੋਣ ਲਈ ਰਵਾਨਾ ਹੋਇਆ। ਰਸਤੇ ਵਿੱਚ ਨਗਰ ਰਾਮਸਰਾ ਸਮੇਤ ਕਈ ਪਿੰਡਾਂ ਦੀਆਂ ਸੰਗਤਾਂ ਨੇ ਜਲ-ਪਾਣੀ ਦੀ ਸੇਵਾ ਕੀਤੀ ਅਤੇ ਸਿਰੋਪਾਓ ਭੇਟ ਕਰਕੇ ਕਾਫ਼ਲੇ ਦਾ ਭਰਵਾਂ ਸਵਾਗਤ ਕੀਤਾ। ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸੰਗਤ ਰੂਪ ਵਿੱਚ ਨਤਮਸਤਕ ਹੋਣ ਉਪਰੰਤ ਗ੍ਰੰਥੀ ਸਿੰਘ ਵੱਲੋਂ ਜਥੇ ਦੀ ਚੜ੍ਹਦੀ ਕਲਾ ਅਤੇ ਪੰਥ ਦੀ ਤਰੱਕੀ ਲਈ ਅਰਦਾਸ ਕੀਤੀ ਗਈ। ਇਸ ਤੋਂ ਬਾਅਦ ਕਾਫ਼ਲਾ ਨਗਰ ਰੋੜੀ ਪਹੁੰਚਿਆ, ਜਿੱਥੇ ਸੰਗਤਾਂ ਨੇ ਫੁੱਲਾਂ ਦੀ ਵਰਖਾ, ਹਾਰਾਂ ਅਤੇ ਸਿਰੋਪਾਓ ਨਾਲ ਸਵਾਗਤ ਕੀਤਾ। ਇਸ ਮੌਕੇ ਹਰਿਆਣਾ ਇਕਾਈ ਦੇ ਜਥੇਦਾਰ ਕੁਲਦੀਪ ਸਿੰਘ (ਪ੍ਰਧਾਨ ਹਰਿਆਣਾ) ਅਤੇ ਜਥੇਦਾਰ ਗੁਰਜੰਟ ਸਿੰਘ (ਧਰਮ ਪ੍ਰਚਾਰ ਚੇਅਰਮੈਨ ਤੇ ਮੀਤ ਪ੍ਰਧਾਨ ਹਰਿਆਣਾ) ਨੂੰ ਵੀ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਬੁਲਾਰਿਆਂ ਨੇ ਗੁਰੂ ਘਰ ਦੀ ਸੇਵਾ, ਸਿੱਖੀ ਦੇ ਪ੍ਰਚਾਰ-ਪ੍ਰਸਾਰ, ਪੰਥਕ ਕਾਰਜਾਂ ਅਤੇ ਲੋਕ ਭਲਾਈ ਦੇ ਕੰਮਾਂ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਦਾ ਸੱਦਾ ਦਿੱਤਾ।

## 7 ਅਗਸਤ ਦੇ ਮੁੱਖ ਧਾਰਮਿਕ ਸਮਾਗਮ ਲਈ ਸੰਗਤਾਂ ਨੂੰ ਦਿੱਤਾ ਸੱਦਾ

ਇਸ ਇਕੱਤਰਤਾ ਵਿੱਚ ਮਾਲਵਾ ਜੋਨ ਦੇ ਪ੍ਰਧਾਨ ਭਾਈ ਆਤਮਾ ਸਿੰਘ ਬਠਿੰਡਾ, ਜਥੇਦਾਰ ਗੁਰਮੀਤ ਸਿੰਘ ਤਲਵੰਡੀ ਸਾਬੋ (ਕਾਨੂੰਨੀ ਤੇ ਮੀਡੀਆ ਸਲਾਹਕਾਰ ਮਾਲਵਾ ਜੋਨ ਅਤੇ ਹਰਿਆਣਾ), ਜਸਨੂਰ ਸਿੰਘ ਮੀਤ ਪ੍ਰਧਾਨ ਮਾਲਵਾ ਜੋਨ, ਜਥੇਦਾਰ ਜਗਤਾਰ ਸਿੰਘ ਜ਼ਿਲ੍ਹਾ ਪ੍ਰਧਾਨ ਬਠਿੰਡਾ, ਜਥੇਦਾਰ ਕੁਲਦੀਪ ਸਿੰਘ ਪ੍ਰਧਾਨ ਹਰਿਆਣਾ, ਜਥੇਦਾਰ ਗੁਰਜੰਟ ਸਿੰਘ ਧਰਮ ਪ੍ਰਚਾਰ ਚੇਅਰਮੈਨ ਅਤੇ ਮੀਤ ਪ੍ਰਧਾਨ ਹਰਿਆਣਾ, ਜਥੇਦਾਰ ਜਗਜੀਤ ਸਿੰਘ ਜੀਤੀ ਪ੍ਰਧਾਨ ਬਠਿੰਡਾ, ਮੀਤ ਪ੍ਰਧਾਨ ਇੰਦਰਜੀਤ ਸਿੰਘ, ਭਾਈ ਮੋਹਿਤ ਸਿੰਘ ਵਿਦਿਆਰਥੀ ਦਮਦਮੀ ਟਕਸਾਲ, ਪ੍ਰੈਸ ਸਕੱਤਰ ਗੁਰਤੇਜ ਸਿੰਘ ਸਿੱਧੂ ਮਾਲਵਾ ਜੋਨ, ਧਰਮਿੰਦਰ ਸਿੰਘ ਦਮਦਮੀ ਪ੍ਰੈਸ ਸਕੱਤਰ ਬਲਾਕ ਤਲਵੰਡੀ ਸਾਬੋ, ਭਾਈ ਗੁਰਮੀਤ ਸਿੰਘ ਸੁਖਚੈਨ (ਸੀਨੀਅਰ ਮੈਂਬਰ) ਭਾਈ ਪ੍ਰਗਟ ਸਿੰਘ (ਸਾਬਕਾ ਸਰਪੰਚ ਤ੍ਰਿਲੋਕੇਵਾਲਾ), ਅੰਮ੍ਰਿਤ ਸਿੰਘ ਤ੍ਰਿਲੋਕੇਵਾਲਾ , ਗੁਰਮੀਤ ਸਿੰਘ ਸੁਖਚੈਨ, ਕੁਲਦੀਪ ਸਿੰਘ ਸੁਖਚੈਨ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸਮਾਗਮ ਵਿੱਚ ਤਲਵੰਡੀ ਸਾਬੋ ਹਲਕੇ ਦੇ ਪਿੰਡ ਸੇਖੂ, ਤਿਗੜੀ, ਤ੍ਰਿਲੋਕੇਵਾਲਾ, ਦਾਦੂ, ਸੁਖਚੈਨ, ਮਾਖਾ, ਸ਼ੇਖਪੁਰਾ, ਰੋੜੀ, ਸਰਦੂਲਗੜ੍ਹ, ਬਠਿੰਡਾ, ਤਲਵੰਡੀ ਸਾਬੋ ਅਤੇ ਮਾਨਸਾ ਜ਼ਿਲ੍ਹੇ ਤੋਂ ਪਹੁੰਚੀਆਂ ਸੰਗਤਾਂ ਨੇ ਸਿਰੋਪਾਓ ਭੇਟ ਕਰਕੇ ਅਹੁਦੇਦਾਰਾਂ ਦਾ ਸਨਮਾਨ ਕੀਤਾ ਅਤੇ ਪੰਥਕ ਏਕਤਾ ਤੇ ਲੋਕ ਭਲਾਈ ਦੇ ਕਾਰਜਾਂ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ 7 ਅਗਸਤ ਨੂੰ ਹੋਣ ਜਾ ਰਹੇ ਮੁੱਖ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੰਗਤਾਂ ਨੂੰ ਸੱਦਾ ਦਿੱਤਾ ਗਿਆ। ਦੱਸਿਆ ਗਿਆ ਕਿ ਇਸ ਸਮਾਗਮ ਦੌਰਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ, ਗੁਰਮਤਿ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਮੰਤਰੀ ਈ.ਟੀ.ਓ. ਨੇ 22 ਲੱਖ ਦੀ ਲਾਗਤ ਨਾਲ ਬਣੇ ਪੰਚਾਇਤ ਘਰ ਦਾ ਕੀਤਾ ਉਦਘਾਟਨ

## ਸਰਪੰਚ ਪਰਮਿੰਦਰ ਸਿੰਘ ਨੂੰ ਡੱਟ ਕੇ ਕੰਮ ਕਰਨ ਲਈ ਦਿੱਤਾ ਥਾਪੜਾ



ਚੌਂਕ ਮਹਿਤਾ, 20 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਹਲਕਾ ਜੰਡਿਆਲਾ ਗੁਰੂ ਦੇ ਪਿੰਡ ਡੇਅਰੀਵਾਲ ਵਿਖੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਵੱਲੋਂ 22 ਲੱਖ ਰੁਪਏ ਦੀ ਲਾਗਤ ਨਾਲ ਬਣ ਕੇ ਤਿਆਰ ਹੋਏ ਪੰਚਾਇਤ ਘਰ ਦਾ ਉਦਘਾਟਨ ਕੀਤਾ ਗਿਆ। ਇਸ ਦੌਰਾਨ ਸਰਪੰਚ ਪਰਮਿੰਦਰ ਸਿੰਘ ਔਜਲਾ, ਪ੍ਰਧਾਨ ਗੁਰਮੁਖ ਸਿੰਘ ਔਜਲਾ ਡੇਅਰੀਵਾਲ, ਚੇਅਰਮੈਨ ਅਮਰੀਕ ਸਿੰਘ ਸੋਢੀ, ਹਰਪਾਲ ਸਿੰਘ ਚੌਹਾਨ, ਬਲਾਕ ਪ੍ਰਧਾਨ ਭੁਪਿੰਦਰ ਸਿੰਘ ਰੋਮਾਣਾ ਚੱਕ, ਸਰਪੰਚ ਗੁਰਮੁਖ ਸਿੰਘ ਸਰਜਾ, ਸਰਪੰਚ ਸੁਖਜਿੰਦਰ ਸਿੰਘ ਲਵਲੀ ਭੱਟੀਕੇ ਅਤੇ ਵੱਡੀ ਗਿਣਤੀ ਵਿਚ ਪਿੰਡ ਦੇ ਲੋਕ ਮੌਜੂਦ ਸਨ। ਇਸ ਦੌਰਾਨ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਇਸ ਪੰਚਾਇਤ ਘਰ ਨੂੰ ਜਿਲੇ ਅੰਮ੍ਰਿਤਸਰ ਦਾ ਸਭ ਤੋਂ ਪਹਿਲਾ ਪੰਚਾਇਤ ਘਰ ਦੱਸਿਆ। ਈ.ਟੀ.ਓ. ਨੇ ਸਰਪੰਚ ਪਰਮਿੰਦਰ ਸਿੰਘ ਵੱਲੋਂ ਪਿੰਡ ਡੇਅਰੀਵਾਲ ਵਿਖੇ ਕਰਵਾਏ ਜਾ ਰਹੇ ਕੰਮਾਂ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਪਿੰਡ ਦੀਆਂ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਅਤੇ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਪੰਚਾਇਤ ਵੱਲੋਂ ਕੀਤੇ ਜਾ ਰਹੇ ਕੰਮ ਪਿੰਡ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ। ਉਨ੍ਹਾਂ ਸਰਪੰਚ ਪਰਮਿੰਦਰ ਸਿੰਘ ਨੂੰ ਲੋਕ-ਹਿੱਤ ਵਿੱਚ ਇਸੇ ਤਰ੍ਹਾਂ ਇਮਾਨਦਾਰੀ ਅਤੇ ਲਗਨ ਨਾਲ ਕੰਮ ਕਰਦੇ ਰਹਿਣ ਲਈ ਥਾਪੜਾ ਦਿੱਤਾ। ਮੰਤਰੀ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਸਰਕਾਰ ਸਿੱਖਿਆ, ਸਿਹਤ, ਸੜਕਾਂ, ਬੁਨਿਆਦੀ ਢਾਂਚੇ ਅਤੇ ਹੋਰ ਹਰ ਖੇਤਰ ਵਿੱਚ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਅਤੇ ਸਹੂਲਤਾਂ ਦੇਣ ਲਈ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ। ਪੰਜਾਬ ਦੇ ਹਰ ਪਿੰਡ ਅਤੇ ਹਰ ਵਰਗ ਦੇ ਲੋਕਾਂ ਦੀ ਤਰੱਕੀ ਸਰਕਾਰ ਦੀ ਮੁੱਖ ਤਰਜੀਹ ਹੈ। ਇਸ ਮੌਕੇ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਨੂੰ ਥਾਪੜਾ ਦਿੱਤਾ, ਉਨ੍ਹਾਂ ਨੇ ਕਿਹਾ ਕਿ ਤੱਕੜੇ ਹੋ ਕੇ ਪਾਰਟੀ ਦੀ ਸੇਵਾ ਕਰੋਂ। ਮਿਹਨਤ ਕਰਨ ਵਾਲਿਆਂ ਨੂੰ ਬੰਨ੍ਹਦਾ ਸਨਮਾਨ ਪਾਰਟੀ ਕਰੋਗੀ। ਇਸ ਮੌਕੇ ਗੁਰਦੀਪ ਸਿੰਘ, ਸ਼ਿੰਦਾ ਸਿੰਘ, ਰਣਜੀਤ ਸਿੰਘ, ਹਰਦੇਵ ਸਿੰਘ ਦੇਬਾ, ਦਿਲਬਾਗ ਸਿੰਘ (ਸਾਰੇ ਪੰਚ), ਸਾਬਕਾ ਸਰਪੰਚ ਮਨਪ੍ਰੀਤ ਸਿੰਘ ਮੋਨੂ, ਸੂਬੇਦਾਰ ਸੇਵਾ ਸਿੰਘ, ਮਾ ਗੁਰਮੀਤ ਸਿੰਘ, ਬਚਿੱਤਰ ਸਿੰਘ ਪੀ ਏ, ਪ੍ਰਤਾਪ ਸਿੰਘ ਕੈਰੋਂ, ਬਲਵਿੰਦਰ ਸਿੰਘ ਬੱਗਾ, ਹਰਜੀਤ ਸਿੰਘ ਹੀਰਾ, ਲਖਵਿੰਦਰ ਸਿੰਘ ਡੋਗਰ, ਮੈਂਬਰ ਲਵਪ੍ਰੀਤ ਸਿੰਘ ਜੋਨੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਿੰਡ ਦੇ ਲੋਕ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਮਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਉੱਪਰ ਗਾਲਾਂ ਲਿਖਣ ਦਾ

## ਸ਼੍ਰੋਮਣੀ ਕਮੇਟੀ ਦੀ ਜਾਂਚ ਟੀਮ ਨੇ ਰਿਪੋਰਟ ਸ੍ਰੀ ਅਕਾਲ ਤਖਤ ਸਾਹਿਬ ਨੂੰ ਭੇਜੀ

ਤਲਵੰਡੀ ਸਾਬੋ, 20 ਜੁਲਾਈ (ਗੁਰਜੰਟ ਸਿੰਘ ਨਥੇਹਾ)- ਬੀਤੇ ਦਿਨੀ ਪਿੰਡ ਬੀਰੇਵਾਲਾ ਜੱਟਾਂ ਜਿਲ੍ਹਾ ਮਾਨਸਾ ਦੇ ਗੁਰਦੁਆਰਾ ਸਾਹਿਬ ਵਿਖੇ ਇਕ ਪੁਰਾਣਾ ਬੇਅਦਬੀ ਦਾ ਮਾਮਲਾ ਸਾਹਮਣੇ ਆਇਆ। ਜਿਸ ਨੂੰ ਲੈ ਕੇ ਪਿੰਡ ਵਾਸੀ ਸਿੱਖ ਸੰਗਤਾਂ, ਨਿਹੰਗ ਸਿੰਘ ਫੌਜਾਂ, ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਲੋਕਲ ਗੁਰਦੁਆਰਾ ਕਮੇਟੀ ਤੇ ਸਿੱਖ ਆਗੂਆਂ ਦੀ ਪ੍ਰਸ਼ਾਸਨ ਨਾਲ ਮੀਟਿੰਗ ਵੀ ਹੋਈ। ਜਿਸ ਵਿੱਚ ਫੈਸਲਾ ਲਿਆ ਗਿਆ ਕਿ 25 ਜੁਲਾਈ ਤੱਕ ਸ਼੍ਰੋਮਣੀ ਕਮੇਟੀ ਦੀ ਜਾਂਚ ਟੀਮ ਆਪਣੀ ਜਾਂਚ ਪੂਰੀ ਕਰੇਗੀ ਅਤੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਚਲਾ ਰਹੀ ਮੌਜੂਦਾ ਲੋਕਲ



ਕਮੇਟੀ ਭੰਗ ਕਰਕੇ ਇੱਕ ਆਰਜੀ ਪੰਜ ਮੈਂਬਰੀ ਕਮੇਟੀ ਉਦੋਂ ਤੱਕ ਕੰਮ ਕਾਰ ਚਲਾਵੇਗੀ। ਜ਼ਿਕਰਯੋਗ ਹੈ ਕਿ ਜਿਸ ਸਮੇਂ ਗ੍ਰੰਥੀ ਸਿੰਘ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਅੰਗ ਨੰਬਰ 70 ਉੱਪਰ ਮੰਦੀ ਭਾਸ਼ਾ ਮਾਵਾਂ ਭੈਣਾਂ ਦੀਆਂ ਗਾਲਾਂ ਲਿਖੀਆਂ ਹੋਈਆਂ ਮਿਲੀਆਂ ਤਾਂ ਉਸ ਨੇ ਕਮੇਟੀ ਮੈਂਬਰ ਨੂੰ ਇਸ ਸਬੰਧੀ ਫੋਨ ਕੀਤਾ ਤਾਂ ਉਸ ਨੇ ਜਵਾਬ ਦਿੱਤਾ ਕਿ ਸੋਨੂੰ ਬੇਅਦਬੀ ਦਾ ਅੱਜ ਪਤਾ ਲੱਗਾ ਇਹ ਤਾਂ ਦੋ ਸਾਲ ਪੁਰਾਣੀ ਗੱਲ ਹੈ। ਜਿਸ ਤੋਂ ਪਤਾ ਲੱਗਦਾ ਹੈ ਕਿ ਲੋਕਲ ਗੁਰਦੁਆਰਾ ਕਮੇਟੀ ਨੇ ਇਸ ਹੋਈ ਬੇਅਦਬੀ ਨੂੰ ਕਾਫੀ ਸਮਾਂ ਲੁਕਾਈ ਰੱਖਿਆ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਇਹ ਵੀ ਪਤਾ ਲੱਗਾ ਹੈ ਕਿ ਲੋਕਲ ਗੁਰਦੁਆਰਾ ਕਮੇਟੀ ਨੇ ਤਖਤ ਸ੍ਰੀ ਦਮਦਮਾ ਸਾਹਿਬ ਦੀ ਬਜਾਏ ਆਪਣੇ ਹਲਕੇ ਦੇ ਸ਼ਰੋਮਣੀ ਕਮੇਟੀ ਮੈਂਬਰ ਨੂੰ ਇੱਕ ਦਰਖਾਸਤ ਰਾਹੀਂ ਇਸ ਹੋਈ ਬੇਅਦਬੀ ਬਾਰੇ ਸੂਚਿਤ ਕੀਤਾ। ਇੱਥੇ ਇਹ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਜਿਸ ਲੋਕਲ ਗੁਰਦੁਆਰਾ ਕਮੇਟੀ ਦੇ ਸਮੇਂ ਬੇਅਦਬੀ ਹੋਈ ਹੈ ਉਸ ਕਮੇਟੀ ਦੇ ਵਿੱਚ ਸਿਰਫ ਇੱਕ ਅੰਮ੍ਰਿਤਧਾਰੀ ਹੀ ਸਿੰਘ ਹੈ। ਪੁਲਿਸ ਪ੍ਰਸ਼ਾਸਨ ਤੋਂ ਮਿਲੀ ਜਾਣਕਾਰੀ ਅਨੁਸਾਰ ਬੇਅਦਬੀ ਦੀ ਜਾਂਚ ਲਿਸਟ ਵਿੱਚ ਸ਼ਾਮਿਲ ਵਿਅਕਤੀਆਂ ਵਿੱਚੋਂ ਰਹਿੰਦੇ ਦੋ ਵਿਅਕਤੀਆਂ ਦੇ ਬਿਆਨ ਸ਼੍ਰੋਮਣੀ ਕਮੇਟੀ ਦੀ ਜਾਂਚ ਟੀਮ ਨੂੰ ਲਿਖਵਾ ਦਿੱਤੇ ਗਏ ਹਨ। ਉਧਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੂਤਰਾਂ ਤੋਂ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਬੀਰੇਵਾਲਾ ਜੱਟਾਂ ਦੇ ਬੇਅਦਬੀ ਮਸਲੇ ਦੀ ਜਾਂਚ ਨੂੰ ਪੂਰਾ ਕਰ ਲਿਆ ਗਿਆ ਹੈ ਤੇ ਜਾਂਚ ਦੀ ਰਿਪੋਰਟ ਨੂੰ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਭੇਜ ਦਿੱਤਾ ਗਿਆ ਹੈ। ਉਮੀਦ ਹੈ ਕਿ ਜਲਦ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਾ ਦੋਸ਼ੀ ਸਿੱਖ ਪੰਥ ਦੇ ਸਾਹਮਣੇ ਕਾਨੂੰਨ ਦੇ ਸ਼ਿਕੰਜੇ ਵਿੱਚ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਨਨਕਾਣਾ ਸਾਹਿਬ ਤੋਂ ਖਾਲਸਾ ਪੰਥ ਤੱਕ ਦਾ ਸਫ਼ਰ ਸਿੱਖੀ ਦੀ ਪੂਰਨਤਾ ਦਾ ਪ੍ਰਤੀਕ - ਜਥੇਦਾਰ ਕੁਲਦੀਪ ਸਿੰਘ ਗੜਗੱਜ

# ਰਬਾਬ ਅਤੇ ਨਗਾਰਾ ਸਿੱਖੀ ਦੇ ਦੋ ਅਟੁੱਟ ਅੰਗ, ਧਰਮ ਅਤੇ ਮੀਰੀ-ਪੀਰੀ ਨੂੰ ਵੱਖ ਨਹੀਂ ਕੀਤਾ ਜਾ ਸਕਦਾ

## ਖਾਲਿਸਤਾਨ ਸਟੇਜ ਤੋਂ ਜਥੇਦਾਰ ਗੜਗੱਜ ਨੇ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨੂੰ ਆਪਣੀਆਂ ਜੱਦੀ ਜ਼ਮੀਨਾਂ ਨਾ ਵੇਚਣ ਦੀ ਅਪੀਲ


















**ਸਲੋਹ (ਲੰਡਨ), 20 ਜੁਲਾਈ (ਸਰਬਜੀਤ ਸਿੰਘ ਬਨੂੜ)**-ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਆਪਣੀਆਂ ਜ਼ਮੀਨਾਂ ਨਾ ਵੇਚਣ ਅਤੇ ਆਪਣੇ ਪਿੰਡਾਂ ਨਾਲ ਰਿਸ਼ਤਾ ਕਦੇ ਨਾ ਤੋੜਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਲੋਹ ਦੇ ਭਰੇ ਹੋਏ ਦੀਵਾਨ ਹਾਲ ਵਿੱਚ ਸੰਗਤ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਖਾਲਿਸਤਾਨ ਪੱਖੀ ਆਗੂ ਅਤੇ ਸਮਰਥਕ ਮੌਜੂਦ ਸਨ। ਗੁਰਦੁਆਰਾ ਸਾਹਿਬ ਦੀ ਮੁੱਖ ਸਟੇਜ ਦੇ ਪਿੱਛੇ ਖਾਲਿਸਤਾਨ ਨਾਲ ਸਬੰਧਤ ਬੋਰਡ ਲੱਗਾ ਹੋਇਆ ਸੀ, ਜਦਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਪਣਾ ਸੰਬੋਧਨ ਕਵਿਸ਼ਰੀ ਮੰਚ ਤੋਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਾਡੀਆਂ ਜੜ੍ਹਾਂ ਹਨ ਅਤੇ ਜੜ੍ਹਾਂ ਤੋਂ ਟੁੱਟਿਆ ਦਰੱਖ਼ਤ ਲੰਮੇ ਸਮੇਂ ਤੱਕ ਹਰਾ ਨਹੀਂ ਰਹਿ ਸਕਦਾ। ਉਨ੍ਹਾਂ ਮੌਜੂਦ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਫਤਿਹਗੜ੍ਹ ਸਾਹਿਬ ਅਤੇ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਜ਼ਰੂਰ ਕਰਵਾਏ ਜਾਣ, ਤਾਂ ਜੋ ਨਵੀਂ ਪੀੜ੍ਹੀ ਆਪਣੇ ਧਰਮ, ਇਤਿਹਾਸ ਅਤੇ ਕੌਮੀ ਸ਼ਹਾਦਤਾਂ ਨਾਲ ਜੁੜੀ ਰਹੇ। ਸਿੰਘ ਸਾਹਿਬ ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖੀ ਦਾ ਆਰੰਭ ਸ੍ਰੀ ਨਨਕਾਣਾ ਸਾਹਿਬ ਦੀ ਪਵਿੱਤਰ ਧਰਤੀ ਤੋਂ ਹੁੰਦਾ ਹੈ ਅਤੇ ਖਾਲਸਾ ਪੰਥ ਦੀ ਸਥਾਪਨਾ ਨਾਲ ਇਹ ਸਫ਼ਰ ਆਪਣੀ ਪੂਰਨਤਾ ਤੱਕ ਪਹੁੰਚਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਗੁਰੂ ਨਾਨਕ ਦੇਵ ਜੀ ਦੀ ਰਬਾਬ ਨੇ ਮਨੁੱਖਤਾ ਨੂੰ ਅੰਮ੍ਰਿਤਮਈ ਬਾਣੀ ਰਾਹੀਂ ਪਿਆਰ, ਸ਼ਾਂਤੀ ਅਤੇ ਸੱਚ ਦਾ ਸੰਦੇਸ਼ ਦਿੱਤਾ, ਉੱਥੇ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਦੇ ਸਮੇਂ ਨਾਲ ਜੁੜੇ ਨਗਾਰੇ ਨੇ ਗੁਲਾਮੀ ਵਿਰੁੱਧ ਅਣਖ, ਨਿਰਭੈਤਾ ਅਤੇ ਸੂਰਬੀਰਤਾ ਦੀ ਭਾਵਨਾ ਜਗਾਈ। ਉਨ੍ਹਾਂ ਕਿਹਾ ਕਿ ਸਿੱਖੀ ਵਿੱਚ ਰਬਾਬ ਅਤੇ ਨਗਾਰਾ, ਭਗਤੀ ਅਤੇ ਸ਼ਕਤੀ, ਮਾਲਾ ਅਤੇ ਖੰਡਾ ਇੱਕ-ਦੂਜੇ ਤੋਂ ਵੱਖ ਨਹੀਂ ਹਨ। ਸਿੱਖ ਧਰਮ ਵਿੱਚ ਆਧਿਆਤਮਿਕਤਾ ਦੇ ਨਾਲ ਸਮਾਜਿਕ ਅਤੇ ਰਾਜਨੀਤਿਕ ਜ਼ਿੰਮੇਵਾਰੀ ਵੀ ਬਰਾਬਰ ਮਹੱਤਵ ਰੱਖਦੀ ਹੈ। ਇਸ ਲਈ ਸਿੱਖ ਨੂੰ ਧਰਮ ਨਾਲ ਜੁੜੇ ਰਹਿੰਦਿਆਂ ਇਨਸਾਫ਼ ਅਤੇ ਸੱਚ ਲਈ ਵੀ ਖੜ੍ਹਾ ਹੋਣਾ ਪੈਂਦਾ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖ ਦਾ ਪਹਿਲਾ ਗੁਣ ਨਿਮਰਤਾ ਹੈ। ਭਾਈ ਗੁਰਦਾਸ ਜੀ ਅਤੇ ਭਗਤ ਕਬੀਰ ਜੀ ਦੀ ਬਾਣੀ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਜਿਵੇਂ ਪਾਣੀ ਹਰ ਕਿਸੇ ਦੀ ਪਿਆਸ ਬੁਝਾਉਂਦਾ ਹੈ ਅਤੇ ਚੰਦਨ ਆਪਣੇ ਨੇੜੇ ਵਾਲਿਆਂ ਨੂੰ ਵੀ ਸੁਗੰਧਿਤ ਕਰ ਦਿੰਦਾ ਹੈ, ਉਸੇ ਤਰ੍ਹਾਂ ਗੁਰਸਿੱਖ ਦੀ ਸੰਗਤ ਮਨੁੱਖ ਨੂੰ ਚੰਗੇ ਗੁਣਾਂ ਨਾਲ ਜੋੜਦੀ ਹੈ। ਉਨ੍ਹਾਂ ਸ਼ਹੀਦਾਂ ਦੀ ਮਹਾਨਤਾ ਬਾਰੇ ਕਿਹਾ ਕਿ ਸਿੱਖ ਕੌਮ ਆਪਣੇ ਸ਼ਹੀਦਾਂ ਨੂੰ ਸਭ ਤੋਂ ਉੱਚਾ ਸਥਾਨ ਦਿੰਦੀ ਹੈ, ਕਿਉਂਕਿ ਉਹ ਮੌਤ ਦੇ ਡਰ 'ਤੇ ਵੀ ਜਿੱਤ ਹਾਸਲ ਕਰ ਲੈਂਦੇ ਹਨ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਸ਼ਹੀਦ ਪਰਿਵਾਰਾਂ ਦਾ ਸਤਿਕਾਰ ਕਰਨ ਦੇ ਨਾਲ-ਨਾਲ ਜਿੱਥੇ ਲੋੜ ਹੋਵੇ, ਉੱਥੇ ਆਰਥਿਕ ਅਤੇ ਸਮਾਜਿਕ ਸਹਿਯੋਗ ਵੀ ਦਿੱਤਾ ਜਾਵੇ। ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਹੱਕ ਅਤੇ ਸੱਚ ਲਈ ਮੌਤ ਨੂੰ ਗਲੇ ਲਗਾ ਲੈਣਾ ਹੀ ਸਿੱਖੀ ਦੀ ਅਸਲ ਕਰਾਮਾਤ ਹੈ। ਉਨ੍ਹਾਂ ਕਿਹਾ ਕਿ ਗੁਰੂ ਦੀ ਬਾਣੀ ਨਾਲ ਜੁੜਿਆ ਸਿੱਖ ਕਿਸੇ ਵੀ ਜ਼ੁਲਮ ਅੱਗੇ ਝੁਕਦਾ ਨਹੀਂ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਨਵੇਂ ਆਉਣ ਵਾਲੇ ਪੰਜਾਬੀ ਨੌਜਵਾਨਾਂ ਦੀ ਮਦਦ ਕਰਨਾ ਵੀ ਸੰਗਤ ਦਾ ਫਰਜ਼ ਹੈ। ਸਿੱਖ ਦਾ ਸਰਬ ਸਾਂਝੀਵਾਲਤਾ ਦਾ ਸਿਧਾਂਤ ਹਰ ਮਨੁੱਖ ਨਾਲ ਪਿਆਰ ਅਤੇ ਸੇਵਾ ਕਰਨ ਦੀ ਪ੍ਰੇਰਣਾ ਦਿੰਦਾ ਹੈ। ਕੋਵਿਡ-19 ਦੌਰਾਨ ਸਿੱਖ ਲੰਗਰ ਸੇਵਾ ਦੀ ਦੁਨੀਆ ਭਰ ਵਿੱਚ ਹੋਈ ਸ਼ਲਾਘਾ ਇਸ ਦੀ ਜ਼ਿੰਦਾ ਮਿਸਾਲ ਹੈ। ਜਥੇਦਾਰ ਗੜਗੱਜ ਨੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਦੀਵੀ ਗੁਰੂ ਦੱਸਦਿਆਂ ਕਿਹਾ ਕਿ ਹਰ ਸੁੱਖ-ਦੁੱਖ ਵਿੱਚ ਗੁਰੂ ਦੀ ਬਾਣੀ ਹੀ ਸਿੱਖ ਦੀ ਰਹਿਨੁਮਾਈ ਕਰਦੀ ਹੈ। ਉਨ੍ਹਾਂ ਸੰਗਤ ਨੂੰ ਨਾਮ ਬਾਣੀ ਨਾਲ ਜੁੜੇ ਰਹਿਣ, ਗੁਰੂ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਨ ਅਤੇ ਆਪਸੀ ਏਕਤਾ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਪਰਿਵਾਰਾਂ ਨੂੰ ਖ਼ਾਸ ਅਪੀਲ ਕੀਤੀ ਕਿ ਘਰਾਂ ਵਿੱਚ ਪੰਜਾਬੀ ਭਾਸ਼ਾ ਜ਼ਰੂਰ ਬੋਲੀ ਜਾਵੇ, ਤਾਂ ਜੋ ਬੱਚੇ ਆਪਣੀ ਮਾਂ-ਬੋਲੀ, ਗੁਰਬਾਣੀ ਅਤੇ ਆਪਣੇ ਵਿਰਸੇ ਨਾਲ ਜੁੜੇ ਰਹਿਣ। ਅੰਤ ਵਿੱਚ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸਮੂਹ ਸਿੱਖ ਕੌਮ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਦਿਆਂ ਸੰਗਤ ਨੂੰ ਗੁਰੂ ਦੀ ਬਾਣੀ 'ਤੇ ਅਡੋਲ ਵਿਸ਼ਵਾਸ ਰੱਖਣ, ਮਿਲ-ਜੁਲ ਕੇ ਰਹਿਣ ਅਤੇ ਚੜ੍ਹਦੀ ਕਲਾ ਵਿੱਚ ਜੀਵਨ ਬਤੀਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਜਥੇਦਾਰ ਸਾਹਿਬ ਵੱਲੋਂ ਸ਼ਹੀਦ ਭਾਈ ਹਰਜਿੰਦਰ ਸਿੰਘ ਦੇ ਮਾਮੀ ਤੇ ਸ਼ਹੀਦ ਭਾਈ ਬਰਜਿੰਦਰ ਸਿੰਘ ਰਾਜੂ ਦੀ ਮਾਤਾ ਬੀਬੀ ਸੁਰਜੀਤ ਕੌਰ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਭਾਈ ਜਸਕਰਨ ਸਿੰਘ, ਪੌਲ ਸਹੋਤਾ, ਭਾਈ ਅਮਰਜੀਤ ਸਿੰਘ ਐਮੋ, ਸੁਖਦੀਪ ਸਿੰਘ ਰੰਧਾਵਾ, ਬਲਜਿੰਦਰ ਸਿੰਘ ਜੌਹਲ, ਸਿੱਖ ਫੈਡਰੇਸ਼ਨ ਯੂਕੇ ਦੇ ਸ. ਜਸਪਾਲ ਸਿੰਘ, ਸਾਬਕਾ ਮੇਅਰ ਸ. ਜੋਗਿੰਦਰ ਸਿੰਘ ਬੱਲ, ਸ. ਸਾਧੂ ਸਿੰਘ, ਦਲ ਖ਼ਾਲਸਾ ਇੰਟਰਨੈਸ਼ਨਲ ਦੇ ਪ੍ਰਧਾਨ ਗੁਰਚਰਨ ਸਿੰਘ, ਸਿੱਖਸ ਫ਼ਾਰ ਜਸਟਿਸ (ਐਸ.ਐਫ.ਜੇ.) ਦੇ ਮੰਗਲ ਸਿੰਘ, ਸ. ਸੁਰਜੀਤ ਸਿੰਘ ਮੱਲ੍ਹੀ, ਸ. ਅਨੂਪ ਸਿੰਘ, ਸਤਿੰਦਰਪਾਲ ਸਿੰਘ ਮੰਗੂਵਾਲ, ਸ਼ਹੀਦ ਨਾਗੋਕੇ ਦੇ ਬੇਟੇ ਅਜੈਪਾਲ ਸਿੰਘ ਨਾਗੋਕੇ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਲੋਹ ਦੀ ਮੁੱਖ ਸਟੇਜ ਪਿੱਛੇ ਲੱਗੇ ਖਾਲਿਸਤਾਨ ਨਾਲ ਸਬੰਧਤ ਬੋਰਡ ਨੂੰ ਲੈ ਕੇ ਪਿਛਲੇ ਸਮੇਂ ਦੌਰਾਨ ਵਿਵਾਦ ਬਣਿਆ ਰਿਹਾ ਸੀ। ਭਾਰਤੀ ਮੀਡੀਆ ਵਿੱਚ ਪ੍ਰਸਾਰਿਤ ਕੁਝ ਰਿਪੋਰਟਾਂ ਤੋਂ ਬਾਅਦ ਇਸ ਮਾਮਲੇ ਸਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਯੂਕੇ ਦੇ ਚੈਰਿਟੀ ਕਮਿਸ਼ਨ ਵਿਚਾਲੇ ਲੰਬੇ ਸਮੇਂ ਤੱਕ ਪੱਤਰ-ਵਿਹਾਰ ਅਤੇ ਕਾਰਵਾਈ ਚੱਲਦੀ ਰਹੀ। ਇਸ ਵਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰਦੁਆਰਾ ਸਾਹਿਬ ਦੀ ਮੁੱਖ ਸਟੇਜ ਦੀ ਬਜਾਏ ਕਵਿਸ਼ਰੀ ਮੰਚ ਤੋਂ ਸੰਗਤ ਨੂੰ ਸੰਬੋਧਨ ਕੀਤਾ, ਜਦਕਿ ਮੁੱਖ ਸਟੇਜ ਦੇ ਪਿੱਛੇ ਖਾਲਿਸਤਾਨ ਨਾਲ ਸਬੰਧਤ ਬੋਰਡ ਪਹਿਲਾਂ ਵਾਂਗ ਹੀ ਲੱਗਾ ਰਿਹਾ। ਇਸ ਮੌਕੇ ਜਥੇਦਾਰ ਗੜਗੱਜ ਨਾਲ ਖਾਲਿਸਤਾਨ ਪੱਖੀ ਭਾਈ ਗੁਰਚਰਨ ਸਿੰਘ ਤੇ ਭਾਈ ਮੰਗਲ ਸਿੰਘ ਨੇ ਵੀ ਗੱਲਬਾਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਮਾਤਾ ਬੀਬੀ ਚਰਨਜੀਤ ਕੌਰ ਦਾ

# ਗੁਰੂ ਨਾਨਕ ਗੁਰਦੁਆਰਾ ਸਮੈਥਿਕ ਵਿਖੇ ਭਾਵਪੂਰਤ ਸਨਮਾਨ

**• ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਬੀ ਚਰਨਜੀਤ ਕੌਰ ਨੂੰ ਸਿਰੋਪਾਓ ਭੇਟ ਕੀਤਾ ਗਿਆ • ਸਮੁੱਚੀ ਸੰਗਤ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ**









**ਬਰਮਿੰਘਮ (ਇੰਗਲੈਂਡ), 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਮਾਤਾ ਅਤੇ ਸ਼ਹੀਦ ਭਾਈ ਕੁਲਵੰਤ ਸਿੰਘ ਖੱਖਰਾਣਾ ਦੀ ਧਰਮ ਪਤਨੀ ਬੀਬੀ ਚਰਨਜੀਤ ਕੌਰ ਦੇ ਇੰਗਲੈਂਡ ਦੌਰੇ ਦੌਰਾਨ ਗੁਰੂ ਨਾਨਕ ਗੁਰਦੁਆਰਾ ਸਮੈਥਿਕ ਵਿਖੇ ਕਰਵਾਏ ਗਏ ਵਿਸ਼ੇਸ਼ ਦੀਵਾਨ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦਾ ਸਿਰੋਪਾਓ ਭੇਟ ਕਰਕੇ

ਆਵਾਜ਼ਿ ਕੌਮ AWAZE QAUM International Newspaper & WEB TV

ਨਿੱਘਾ ਸਨਮਾਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰਦਿਆਂ ਸ਼ਹੀਦ ਪਰਿਵਾਰ ਪ੍ਰਤੀ ਆਪਣਾ ਸਤਿਕਾਰ ਪ੍ਰਗਟਾਇਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਗੁਰਦੁਆਰਾ ਸਾਹਿਬ ਦੇ ਸਾਬਕਾ ਪ੍ਰਧਾਨ ਭਾਈ ਕੁਲਦੀਪ ਸਿੰਘ ਦਿਓਲ ਨੇ ਕਿਹਾ ਕਿ ਭਾਈ ਅਵਤਾਰ ਸਿੰਘ ਖੰਡਾ ਦੇ ਅਕਾਲ ਚਲਾਣੇ ਸਮੇਂ ਸਮੁੱਚੀ ਸੰਗਤ ਨੂੰ ਡੂੰਘਾ ਸਦਮਾ ਲੱਗਿਆ ਸੀ। ਉਨ੍ਹਾਂ ਕਿਹਾ ਕਿ ਉਸ ਵੇਲੇ ਵੀਜ਼ਾ ਨਾ ਮਿਲਣ ਕਾਰਨ ਮਾਤਾ ਜੀ ਅਤੇ ਪਰਿਵਾਰ ਆਪਣੇ ਪੁੱਤਰ ਦੇ ਅੰਤਿਮ ਦਰਸ਼ਨ ਵੀ ਨਹੀਂ ਕਰ ਸਕੇ, ਜਿਸ ਦਾ ਦੁੱਖ ਅੱਜ ਵੀ ਹਰ ਸਿੱਖ ਦੇ ਮਨ ਵਿੱਚ ਵੱਸਦਾ ਹੈ।ਉਨ੍ਹਾਂ ਦੱਸਿਆ ਕਿ ਗੁਰੂ ਨਾਨਕ ਗੁਰਦੁਆਰਾ ਸਮੈਥਿਕ ਵੱਲੋਂ ਵਿਸ਼ੇਸ਼ ਸਪਾਂਸਰਸ਼ਿਪ ਭੇਜਣ ਉਪਰੰਤ ਬੀਬੀ ਚਰਨਜੀਤ ਕੌਰ ਨੂੰ ਇੰਗਲੈਂਡ ਆਉਣ ਦਾ ਮੌਕਾ ਮਿਲਿਆ, ਜਿਸ ਨਾਲ ਸੰਗਤਾਂ ਦੀ ਲੰਬੇ ਸਮੇਂ ਤੋਂ ਰਹੀ ਇੱਛਾ ਪੂਰੀ ਹੋਈ।



ਸ਼ਹੀਦ ਭਾਈ ਅਵਤਾਰ ਸਿੰਘ ਖੰਡਾ

ਆਪਣੇ ਸੰਬੋਧਨ ਦੌਰਾਨ ਬੀਬੀ ਚਰਨਜੀਤ ਕੌਰ ਭਾਵੁਕ ਹੋ ਗਏ। ਉਨ੍ਹਾਂ ਕਿਹਾ ਕਿ ਇੱਕ ਮਾਂ ਲਈ ਪੁੱਤਰ ਦਾ ਵਿਛੋੜਾ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ, ਪਰ ਉਨ੍ਹਾਂ ਨੂੰ ਇਸ ਗੱਲ ਦਾ ਮਾਣ ਹੈ ਕਿ ਉਨ੍ਹਾਂ ਦੇ ਪੁੱਤਰ ਨੇ ਆਪਣੇ ਸਿਧਾਂਤਾਂ ਅਤੇ ਪੰਥਕ ਨਿਸ਼ਾਨੇ ਤੋਂ ਕਦੇ ਪਿੱਛੇ ਨਹੀਂ ਹਟਿਆ। ਉਨ੍ਹਾਂ ਕਿਹਾ, "ਮੇਰਾ ਇੱਕ ਪੁੱਤਰ ਭਾਵੇਂ ਵਿਛੜ ਗਿਆ, ਪਰ ਗੁਰੂ ਸਾਹਿਬ ਦੀ ਕਿਰਪਾ ਨਾਲ ਅੱਜ ਮੈਨੂੰ ਲੱਗਦਾ ਹੈ ਕਿ ਮੇਰੇ ਲੱਖਾਂ ਪੁੱਤਰ ਅਤੇ ਧੀਆਂ ਪੰਥ ਦੀ ਸੇਵਾ ਲਈ ਖੜ੍ਹੇ ਹਨ।" ਉਨ੍ਹਾਂ ਸੰਗਤ ਵੱਲੋਂ ਦਿੱਤੇ ਪਿਆਰ ਅਤੇ ਸਤਿਕਾਰ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਹ ਇੰਗਲੈਂਡ ਆਪਣੇ ਪੁੱਤਰ ਦੀਆਂ ਯਾਦਾਂ ਅਤੇ ਉਸ ਦੀਆਂ ਪੈੜਾਂ ਨੂੰ ਮਹਿਸੂਸ ਕਰਨ ਲਈ ਆਏ ਹਨ।

ਗੁਰਦੁਆਰਾ ਸਾਹਿਬ ਦੇ ਪ੍ਰਧਾਨ ਭਾਈ ਜਤਿੰਦਰ ਸਿੰਘ ਬਾਸੀ ਨੇ ਕਿਹਾ ਕਿ ਭਾਈ ਅਵਤਾਰ ਸਿੰਘ ਖੰਡਾ ਨੇ ਆਪਣੇ ਪਿਤਾ ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਦੇ ਨਕਸ਼ੇ-ਕਦਮਾਂ 'ਤੇ ਚੱਲਦਿਆਂ ਪੰਥ ਅਤੇ ਕੌਮ ਦੀ ਸੇਵਾ ਨੂੰ ਆਪਣਾ ਜੀਵਨ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਜੋ ਲੋਕ ਆਪਣੇ ਸਿਧਾਂਤਾਂ ਲਈ ਕੁਰਬਾਨੀ ਦਿੰਦੇ ਹਨ, ਉਹ ਕਦੇ ਨਹੀਂ ਮਰਦੇ, ਸਗੋਂ ਕੌਮ ਦੇ ਇਤਿਹਾਸ ਵਿੱਚ ਸਦਾ ਲਈ ਅਮਰ ਹੋ ਜਾਂਦੇ ਹਨ। ਉਨ੍ਹਾਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਅਤੇ ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਸਮੁੱਚੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

ਉਨ੍ਹਾਂ ਕਿਹਾ ਕਿ ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਹਮੇਸ਼ਾ ਹੀ ਪੰਥ ਦੀ ਸੇਵਾ ਅਤੇ ਸ਼ਹੀਦ ਪਰਿਵਾਰਾਂ ਦੇ ਸਤਿਕਾਰ ਲਈ ਵਚਨਬੱਧ ਰਿਹਾ ਹੈ। ਇਸ ਤੋਂ ਪਹਿਲਾਂ ਵੀ ਕਈ ਸ਼ਹੀਦ ਪਰਿਵਾਰਾਂ ਨੂੰ ਗੁਰੂ ਘਰ ਵਿੱਚ ਸਨਮਾਨਿਤ ਕੀਤਾ ਜਾ ਚੁੱਕਾ ਹੈ ਅਤੇ ਇਹ ਪਰੰਪਰਾ ਅੱਗੇ ਵੀ ਜਾਰੀ ਰਹੇਗੀ।

ਸਮਾਗਮ ਦੇ ਅੰਤ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੀਬੀ ਚਰਨਜੀਤ ਕੌਰ ਨੂੰ ਸਿਰੋਪਾਓ ਭੇਟ ਕੀਤਾ ਗਿਆ।ਸਮੁੱਚੀ ਸੰਗਤ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ, ਪੰਥਕ ਸ਼ਖ਼ਸੀਅਤਾਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਅਕਾਲੀ ਦਲ ਬਾਦਲ ਨੂੰ ਵੱਡਾ ਝਟਕਾ

# ਸੀਨੀਅਰ ਆਗੂ ਇਕਬਾਲ ਸਿੰਘ ਸੰਧੂ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਲ







**ਅੰਮ੍ਰਿਤਸਰ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਬਾਦਲ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਿਆ ਜਦੋਂ ਸੀਨੀਅਰ ਆਗੂ ਸ੍ਰੀ ਇਕਬਾਲ ਸਿੰਘ ਸੰਧੂ ਨੇ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਹ ਸ਼ਮੂਲੀਅਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਹੋਈ। ਇਸ ਮੌਕੇ ਉਚੇਚੇ ਤੌਰ 'ਤੇ ਹਲਕਾ ਦਾਖਾ ਤੋਂ ਵਿਧਾਇਕ ਸ੍ਰ.ਮਨਪ੍ਰੀਤ ਸਿੰਘ ਇਆਲੀ ਵੀ ਪਹੁੰਚੇ ਅਤੇ ਨਵੇਂ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਦੀ ਸਿਆਸਤ ਇੱਕ ਨਵੇਂ ਦੌਰ ਵਿੱਚ ਦਾਖ਼ਲ ਹੋ ਰਹੀ ਹੈ, ਜਿੱਥੇ ਲੋਕ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਪੰਜਾਬ, ਪੰਥ ਅਤੇ ਨੌਜਵਾਨੀ ਦੇ ਹੱਕਾਂ ਦੀ ਗੱਲ ਕਰਨ ਵਾਲੀ ਧਿਰ ਨਾਲ ਜੁੜ ਰਹੇ ਹਨ। ਬਾਪੂ ਤਰਸੇਮ ਸਿੰਘ ਜੀ ਨੇ ਇਕਬਾਲ ਸਿੰਘ ਸੰਧੂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਪੰਜਾਬ ਦੇ ਹਰ ਵਰਗ ਦਾ ਭਰੋਸਾ ਇਸ ਧਿਰ ਉੱਤੇ ਵਧਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪੰਜਾਬ ਦੇ ਹੱਕਾਂ, ਕਿਸਾਨਾਂ, ਨੌਜਵਾਨਾਂ, ਧਾਰਮਿਕ ਆਜ਼ਾਦੀ ਅਤੇ ਪੰਜਾਬ ਦੀ ਅਸਲੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਲਈ ਵਚਨਬੱਧ ਹੈ। ਇਕਬਾਲ ਸਿੰਘ ਸੰਧੂ ਨੇ ਇਸ ਮੌਕੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਪੰਜਾਬ ਅਤੇ ਪੰਥ ਦੀ ਬਿਹਤਰੀ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਸਿਧਾਂਤਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਚਮਕੌਰ ਸਿੰਘ ਧੁੰਨ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਦਯਾ ਸਿੰਘ, ਚਾਚਾ ਪ੍ਰਗਟ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਨਰਿੰਦਰ ਸਿੰਘ ਕਲਸੀਆਂ, ਚਾਚਾ ਪਲਵਿੰਦਰ ਸਿੰਘ, ਰਣਜੀਤ ਸਿੰਘ ਰਾਣਾ, ਬਲਵੰਤ ਸਿੰਘ ਕੰਗ, ਪਰਮਜੀਤ ਸਿੰਘ ਜੱਲੂਪੁਰ, ਬੂਟਾ ਸਿੰਘ, ਪ੍ਰਭਜੋਤ ਸਿੰਘ ਗੁਰਦਾਸਪੁਰ, ਅਜਮੇਰ ਸਿੰਘ ਮੀਰਪੁਰ, ਪ੍ਰਦੇਵ ਸਿੰਘ, ਡਾਕਟਰ ਬਲਵਿੰਦਰ ਸਿੰਘ ਪੰਡੋਰੀ, ਸੁਖਦੇਵ ਸਿੰਘ ਪੰਡੋਰੀ, ਸੰਤੋਖ ਸਿੰਘ ਘਸੀਟਪੁਰ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਭਾਈ ਸੁਖਬੀਰ ਸਿੰਘ ਚੀਮਾਂ, ਹਰਿੰਦਰਬੀਰ ਸਿੰਘ ਵਰਾਣਾ, ਗੁਰਮੀਤ ਸਿੰਘ ਸਾਬਕਾ ਸਰਪੰਚ, ਅਨੋਖ ਸਿੰਘ ਸਰਪੰਚ, ਲਖਵਿੰਦਰ ਸਿੰਘ ਰਟੌਲ, ਰਵੀਸ਼ੇਰ ਸਿੰਘ ਮੱਲੀਆਂ, ਲਖਬੀਰ ਸਿੰਘ ਸਾਦਰਾਂ, ਗੁਰਦੇਵ ਸਿੰਘ ਕੜਿਆਲਾ, ਹੀਰਾ ਸਿੰਘ ਠੱਠਗੜ੍ਹ, ਗੁਰਮੀਤ ਸਿੰਘ ਜਗਤਪੁਰਾ, ਦਰਸ਼ਨ ਸਿੰਘ ਜਗਤਪੁਰਾ, ਨੀਰਜ ਸਿੰਘ ਤਰਨਤਾਰਨ, ਬਲਰਾਜ ਸਿੰਘ ਹਰਪ੍ਰੀਤ ਸਿੰਘ ਭੁੱਲਰ, ਰਣਜੀਤ ਸਿੰਘ ਰਾਣਾ, ਕੁਲਵਿੰਦਰ ਸਿੰਘ, ਗੁਰਪ੍ਰਤਾਪ ਸਿੰਘ, ਕਸ਼ਮੀਰ ਸਿੰਘ, ਕੁਲਦੀਪ ਸਿੰਘ, ਬਲਜਿੰਦਰ ਸਿੰਘ, ਸੁਖਚੇਨ ਸਿੰਘ, ਸੁਖਚੈਨ ਸਿੰਘ, ਦਵਿੰਦਰ ਸਿੰਘ, ਜਸਪ੍ਰੀਤ ਸਿੰਘ, ਨੱਥਾ ਸਿੰਘ ਸਾਬਕਾ ਸਰਪੰਚ, ਅਮਰਜੀਤ ਸਿੰਘ ਬਾਠ, ਅਮਰੀਕ ਸਿੰਘ ਬਾਠ, ਗੁਰਮੀਤ ਸਿੰਘ ਕਲੇਰ, ਅਮਰੀਕ ਸਿੰਘ ਕੰਗ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

### ਬਾਪੂ ਤਰਸੇਮ ਸਿੰਘ ਨੇ ਕੀਤਾ ਇਕਬਾਲ ਸਿੰਘ ਸੰਧੂ ਦਾ ਨਿੱਘਾ ਸਵਾਗਤ, ਕਿਹਾ ਪੰਜਾਬ ਦੇ ਹੱਕਾਂ ਦੀ ਲੜਾਈ ਨਾਲ ਜੁੜ ਰਹੇ ਹਨ ਲੋਕ

# ਦੇਸ਼ ਭਰ ਵਿੱਚੋਂ 22ਵੇਂ ਅਤੇ ਮੁੱਖ ਰਾਜਾਂ ਵਿੱਚੋਂ 14ਵੇਂ ਨੰਬਰ 'ਤੇ ਪਛੜ ਕੇ ਪੰਜਾਬ ਹੋਇਆ ਫਾਡੀ — ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਇੱਕ ਅਹਿਮ ਮੀਡੀਆ ਬਿਆਨ ਜਾਰੀ ਕਰਦਿਆਂ ਮੌਜੂਦਾ ਪੰਜਾਬ ਸਰਕਾਰ ਦੇ ਨਿਵੇਸ਼ ਅਤੇ ਵਿਕਾਸ ਸਬੰਧੀ ਕੀਤੇ ਜਾ ਰਹੇ ਵੱਡੇ-ਵੱਡੇ ਦਾਅਵਿਆਂ ਦੀ ਫੂਕ ਕੱਢ ਦਿੱਤੀ ਹੈ। ਨੀਤੀ ਆਯੋਗ ਵੱਲੋਂ ਜਾਰੀ ਕੀਤੇ ਗਏ 'ਇਨਵੈਸਟਮੈਂਟ ਫ੍ਰੈਂਡਲੀਨੈੱਸ ਇੰਡੈਕਸ' (ਨਿਵੇਸ਼-ਪੱਖੀ ਮਾਹੌਲ ਸੂਚਕ ਅੰਕ) ਦੇ ਤੱਥਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਜਿੰਨੇ ਮਰਜ਼ੀ ਝੂਠੇ ਦਾਅਵੇ ਕਰੀ ਜਾਵੇ, ਪਰ ਅਸਲੀਅਤ ਇਹ ਹੈ ਕਿ ਦੇਸ਼ ਦੇ ਸਮੁੱਚੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀ ਸੂਚੀ ਵਿੱਚ ਪੰਜਾਬ ਨਿਰਾਸ਼ਾਜਨਕ 44.7 ਸਕੋਰ ਦੇ ਨਾਲ 22ਵੇਂ ਨੰਬਰ 'ਤੇ ਆ ਕੇ ਬਿਲਕੁਲ ਫਾਡੀ ਸਾਬਤ ਹੋਇਆ ਹੈ। ਜੇਕਰ ਇਸ ਸੂਚੀ ਵਿੱਚੋਂ ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਛੋਟੇ ਰਾਜਾਂ ਨੂੰ ਕੱਢ ਕੇ ਵੀ ਦੇਖਿਆ ਜਾਵੇ, ਤਾਂ ਵੀ ਪੰਜਾਬ ਮੁੱਖ ਰਾਜਾਂ ਵਿੱਚ 14ਵੇਂ ਨੰਬਰ 'ਤੇ ਆਉਂਦਾ ਹੈ, ਜੋ ਕਿ ਬੇਹੱਦ ਚਿੰਤਾਜਨਕ ਸਥਿਤੀ ਹੈ। ਸਰਦਾਰ ਪੀਰ ਮੁਹੰਮਦ ਨੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਪ੍ਰਤੀ ਬਾਹਰਲੇ ਨਿਵੇਸ਼ਕਾਂ ਦੀ ਉਦਾਸੀਨਤਾ ਦਾ ਸਭ ਤੋਂ ਵੱਡਾ ਕਾਰਨ ਸਿਸਟਮ ਵਿੱਚ ਬੈਠੇ 'ਲੱਪਾਂ ਨਾਲ ਖਾਣ ਵਾਲੇ' ਭ੍ਰਿਸ਼ਟ ਲੋਕ ਹਨ। ਅੱਜ ਪੰਜਾਬ ਵਿੱਚ ਕੋਈ ਵੀ ਨਵਾਂ ਕਾਰੋਬਾਰੀ ਆਉਂਦਾ ਹੈ, ਤਾਂ ਹਰ ਪੱਧਰ 'ਤੇ ਉਸ ਨੂੰ ਇਹੋ ਸਵਾਲ ਪੁੱਛਿਆ ਜਾਂਦਾ ਹੈ ਕਿ "ਪਹਿਲਾਂ ਲਿਆ, ਤੂੰ ਸਾਨੂੰ ਕੀ ਦੇਵੇਂਗਾ?" ਜਦੋਂਕਿ ਦੂਜੇ ਰਾਜਾਂ ਵਿੱਚ ਨੀਤੀਆਂ ਬਿਲਕੁਲ ਉਲਟ ਹਨ। ਉੱਥੇ ਪਹਿਲਾਂ ਨਿਵੇਸ਼ਕ ਨੂੰ ਕਮਾਉਣ ਅਤੇ ਪੈਰ ਜਮਾਉਣ ਦੇ ਯੋਗ ਬਣਾਇਆ ਜਾਂਦਾ ਹੈ, ਨਾ ਕਿ ਇੱਥੋਂ ਦੇ ਭ੍ਰਿਸ਼ਟ ਸਿਸਟਮ ਵਾਂਗ ਪਹਿਲਾਂ ਹੀ 'ਮੁਰਗਾ ਪਾੜਨ' ਦੀ ਨੀਤੀ ਅਪਣਾਈ ਜਾਂਦੀ ਹੈ। ਉਨ੍ਹਾਂ ਪੰਜਾਬ ਵਿੱਚ ਉਦਯੋਗਿਕ ਪਿਛੜੇਵੇਂ ਦੇ ਅਸਲ ਕਾਰਨਾਂ ਦਾ ਖੁਲਾਸਾ ਕਰਦਿਆਂ ਕਿਹਾ ਕਿ ਸੂਬੇ ਵਿੱਚ ਸਿਆਸੀ ਬਦਲਾਖੋਰੀ ਦਾ ਮਾਹੌਲ ਇੰਨਾ ਪ੍ਰਭਾਵਸ਼ਾਲੀ ਹੈ ਕਿ ਪੰਜਾਬ ਦੇ ਜਿਹੜੇ ਸਿਆਸਤਦਾਨ ਖੁਦ ਵੱਡੇ ਕਾਰੋਬਾਰੀ ਹਨ, ਉਹ ਵੀ ਹੁਣ ਇੱਥੇ ਨਿਵੇਸ਼ ਕਰਨ ਤੋਂ ਝਿਜਕਦੇ ਹਨ। ਉਨ੍ਹਾਂ ਨੂੰ ਹਮੇਸ਼ਾ ਇਹ ਡਰ ਸਤਾਉਂਦਾ ਰਹਿੰਦਾ ਹੈ ਕਿ ਵਿਰੋਧੀ ਸਰਕਾਰ ਆਉਂਦਿਆਂ ਹੀ ਮਿੰਟਾਂ ਵਿੱਚ ਉਨ੍ਹਾਂ ਦੇ ਕਾਰੋਬਾਰ ਨੂੰ ਨੱਪ ਲਵੇਗੀ, ਜਿਸ ਦੀ ਪ੍ਰਤੱਖ ਮਿਸਾਲ ਹਾਲ ਹੀ ਵਿੱਚ ਉਦਯੋਗਪਤੀ ਰਾਜਿੰਦਰ ਗੁਪਤਾ ਨੂੰ ਤੰਗ-ਪ੍ਰੇਸ਼ਾਨ ਕਰਨ ਦੇ ਮਾਮਲੇ ਤੋਂ ਮਿਲਦੀ ਹੈ। ਇਸ ਤੋਂ ਇਲਾਵਾ, ਪੰਜਾਬ ਵਿੱਚ ਨਿਵੇਸ਼ ਦੀ ਵੱਡੀ ਸੰਭਾਵਨਾ ਹਾਈਵੇਅ ਦੇ ਕਿਨਾਰੇ ਹੁੰਦੀ ਹੈ, ਪਰ ਇੱਥੇ ਹਾਈਵੇਅ ਦੇ ਨਾਲ ਲੱਗਦੀ ਜ਼ਮੀਨ ਅਤੇ ਬਾਕੀ ਥਾਵਾਂ ਦੀਆਂ ਕੀਮਤਾਂ ਬਹੁਤ ਜ਼ਿਆਦਾ ਮਹਿੰਗੀਆਂ ਹਨ। ਵਪਾਰਕ ਪੱਧਰ 'ਤੇ ਦੇਖਿਆ ਜਾਵੇ ਤਾਂ ਦੂਜੇ ਰਾਜਾਂ ਦੇ ਮੁਕਾਬਲੇ ਪੰਜਾਬ ਵਿੱਚ ਬਿਜਲੀ ਦੇ ਭਾਅ ਅਤੇ ਲੇਬਰ ਦਾ ਖਰਚਾ ਵੀ ਬਹੁਤ ਜ਼ਿਆਦਾ ਹੈ। ਉੱਤੋਂ ਸੂਬੇ ਵਿੱਚ ਫੈਲੀ ਉਦਯੋਗ-ਵਿਰੋਧੀ ਕਾਮਰੇਡੀ ਸੋਚ ਅਤੇ ਅੱਜ-ਕੱਲ੍ਹ ਵਾਤਾਵਰਣ ਬਚਾਉਣ ਦੇ ਝੂਠੇ ਨਾਂਅ ਹੇਠ ਚੱਲ ਰਹੀਆਂ ਬਲੈਕਮੇਲਿੰਗ ਦੀਆਂ ਗਤੀਵਿਧੀਆਂ ਨੇ ਉਦਯੋਗਾਂ ਦਾ ਲਕੜ ਤੋੜ ਦਿੱਤਾ ਹੈ। ਸਭ ਤੋਂ ਵੱਡਾ ਸਿਆਪਾ ਇਹ ਬਣ ਚੁੱਕਾ ਹੈ ਕਿ ਜੇਕਰ ਕੋਈ ਕਾਰੋਬਾਰੀ ਆਪਣੀ ਮਿਹਨਤ ਨਾਲ ਕਾਮਯਾਬ ਹੋ ਵੀ ਜਾਂਦਾ ਹੈ, ਤਾਂ ਉਸ ਨੂੰ ਤੁਰੰਤ ਵਸੂਲੀ ਅਤੇ ਫ਼ਿਰੌਤੀ ਦੀਆਂ ਕਾਲਾਂ ਆਉਣੀਆਂ ਸ਼ੁਰੂ ਹੋ ਜਾਂਦੀਆਂ ਹਨ, ਜਿਸ ਕਾਰਨ ਇੱਥੇ ਨਿਵੇਸ਼ ਦਾ ਕੋਈ ਮਾਹੌਲ ਹੀ ਨਹੀਂ ਬਚਿਆ। ਸੀਨੀਅਰ ਅਕਾਲੀ ਆਗੂ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਨ੍ਹਾਂ ਮਾੜੇ ਹਾਲਾਤਾਂ ਕਾਰਨ ਪੰਜਾਬ ਦੇ ਆਪਣੇ ਪੁਰਾਣੇ ਅਤੇ ਵੱਡੇ ਕਾਰੋਬਾਰੀ ਅੱਜ ਉੱਤਰ ਪ੍ਰਦੇਸ਼ (ਯੂ.ਪੀ.) ਅਤੇ ਆਂਧਰਾ ਪ੍ਰਦੇਸ਼ ਵਰਗੇ ਰਾਜਾਂ ਵੱਲ ਰੁਖ਼ ਕਰ ਰਹੇ ਹਨ, ਕਿਉਂਕਿ ਉੱਥੋਂ ਦੀਆਂ ਸਰਕਾਰਾਂ ਬਾਹਰਲੇ ਨਿਵੇਸ਼ਕਾਂ ਨੂੰ ਉਦਯੋਗ ਸਥਾਪਿਤ ਕਰਨ ਲਈ ਆਪਣੀ ਸਰਕਾਰੀ ਜ਼ਮੀਨ ਤੱਕ ਆਫ਼ਰ ਕਰ ਰਹੀਆਂ ਹਨ ਅਤੇ ਹਰ ਤਰ੍ਹਾਂ ਦੀਆਂ ਸਹੂਲਤਾਂ ਦੇ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਇਹੀ ਹਾਲ ਰਿਹਾ ਤਾਂ ਪੰਜਾਬ ਵਿੱਚ ਨਵੇਂ ਨਿਵੇਸ਼ ਦੀਆਂ ਸੰਭਾਵਨਾਵਾਂ ਪੂਰੀ ਤਰ੍ਹਾਂ ਖ਼ਤਮ ਹੋ ਜਾਣਗੀਆਂ ਅਤੇ ਮੌਜੂਦਾ ਉਦਯੋਗ ਵੀ ਹੌਲੀ-ਹੌਲੀ ਦੂਜੇ ਸੂਬਿਆਂ ਵਿੱਚ ਪਲਾਇਨ ਕਰ ਜਾਣਗੇ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਉਹ ਝੂਠੇ ਇਸ਼ਤਿਹਾਰਾਂ 'ਤੇ ਜਨਤਾ ਦਾ ਪੈਸਾ ਬਰਬਾਦ ਕਰਨਾ ਬੰਦ ਕਰੇ ਅਤੇ ਜ਼ਮੀਨੀ ਪੱਧਰ 'ਤੇ ਕਾਰੋਬਾਰੀਆਂ ਨੂੰ ਸੁਰੱਖਿਅਤ, ਸਸਤਾ ਅਤੇ ਸਾਫ਼-ਸੁਥਰਾ ਮਾਹੌਲ ਮੁਹੱਈਆ ਕਰਵਾਏ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਕੌਮ ਦੀ ਤ੍ਰਾਸਦੀ: ਕੌਮ ਦੇ ਮਾਪਦੰਡ ਇੱਕੋ ਜਿਹੇ ਕਿਉਂ ਨਹੀਂ?

## ਵੱਖਰੀ ਵਿਚਾਰਧਾਰਾ ਵਾਲੇ ਸਿੱਖਾਂ ਨਾਲ ਦੂਰੀ, ਪਰ ਸਿਸਟਮ ਦਾ ਹਿੱਸਾ ਬਣੇ ਵਿਵਾਦਤ ਚਿਹਰਿਆਂ ਨਾਲ ਨੇੜਤਾ, ਸੰਗਤਾਂ ਦੇ ਮਨਾਂ ਵਿੱਚ ਉੱਠੇ ਸਵਾਲ ਤੇ ਰੋਸ

**ਲੰਡਨ, 20 ਜੁਲਾਈ (ਸਰਬਜੀਤ ਸਿੰਘ ਬਨੂੜ)**-ਸਿੱਖ ਕੌਮ ਦੀ ਅੱਜ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਇੱਕ ਪਾਸੇ ਉਹ ਸਿੱਖ, ਜੋ ਵੱਖਰੇ ਸਿੱਖ ਰਾਜ ਖਾਲਿਸਤਾਨ ਦੀ ਮੰਗ ਕਰਦਾ ਹੈ ਅਤੇ ਭਾਰਤੀ ਸੰਵਿਧਾਨ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰਦਾ ਹੈ, ਭਾਰਤੀ ਜਾਂਚ ਅਤੇ ਸੁਰੱਖਿਆ ਏਜੰਸੀਆਂ ਦੀ ਨਜ਼ਰ ਵਿੱਚ ਰਹਿੰਦਾ ਹੈ। ਦੂਜੇ ਪਾਸੇ, ਵਿਦੇਸ਼ਾਂ ਵਿੱਚ ਉਸ ਦੀ ਸੁਰੱਖਿਆ ਲਈ ਉੱਥੋਂ ਦੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਪ੍ਰਬੰਧ ਕਰਦੀਆਂ ਹਨ। ਪਰ ਜਦੋਂ ਉਸੇ ਵਿਅਕਤੀ ਨਾਲ ਸਿੱਖਾਂ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਦੀ ਇੱਕ ਤਸਵੀਰ ਵੀ ਜਨਤਕ ਕਰਨ ਤੋਂ ਹਿਚਕਚਾਹਟ ਦਿਖਾਈ ਦੇਵੇ, ਤਾਂ ਸੰਗਤਾਂ ਦੇ ਮਨਾਂ ਵਿੱਚ ਸਵਾਲ ਉੱਠਣੇ ਸੁਭਾਵਿਕ ਹਨ।

ਹਾਲ ਹੀ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਸਲੋਹ ਵਿਖੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਫੇਰੀ ਦੌਰਾਨ ਦਲ ਖਾਲਸਾ ਇੰਟਰਨੈਸ਼ਨਲ ਦੇ ਆਗੂ ਗੁਰਚਰਨ ਸਿੰਘ ਨਾਲ ਖਿੱਚੀ ਗਈ ਇੱਕ ਤਸਵੀਰ ਨੂੰ ਲੈ ਕੇ ਚਰਚਾ ਛਿੜ ਗਈ। ਉੱਥੇ ਮੌਜੂਦ ਕਈ ਵਿਅਕਤੀਆਂ ਨੇ ਤਸਵੀਰਾਂ ਖਿੱਚੀਆਂ, ਪਰ ਬਾਅਦ ਵਿੱਚ ਦੱਸਿਆ ਗਿਆ ਕਿ ਇਹ ਤਸਵੀਰ ਜਨਤਕ ਨਾ ਕੀਤੀ ਜਾਵੇ। ਇਸ ਘਟਨਾ ਨੇ ਵਿਦੇਸ਼ਾਂ ਵਿੱਚ ਵੱਸਦੇ ਕਈ ਸਿੱਖਾਂ ਵਿੱਚ ਇਹ ਸਵਾਲ ਖੜ੍ਹਾ ਕੀਤਾ ਕਿ ਕੀ ਵਿਚਾਰਧਾਰਾ ਦੇ ਆਧਾਰ 'ਤੇ ਵੀ ਦੂਰੀ ਬਣਾਈ ਜਾ ਰਹੀ ਹੈ?

ਅੱਜ ਮੁੜ ਅਕਾਲ ਤਖ਼ਤ ਸਾਹਿਬ ਦਾ ਪ੍ਰਬੰਧ ਸੰਗਤਾਂ ਦੀ ਕਚਹਿਰੀ ਵਿੱਚ ਖੜ੍ਹਾ ਦਿਖਾਈ ਦਿੰਦਾ ਹੈ। ਕੀ ਭਾਰਤ ਵਿੱਚ ਰਹਿੰਦਾ ਸਿੱਖ ਪ੍ਰਬੰਧਕੀ ਅਤੇ ਰਾਜਨੀਤਿਕ ਢਾਂਚੇ ਦੇ ਪ੍ਰਭਾਵ ਹੇਠ ਕੌਮ ਨੂੰ ਆਪਣੀ ਸਮਝ ਅਨੁਸਾਰ ਦਿਸ਼ਾ ਦੇਣ ਵਿੱਚ ਅਸਮਰੱਥ ਹੋ ਗਿਆ ਹੈ? ਜਾਂ ਫਿਰ ਉਹ ਉਹਨਾਂ ਮੁੱਦਿਆਂ 'ਤੇ ਚੁੱਪ ਹੈ, ਜਿਨ੍ਹਾਂ ਨੂੰ ਕੌਮ ਦਾ ਇੱਕ ਹਿੱਸਾ ਬਹੁਤ ਮਹੱਤਵਪੂਰਨ ਮੰਨਦਾ ਹੈ?





ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨੂੰ ਆਪਣੀਆਂ ਜੱਦੀ ਜ਼ਮੀਨਾਂ ਨਾ ਵੇਚਣ ਦੀ ਅਪੀਲ ਕੀਤੀ ਜਾਂਦੀ ਹੈ ਪਰ ਦੂਜੇ ਪਾਸੇ, ਜਦੋਂ ਖਾਲਿਸਤਾਨ ਸਮਰਥਕ ਸਿੱਖਾਂ ਖ਼ਿਲਾਫ਼ ਸਰਕਾਰੀ ਕਾਰਵਾਈਆਂ, ਜਾਇਦਾਦਾਂ ਦੀ ਜ਼ਬਤੀ ਜਾਂ ਹੋਰ ਕਾਨੂੰਨੀ ਕਦਮਾਂ ਦੀ ਗੱਲ ਆਉਂਦੀ ਹੈ, ਤਾਂ ਉਸ ਬਾਰੇ ਚੁੱਪੀ ਕਿਉਂ ਹੈ? ਇਹ ਸਵਾਲ ਕਈ ਲੋਕ ਉਠਾ ਰਹੇ ਹਨ। ਇਹ ਵੀ ਇੱਕ ਧਾਰਣਾ ਹੈ ਕਿ ਜਥੇਦਾਰਾਂ ਨੂੰ ਅੰਤ ਵਿੱਚ ਉਸੇ ਪ੍ਰਬੰਧਕੀ ਢਾਂਚੇ ਅੰਦਰ ਰਹਿ ਕੇ ਆਪਣਾ ਕਾਰਜਕਾਲ ਨਿਭਾਉਣਾ ਹੁੰਦਾ ਹੈ, ਜਿਸ ਕਾਰਨ ਉਹ ਕਈ ਸੰਵੇਦਨਸ਼ੀਲ ਮਾਮਲਿਆਂ 'ਤੇ ਖੁੱਲ੍ਹ ਕੇ ਬੋਲਣ ਤੋਂ ਗੁਰੇਜ਼ ਕਰਦੇ ਹਨ। ਇਸ ਧਾਰਣਾ ਨਾਲ ਸਹਿਮਤ ਹੋਣਾ ਜਾਂ ਨਾ ਹੋਣਾ ਵੱਖਰੀ ਗੱਲ ਹੈ, ਪਰ ਇਹ ਚਰਚਾ ਕੌਮ ਅੰਦਰ ਮੌਜੂਦ ਹੈ। ਸਿੱਖ ਕੌਮ ਅੱਜ ਇੱਕ ਅਜਿਹੇ ਦੌਰ ਵਿੱਚੋਂ ਲੰਘ ਰਹੀ ਹੈ, ਜਿੱਥੇ ਕਈਆਂ ਨੂੰ ਲੱਗਦਾ ਹੈ ਕਿ ਸਿਧਾਂਤਾਂ ਨਾਲੋਂ ਵਿਅਕਤੀਆਂ ਨੂੰ ਦੇਖ ਕੇ ਮਾਪਦੰਡ ਬਦਲਦੇ ਨਜ਼ਰ ਆ ਰਹੇ ਹਨ। ਇਹੀ ਕਾਰਨ ਹੈ ਕਿ ਵਿਦੇਸ਼ਾਂ ਵਿੱਚ ਵੱਸਦੇ ਬਹੁਤ ਸਾਰੇ ਸਿੱਖਾਂ ਵਿੱਚ ਨਾਰਾਜ਼ਗੀ ਅਤੇ ਨਿਰਾਸ਼ਾ ਵਧ ਰਹੀ ਹੈ। ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਅਜਿਹੇ ਸਿਆਸੀ ਚਿਹਰੇ ਨਜ਼ਰ ਆਉਂਦੇ ਹਨ, ਜਿਨ੍ਹਾਂ ਦਾ ਅਤੀਤ ਵਿਵਾਦਾਂ ਦਾ ਵਿਸ਼ਾ ਰਿਹਾ ਹੈ, ਤਾਂ ਸਵਾਲ ਖੜ੍ਹੇ ਹੋਣਾ ਸੁਭਾਵਿਕ ਹੈ। ਸਾਬਕਾ ਅਕਾਲੀ ਆਗੂ ਸੁੱਚਾ ਸਿੰਘ ਲੰਗਾਹ ਨਾਲ ਜੁੜੇ ਵਿਵਾਦਾਂ ਨੇ ਇੱਕ ਸਮੇਂ ਪੂਰੇ ਪੰਥ ਵਿੱਚ ਗੰਭੀਰ ਚਰਚਾ ਛੇੜੀ ਸੀ। ਉਸ ਤੋਂ ਬਾਅਦ ਵੀ ਉਨ੍ਹਾਂ ਦੀ ਜਨਤਕ ਮੌਜੂਦਗੀ ਨੂੰ ਲੈ ਕੇ ਕਈ ਸਿੱਖਾਂ, ਖ਼ਾਸ ਕਰਕੇ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਦੇ ਇੱਕ ਵਰਗ ਵੱਲੋਂ ਇਤਰਾਜ਼ ਪ੍ਰਗਟ ਕੀਤੇ ਜਾਂਦੇ ਰਹੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਪੰਥਕ ਸੰਸਥਾਵਾਂ ਅਤੇ ਉਨ੍ਹਾਂ ਦੇ ਆਗੂਆਂ ਨੂੰ ਆਪਣੇ ਆਚਰਨ ਅਤੇ ਜਨਤਕ ਵਿਹਾਰ ਵਿੱਚ ਉੱਚੇ ਨੈਤਿਕ ਮਾਪਦੰਡ ਕਾਇਮ ਰੱਖਣੇ ਚਾਹੀਦੇ ਹਨ, ਤਾਂ ਜੋ ਕੌਮ ਨੂੰ ਸਿਧਾਂਤਕ ਅਤੇ ਨੈਤਿਕ ਪੱਖੋਂ ਸਹੀ ਸੇਧ ਮਿਲ ਸਕੇ। ਕਿਸੇ ਵੀ ਕੌਮ ਦੀ ਤਾਕਤ ਉਸ ਦੀ ਵਿਚਾਰਕ ਸਪੱਸ਼ਟਤਾ, ਨੈਤਿਕ ਇਕਸਾਰਤਾ ਅਤੇ ਸਿਧਾਂਤਾਂ ਪ੍ਰਤੀ ਵਚਨਬੱਧਤਾ ਵਿੱਚ ਹੁੰਦੀ ਹੈ। ਜੇ ਕੌਮ ਦੇ ਆਗੂਆਂ ਦੇ ਬਿਆਨਾਂ ਅਤੇ ਵਿਹਾਰ ਵਿੱਚ ਅੰਤਰ ਮਹਿਸੂਸ ਕੀਤਾ ਜਾਵੇ, ਤਾਂ ਇਹ ਚਰਚਾ ਅਤੇ ਆਤਮ-ਮੰਥਨ ਦਾ ਵਿਸ਼ਾ ਬਣਨਾ ਸੁਭਾਵਿਕ ਹੈ। ਆਖ਼ਰਕਾਰ, ਕੌਮ ਨੂੰ ਇੱਕੋ ਜਿਹੇ ਮਾਪਦੰਡਾਂ ਨਾਲ ਚਲਾਉਣਾ ਹੀ ਉਸ ਦੀ ਏਕਤਾ ਅਤੇ ਭਰੋਸੇ ਦੀ ਮਜ਼ਬੂਤੀ ਦਾ ਆਧਾਰ ਬਣ ਸਕਦਾ ਹੈ।

**-ਭਾਈ ਗੁਰਚਰਨ ਸਿੰਘ**
**ਦਲ ਖਾਲਸਾ ਇੰਟਰਨੈਸ਼ਨਲ ਦੇ ਆਗੂ**

ਯੂਕੇ 'ਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਸੱਦਾ

# ਸਿੱਖ ਪਛਾਣ, ਗੁਰਮਤਿ ਕਦਰਾਂ-ਕੀਮਤਾਂ ਅਤੇ ਏਕਤਾ ਨੂੰ ਮਜ਼ਬੂਤ ਬਣਾਈਏ

## "ਹਰ ਸਿੱਖ ਪਰਿਵਾਰ ਨੇ ਆਪਣੇ ਬੱਚਿਆਂ ਦੇ ਨਾਵਾਂ ਦੇ ਨਾਲ ਸਿੰਘ ਅਤੇ ਕੌਰ ਜ਼ਰੂਰ ਲਗਾਉਣਾ ਹੈ, ਇਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ਿਸ਼ ਕੀਤੀ ਸਾਡੇ ਇੱਕ ਪਰਿਵਾਰ ਅਤੇ ਵਿਲੱਖਣ ਪਛਾਣ ਦੀ ਨਿਸ਼ਾਨੀ ਹੈ"

















**ਲੰਡਨ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਐਤਵਾਰ ਨੂੰ ਗੁਰਦੁਆਰਾ ਗੁਰੂ ਨਾਨਕ ਗ਼ਰੀਬ ਨਿਵਾਜ ਹਯੇਜ਼ ਲੰਡਨ ਵਿਖੇ ਅਫ਼ਗਾਨਿਸਤਾਨ ਦੀ ਸਿੱਖ ਸੰਗਤ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ 27ਵੇਂ ਬਾਲਾ ਪ੍ਰੀਤਮ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਇਹ ਸਮਾਗਮ ਅਫ਼ਗਾਨੀ ਅਤੇ ਯੂਕੇ ਦੀ ਸਿੱਖ ਸੰਗਤ - ਨਿਹਕਾਮੀ ਸੇਵਾ ਟ੍ਰਸਟ ਯੂਕੇ, ਗੁਰੂ ਹਰਿਗੋਬਿੰਦ ਸਾਹਿਬ ਟ੍ਰਸਟ ਯੂਕੇ, ਗੁਰਦੁਆਰਾ ਗੁਰੂ ਨਾਨਕ ਗ਼ਰੀਬ ਨਿਵਾਜ ਵੱਲੋਂ ਸਾਂਝੇ ਤੌਰ ਉੱਤੇ ਕਰਵਾਏ ਗਏ। ਇਸ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਜਿੱਥੇ ਵੀ ਗਏ, ਉੱਥੇ ਸੰਗਤ ਕਾਇਮ ਹੋਈ। ਗੁਰੂ ਸਾਹਿਬ ਸਰੀਰ ਕਰਕੇ ਭਾਵੇਂ ਅੱਗੇ ਚਲੇ ਗਏ ਪਰ ਸਿੱਖਾਂ ਨੂੰ ਗੁਰਬਾਣੀ ਨਾਲ ਜੋੜ ਕਿ ਗਏ। ਅੱਜ ਵੀ ਸਿੱਖ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਗੁਰਦੁਆਰਾ ਸਾਹਿਬਾਨ ਰਾਹੀਂ ਗੁਰਬਾਣੀ ਨਾਲ ਜੁੜੇ ਹਨ। ਉਨ੍ਹਾਂ ਕਿਹਾ ਕਿ ਜਿਵੇਂ ਵਿਦੇਸ਼ਾਂ ਦੀ ਧਰਤੀ ਉੱਤੇ ਸਿੱਖ ਗੁਰੂ ਘਰਾਂ ਅੰਦਰ ਹਫ਼ਤਾਵਾਰੀ ਸਮਾਗਮ, ਇਕੱਤਰਤਾ ਕਰਕੇ ਸੰਗਤ ਕਰਦੇ ਹਨ ਇਹ ਹਮੇਸ਼ਾ ਕਾਇਮ ਰਹਿਣਾ ਚਾਹੀਦਾ ਹੈ ਤਾਂ ਜੋ ਸਾਡੀ ਨਵੀਂ ਪੀੜ੍ਹੀ ਸਿੱਖੀ ਨਾਲ ਜੁੜੀ ਰਹੀ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਗੁਰਮਤਿ ਦੇ ਨਾਲ ਜੋੜ ਕੇ ਰੱਖਣਾ ਬਹੁਤ ਜ਼ਰੂਰੀ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸਿੱਖੀ ਬਹੁਤ ਸਿੱਧੀ, ਖੁੱਲ੍ਹੀ ਅਤੇ ਸੌਖੀ ਹੈ, ਜਿਸ ਵਿੱਚ ਕੱਟੜਤਾ, ਛੂਤ ਛਾਤ ਨਹੀਂ ਹੈ, ਇਹ ਸਮੁੱਚੀ ਮਨੁੱਖਤਾ ਨੂੰ ਕਲਾਵੇ ਵਿੱਚ ਲੈਂਦੀ ਹੈ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਦੀ ਇੱਛਾ ਹੈ ਕਿ ਜੋ ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸਿੱਖ ਬੱਚੇ ਬੱਚੀਆਂ ਦੇ ਜਥੇ ਗੁਰਬਾਣੀ ਕੀਰਤਨ ਕਰਦੇ ਹਨ, ਲਹਿੰਦੇ ਪੰਜਾਬ ਤੋਂ ਅਜਿਹੇ ਸਮਾਗਮਾਂ ਵਿੱਚ ਵਿਦੇਸ਼ਾਂ ਅੰਦਰ ਉਨ੍ਹਾਂ ਬੱਚਿਆਂ ਦੇ ਜਥਿਆਂ ਨੂੰ ਵਿਸ਼ੇਸ਼ ਰੂਪ ਵਿੱਚ ਸੱਦਿਆ ਜਾਵੇ। ਉਨ੍ਹਾਂ ਕਿਹਾ ਕਿ ਗੁਰਬਾਣੀ ਕੀਰਤਨ ਰਾਗ ਅਧਾਰਤ ਸਹਿਜ ਵਿੱਚ ਹੋਣਾ ਚਾਹੀਦਾ ਹੈ, ਕੰਨ ਰਸ ਨਹੀਂ ਬਣਨਾ ਚਾਹੀਦਾ। ਉਨ੍ਹਾਂ ਕਿਹਾ ਕਿ ਕੀਰਤਨੀ ਜਥਿਆਂ ਨੂੰ ਗੁਰਮਤਿ ਸੰਗੀਤ ਪ੍ਰਣਾਲੀ ਤੋਂ ਬਾਹਰ ਨਹੀਂ ਜਾਣਾ ਚਾਹੀਦਾ। ਜਥੇਦਾਰ ਗੜਗੱਜ ਨੇ ਨਿਹਕਾਮੀ ਸੇਵਾ ਟ੍ਰਸਟ ਯੂਕੇ ਦੇ ਆਗੂ ਭਾਈ ਗਜਿੰਦਰ ਸਿੰਘ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਸੰਗਤ ਨੂੰ ਇਨ੍ਹਾਂ ਦਾ ਸਹਿਯੋਗ ਕਰਨ ਲਈ ਆਖਿਆ। ਬੀਤੇ ਸਮੇਂ ਯੂਕੇ ਅੰਦਰ ਵਾਪਰੀ ਇੱਕ ਘਟਨਾ ਦੇ ਸੰਦਰਭ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਨੂੰ ਗੁਰੂ ਨੇ ਸ਼ਸਤਰ ਦਿੱਤੇ ਹਨ, ਇਹ ਸਾਡੇ ਉੱਤੇ ਗੁਰੂ ਦੀ ਬਖਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਸਿੱਖ ਸ਼ਸਤਰ ਦੀ ਗਲਤ ਵਰਤੋਂ ਨਹੀਂ ਕਰਦੇ ਅਤੇ ਗੁਰੂ ਦੇ ਜ਼ਾਬਤੇ ਤੇ ਅਨੁਸ਼ਾਸਨ ਵਿੱਚ ਰਹਿੰਦੇ ਹਨ। ਸਿੱਖ ਦਾ ਸ਼ਸਤਰ ਮਜ਼ਲੂਮ ਦੀ ਰਾਖੀ ਤੇ ਆਤਮ ਰੱਖਿਆ ਲਈ ਹੈ, ਇਹ ਕਿਸੇ ਉੱਤੇ ਜ਼ੁਲਮ ਨਹੀਂ ਕਰਦਾ। ਉਨ੍ਹਾਂ ਕਿਹਾ ਕਿ ਸਿੱਖਾਂ ਦਾ ਇਹ ਫਰਜ਼ ਹੈ ਕਿ ਉਹ ਜਿਸ ਮੁਲਕ ਵਿੱਚ ਰਹਿ ਰਹੇ ਹਨ ਉਸ ਦੇ ਵਫ਼ਾਦਾਰ ਰਹਿਣ ਅਤੇ ਉੱਥੋਂ ਦੀ ਤਰੱਕੀ ਲਈ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਸਿੱਖ ਜਿਸ ਮੁਲਕ ਵਿੱਚ ਵੀ ਹਨ ਉੱਥੋਂ ਦੇ ਕਾਨੂੰਨ ਦੇ ਜ਼ਾਬਤੇ ਵਿੱਚ ਰਹਿ ਕੇ ਕਾਰਜ ਕਰਨ। ਸਿੱਖ ਜਬਰ ਅਤੇ ਜ਼ੁਲਮ ਖਿਲਾਫ਼ ਹਮੇਸ਼ਾ ਲੜਦਾ ਹੈ ਲੇਕਿਨ ਕਿਸੇ ਨਾਲ ਧੱਕਾ ਨਹੀਂ ਕਰਦਾ ਉਨ੍ਹਾਂ ਸੰਗਤ ਨੂੰ ਸਮਾਜ ਸੇਵਾ ਤੇ ਮਨੁੱਖਤਾ ਦੀ ਭਲਾਈ ਦੇ ਕਾਰਜ ਕਰਨ ਲਈ ਆਖਿਆ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਹਰ ਸਿੱਖ ਪਰਿਵਾਰ ਨੇ ਆਪਣੇ ਬੱਚਿਆਂ ਦੇ ਨਾਵਾਂ ਦੇ ਨਾਲ ਸਿੰਘ ਅਤੇ ਕੌਰ ਜ਼ਰੂਰ ਲਗਾਉਣਾ ਹੈ, ਇਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ਿਸ਼ ਕੀਤੀ ਸਾਡੇ ਇੱਕ ਪਰਿਵਾਰ ਅਤੇ ਵਿਲੱਖਣ ਪਛਾਣ ਦੀ ਨਿਸ਼ਾਨੀ ਹੈ। ਅਸੀਂ ਇੱਕ ਸਾਂਝਾ ਪਰਿਵਾਰ ਹਾਂ, ਦੁੱਖ ਸੁੱਖ ਦੇ ਭਾਈਵਾਲ਼ ਹਾਂ ਇਸ ਲਈ ਇੱਕ ਦੂਜੇ ਦੀ ਮਦਦ ਕਰਨੀ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਬੱਚਿਆਂ ਦੇ ਨਾਮ ਚੜ੍ਹਦੀ ਕਲਾ ਵਾਲੇ ਰੱਖਣੇ ਹਨ, ਅੱਜ ਕੱਲ੍ਹ ਨਾਵਾਂ ਪਿੱਛੇ ਗੋਤ ਲਗਾਉਣ ਦਾ ਰੁਝਾਨ ਹੈ, ਨਾਵਾਂ ਵਿੱਚੋਂ ਸਿੰਘ ਤੇ ਕੌਰ ਮਨਫੀ ਹੋ ਰਹੇ ਹਨ, ਇਹ ਠੀਕ ਗੱਲ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਜੋੜਿਆਂ ਨੇ ਤਿੰਨ ਤੋਂ ਚਾਰ ਬੱਚੇ ਵੀ ਕਰਨੇ ਹਨ, ਇਹ ਸਾਡੇ ਲਈ ਸਮਾਜਿਕ ਤੇ ਕੌਮੀ ਤੌਰ ਉੱਤੇ ਬਹੁਤ ਜ਼ਰੂਰੀ ਹੈ। ਗੁਰੂ ਨੇ ਸਾਨੂੰ ਕਿਰਤੀ ਬਣਾਇਆ ਹੈ ਇਸ ਲਈ ਇਹ ਚਿੰਤਾ ਨਾ ਕਰੀਏ ਕਿ ਜੇਕਰ ਵੱਧ ਬੱਚੇ ਹੋਣਗੇ ਤਾਂ ਉਨ੍ਹਾਂ ਪਾਲਣ ਪੋਸ਼ਣ, ਪੜ੍ਹਾਈ ਕਿਵੇਂ ਹੋਵੇਗੀ, ਗੁਰੂ ਉੱਤੇ ਭਰੋਸਾ ਰੱਖੀਏ। ਜਥੇਦਾਰ ਗੜਗੱਜ ਨੇ ਕਿਹਾ ਕਿ ਯੂਕੇ ਵਿੱਚ ਸਿੱਖ ਬੱਚੀਆਂ ਨੂੰ ਵਰਗਲਾਉਣ ਦੇ ਮਾਮਲੇ ਵੀ ਸਾਹਮਣੇ ਆ ਰਹੇ ਹਨ, ਜਿਸ ਤੋਂ ਪੂਰੀ ਤਰ੍ਹਾਂ ਸੁਚੇਤ ਰਹਿਣਾ ਹੈ ਅਤੇ ਆਪਣੇ ਬੱਚਿਆਂ ਨੂੰ ਸਿੱਖੀ ਤੇ ਗੁਰੂ ਘਰ ਨਾਲ ਜੋੜ ਕੇ ਰੱਖਣਾ ਹੈ। ਸਿੱਖ ਰਹਿਤ ਮਰਯਾਦਾ ਵਿੱਚ ਇਹ ਦਰਜ ਹੈ ਕਿ ਸਿੱਖ ਬੱਚੀ ਦਾ ਵਿਆਹ ਸਿੱਖ ਬੱਚੇ ਨਾਲ ਹੀ ਹੋ ਸਕਦਾ ਹੈ, ਆਪਣੇ ਬੱਚਿਆਂ ਨਾਲ ਵੱਧ ਤੋਂ ਵੱਧ ਸਮਾਂ ਬਤੀਤ ਕਰੀਏ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਜਾਣੀਏ ਤੇ ਉਨ੍ਹਾਂ ਨਾਲ ਲਗਾਤਾਰ ਗੱਲਬਾਤ ਕਰੀਏ। ਉਨ੍ਹਾਂ ਕਿਹਾ ਕਿ ਇਹ ਸਿੱਖ ਮਾਪਿਆਂ ਦੀ ਜ਼ਿੰਮੇਵਾਰੀ ਹੈ ਕਿ ਬੱਚਿਆਂ ਨੂੰ ਘਰਾਂ ਵਿੱਚ ਸਿੱਖੀ ਵਾਲਾ ਮਾਹੌਲ ਦੇਣ ਤਾਂ ਜੋ ਇਹ ਵਾੜ ਬੱਚਿਆਂ ਨੂੰ ਬਚਾ ਕੇ ਰੱਖੇ। ਉਨ੍ਹਾਂ ਸੰਗਤ ਨੂੰ ਸਮੂਹ ਭਾਈਚਾਰਿਆਂ ਤੇ ਕੌਮਾਂ ਨੂੰ ਗਲਵੱਕੜੀ ਵਿੱਚ ਲੈਣ, ਕਿਸੇ ਨਾਲ ਨਫ਼ਰਤ ਜਾਂ ਇਰਖਾ ਨਾ ਕਰਨਾ ਦਾ ਸੰਦੇਸ਼ ਵੀ ਦਿੱਤਾ। ਉਨ੍ਹਾਂ ਵਿਦੇਸ਼ਾਂ ਵਿੱਚ ਵੱਸਦੀ ਸੰਗਤ ਨੂੰ ਸੱਦਾ ਦਿੱਤਾ ਕਿ ਉਹ ਸ੍ਰੀ ਨਨਕਾਣਾ ਸਾਹਿਬ, ਸ੍ਰੀ ਦਰਬਾਰ ਸਾਹਿਬ, ਪੰਜੇ ਤਖ਼ਤ ਸਾਹਿਬਾਨ ਅਤੇ ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਦਰਸ਼ਨਾਂ ਲਈ ਜ਼ਰੂਰ ਆਉਣ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖਾਂ ਦਾ ਸਰਵਉੱਚ ਤਖ਼ਤ ਹੈ, ਜਿਸ ਅੱਗੇ ਕੋਈ ਵੀ ਹਾਕਮ ਨਹੀਂ ਅੜ ਸਕਦਾ। ਉਨ੍ਹਾਂ ਸੰਗਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜੁੜੇ ਰਹਿਣ ਦਾ ਵੀ ਸੰਦੇਸ਼ ਦਿੱਤਾ। ਇਸ ਮੌਕੇ ਭਾਈ ਗਜਿੰਦਰ ਸਿੰਘ ਖ਼ਾਲਸਾ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਐਡੀਸ਼ਨਲ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸਿੱਖ ਵਿਦਵਾਨ ਭਾਈ ਗੁਰਬਖਸ਼ ਸਿੰਘ ਗੁਲਸ਼ਨ, ਨਾਨਕਸਰ ਬੜੂੰਦੀ ਤੋਂ ਬਾਬਾ ਅਮਰ ਸਿੰਘ ਜੀ, ਸ. ਵਰਿੰਦਰ ਸਿੰਘ, ਸ. ਹਰਪ੍ਰੀਤ ਸਿੰਘ, ਸ. ਅਸ਼ਪਾਲ ਸਿੰਘ, ਸ. ਹਰਿੰਦਰ ਸਿੰਘ, ਸ. ਗੁਰਿੰਦਰ ਸਿੰਘ, ਸ. ਮਨਜੀਤ ਸਿੰਘ, ਸ. ਲੋਚ ਸਿੰਘ, ਸ. ਅਮਰਜੀਤ ਸਿੰਘ, ਸ. ਚਰਨ ਸਿੰਘ, ਸ. ਸੁਖਦੀਪ ਸਿੰਘ ਰੰਧਾਵਾ, ਸ. ਅਜੀਤ ਸਿੰਘ, ਨਿੱਜੀ ਸਹਾਇਕ ਸ. ਬਲਦੇਵ ਸਿੰਘ, ਮੀਡੀਆ ਸਲਾਹਕਾਰ ਸ. ਜਸਕਰਨ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੀਰੀ ਪੀਰੀ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਦੇ ਡਾਕਟਰਾਂ ਅਤੇ ਮੁਲਾਜ਼ਮਾਂ ਨੇ

# ਜਥੇਦਾਰ ਦਾਦੂਵਾਲ ਜੀ ਕੋਲ ਪੁੱਜ ਕੇ ਦੱਸੀ ਸੱਚਾਈ



**ਪੰਚਕੂਲਾ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਦੇ ਡਾਕਟਰਾਂ ਤੇ ਮੁਲਾਜ਼ਮਾਂ ਦਾ ਇੱਕ ਵਫ਼ਦ ਕੱਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਕੋਲ ਗੁਰਦੁਆਰਾ ਨਾਢਾ ਸਾਹਿਬ ਪੰਚਕੂਲਾ ਵਿਖੇ ਪੁੱਜਾ ਅਤੇ ਮੀਰੀ ਪੀਰੀ ਮੈਡੀਕਲ ਹਸਪਤਾਲ ਦੀ ਸਾਰੀ ਸੱਚਾਈ ਤੋਂ ਜਥੇਦਾਰ ਦਾਦੂਵਾਲ ਜੀ ਨੂੰ ਜਾਣੂ ਕਰਵਾਇਆ ਵਫ਼ਦ ਵਿੱਚ ਸੀਨੀਅਰ ਸਰਜਨ ਡਾਕਟਰ ਵਿਪਨ ਭਾਟੀਆ,ਡਾਕਟਰ ਅਰਵਿੰਦ ਟਿੱਕੂ,ਡਾਕਟਰ ਜੀਬੀ ਸਿੰਘ,ਸਰਬਜੋਤ ਸਿੰਘ ਦੁਗਲ

ਆਵਾਜ਼ਿ ਕੌਮ AWAZE QAUM International Newspaper & WEB TV

ਹੜਤਾਲ ਤੇ ਬੈਠੇ ਮੁਲਾਜ਼ਮਾ ਚੋਂ ਪ੍ਰਿਤਪਾਲ ਸਿੰਘ,ਤਰਸੇਮ ਸਿੰਘ,ਰਾਜਾ ਸਿੰਘ,ਸੁਸ਼ੀਲ ਕੁਮਾਰ,ਰਣਜੀਤ ਸਿੰਘ ਰਾਣਾ,ਸਨਜੀਤ ਸਿੰਘ ਸ਼ਾਮਿਲ ਸਨ ਵਫ਼ਦ ਨੇ ਜਥੇਦਾਰ ਦਾਦੂਵਾਲ ਜੀ ਨੂੰ ਦੱਸਿਆ ਕੇ ਜੋ ਮੀਰੀ ਪੀਰੀ ਟਰੱਸਟ ਦੇ ਅਹੁਦੇਦਾਰ ਅਤੇ ਸੀਈਓ ਵੱਲੋਂ ਇਹ ਗੁੰਮਰਾਹਕੁੰਨ ਪ੍ਰਚਾਰ ਕੀਤਾ ਜਾ ਰਿਹਾ ਹੈ ਕੇ ਸੰਸਥਾ ਘਾਟੇ ਵਿੱਚ ਚਲਦੀ ਹੈ ਬਿਲਕੁਲ ਝੂਠ ਹੈ ਉਨਾਂ ਨੇ ਦੱਸਿਆ ਕੇ ਮੀਰੀ ਪੀਰੀ ਟਰੱਸਟ ਦੇ ਮੈਂਬਰ ਅਤੇ ਹਰਿਆਣਾ ਕਮੇਟੀ ਦੇ ਕੁੱਝ ਅਹੁਦੇਦਾਰ ਮੈਂਬਰ ਆਪਸ ਵਿੱਚ ਸਾਜਬਾਜ ਹਨ ਜਿਸ ਕਰਕੇ ਇਸ ਤਰ੍ਹਾਂ ਦਾ ਗੁੰਮਰਾਹਕੁੰਨ ਪ੍ਰਚਾਰ ਕੀਤਾ ਜਾ ਰਿਹਾ ਹੈ ਵਫ਼ਦ ਨੇ ਇਹ ਵੀ ਦੱਸਿਆ ਕੇ ਜੋ ਸੰਸਥਾ ਦੇ ਸੀਈਓ ਡਾਕਟਰ ਸੰਦੀਪ ਇੰਦਰ ਸਿੰਘ ਚੀਮਾ ਵੱਲੋਂ ਕਿਹਾ ਜਾ ਰਿਹਾ ਕੇ ਡਾਕਟਰ ਸਾਹਿਬਾਨ ਸੰਸਥਾ ਨੂੰ ਛੱਡ ਕੇ ਚਲੇ ਜਾਣਗੇ ਬਿਲਕੁਲ ਕੋਰਾ ਝੂਠ ਹੈ ਵਫਦ ਨੇ ਜਥੇਦਾਰ ਦਾਦੂਵਾਲ ਜੀ ਨੂੰ ਕਿਹਾ ਕੇ ਤੁਸੀਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਸਥਾ ਦਾ ਪ੍ਰਬੰਧ ਤੁਰੰਤ ਸੰਭਾਲੋ ਅਸੀਂ ਸਾਰੇ ਡਾਕਟਰ ਅਤੇ ਸਟਾਫ ਦੁਗਨੀ ਮਿਹਨਤ ਕਰਾਂਗੇ ਅਤੇ ਸੰਸਥਾ ਨੂੰ ਚਲਾਉਣ ਵਾਸਤੇ ਤੁਹਾਡਾ ਹਰ ਤਰਾਂ ਦਾ ਸਾਥ ਦਿੱਤਾ ਜਾਏਗਾ ਡਾਕਟਰ ਸਾਹਿਬਾਨਾ ਅਤੇ ਮੁਲਾਜ਼ਮਾਂ ਦੇ ਵਫ਼ਦ ਨੇ ਜਥੇਦਾਰ ਦਾਦੂਵਾਲ ਜੀ ਦਾ ਇਸ ਕਰਕੇ ਵੀ ਵਿਸ਼ੇਸ਼ ਧੰਨਵਾਦ ਕੀਤਾ ਕੇ ਉਨਾਂ ਨੇ ਕਾਨੂੰਨੀ ਲੜਾਈ ਲੜਕੇ ਸੰਸਥਾ ਨੂੰ ਹਰਿਆਣੇ ਦੀ ਝੋਲੀ ਵਿੱਚ ਪਾਇਆ ਹੈ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਬਾਦਲ ਦਲੀਆਂ ਟਰੱਸਟ ਦੇ ਮੈਂਬਰਾਂ ਚੀਮਾਂ ਝੀਂਡਾ ਵਲੋਂ ਕੀਤੀ ਜਾ ਰਹੀ ਡਰਾਮੇਬਾਜ਼ੀ ਬਾਰੇ ਸਾਨੂੰ ਕਿਸੇ ਤਰਾਂ ਦਾ ਕੋਈ ਭੁਲੇਖਾ ਨਹੀਂ ਹੈ ਕੇ ਸੰਸਥਾ ਕਿਸੇ ਤਰਾਂ ਦੇ ਘਾਟੇ ਵਿੱਚ ਹੈ ਉਨਾਂ ਕਿਹਾ ਕੇ ਜੋ ਬਾਦਲ ਦਲ ਦੇ ਟਰੱਸਟੀ ਮੈਂਬਰਾਂ ਅਤੇ ਸੀਈਓ ਚੀਮਾਂ ਝੀਂਡਾ ਵੱਲੋਂ ਸਾਜਬਾਜ ਕਰਕੇ ਇਸ ਸੰਸਥਾ ਨੂੰ ਮੁੜ ਬਾਦਲ ਦਲ ਦੀ ਝੋਲੀ ਵਿੱਚ ਪਾਉਣ ਦੇ ਯਤਨ ਕੀਤੇ ਜਾ ਰਹੇ ਹਨ ਇਹ ਕਿਸੇ ਤਰਾਂ ਵੀ ਕਾਮਯਾਬ ਨਹੀਂ ਹੋਣ ਦਿੱਤੇ ਜਾਣਗੇ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਜਗਦੀਸ਼ ਸਿੰਘ ਝੀਂਡਾ ਵੀ ਬਾਦਲ ਦਲ ਦਾ ਹੱਥ ਠੋਕਾ ਬਣ ਕੇ ਉਨਾਂ ਦੀ ਬੋਲੀ ਬੋਲ ਰਿਹਾ ਹੈ ਪਹਿਲਾਂ ਤਾਂ ਇਕ ਹਜ਼ਾਰ ਕਰੋੜ ਰੁਪਏ ਦੀ ਯੂਨੀਵਰਸਟੀ ਖੋਲਣ ਦੀਆਂ ਡੀਂਗਾਂ ਮਾਰਦਾ ਸੀ ਤੇ ਅੱਜ ਇੱਕ ਛੋਟਾ ਜਿਹਾ ਕਾਲਜ ਅਤੇ ਹਸਪਤਾਲ ਚਲਾਉਣ ਤੋਂ ਹੱਥ ਖੜੇ ਕਰੀ ਬੈਠਾ ਹੈ ਜਿਸ ਤੋਂ ਸਾਬਤ ਹੁੰਦਾ ਹੈ ਕਿ ਝੀਂਡਾ ਵਿੱਚ ਕਿਸੇ ਤਰਾਂ ਦੀ ਕੋਈ ਕਾਬਲੀਅਤ ਨਹੀਂ ਹੈ ਸਗੋਂ ਨਿਕੰਮਾ ਸਾਬਤ ਹੋ ਰਿਹਾ ਹੈ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਬਹੁਤ ਜਲਦੀ ਮੀਰੀ ਪੀਰੀ ਸੰਸਥਾ ਦਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਸੰਭਾਲੇਗੀ ਅਤੇ ਡਾਕਟਰ ਸਾਹਿਬਾਨਾਂ ਮੁਲਾਜ਼ਮਾਂ ਨੂੰ ਬਣਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣਗੀਆਂ ਅਤੇ ਇਲਾਕੇ ਦੇ ਮਰੀਜ਼ਾਂ ਨੂੰ ਕਿਸੇ ਤਰਾਂ ਦੀ ਕੋਈ ਤਕਲੀਫ ਨਹੀਂ ਆਉਣ ਦਿੱਤੀ ਜਾਵੇਗੀ ਇਸ ਸਮੇਂ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ,ਦੀਦਾਰ ਸਿੰਘ ਨਲਵੀ ਮੈਂਬਰ,ਬੀਬੀ ਕਰਤਾਰ ਕੌਰ ਸ਼ਾਹਬਾਦ ਮਾਰਕੰਡਾ ਮੈਂਬਰ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ,ਐਡਵੋਕੇਟ ਗੁਰਤੇਜ ਸਿੰਘ ਅੰਬਾਲਾ ਮੈਂਬਰ,ਰਜਿੰਦਰ ਸਿੰਘ ਬਰਾੜਾ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤਿਨਿਧ ਬੀਬੀ ਕਪੂਰ ਕੌਰ ਸੌਂਕੜਾ,ਭੁਪਿੰਦਰ ਸਿੰਘ ਸੈਣੀ ਮੈਂਬਰ ਪ੍ਰਤੀਨਿਧ ਕੈਪਟਨ ਦਿਲਬਾਗ ਸਿੰਘ ਸਜ਼ਾਦਪੁਰ,ਐਡਵੋਕੇਟ ਰਸਪਿੰਦਰ ਸਿੰਘ ਸੋਹੀ,ਐਡਵੋਕੇਟ ਅਦਿਤਿਆ ਬਾਦਵਾਰ ਅਤੇ ਬੇਅੰਤ ਸਿੰਘ ਨਲਵੀ ਸਾਬਕਾ ਮੈਂਬਰ ਵੀ ਹਾਜਰ ਸਨ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਔਰਤਾਂ ਦੇ ਸਸ਼ਕਤੀਕਰਨ ਲਈ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਉਪਰਾਲੇ: ਹਰਭਜਨ ਸਿੰਘ ਈ.ਟੀ.ਓ.

# ਵਿੱਤੀ ਸਾਲ 2026-27 ਦੌਰਾਨ ਔਰਤਾਂ ਲਈ ਮੁਫ਼ਤ ਬੱਸ ਸਫ਼ਰ ਸਹੂਲਤ ’ਤੇ 298 ਕਰੋੜ ਰੁਪਏ ਖ਼ਰਚ

ਜੰਡਿਆਲਾ ਗੁਰੂ 20 ਜੁਲਾਈ:( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਔਰਤਾਂ ਨੂੰ ਆਤਮ-ਨਿਰਭਰ ਬਣਾਉਣ, ਉਨ੍ਹਾਂ ਦੀ ਆਰਥਿਕ ਸੁਤੰਤਰਤਾ ਨੂੰ ਮਜ਼ਬੂਤ ਕਰਨ ਅਤੇ ਜੀਵਨ ਦੇ ਹਰ ਖੇਤਰ ਵਿੱਚ ਤਰੱਕੀ ਦੇ ਬਰਾਬਰ ਮੌਕੇ ਯਕੀਨੀ ਬਣਾਉਣ ਲਈ ਲਗਾਤਾਰ ਇਨਕਲਾਬੀ ਕਦਮ ਚੁੱਕ ਰਹੀ ਹੈ ਉਹ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਫਤਿਹਪੁਰ ਰਾਜਪੂਤਾਂ, ਲਾਲਕਾ ਨਗਰ, ਮੇਹੋਕਾ ਅਤੇ ਕਿਲਾ ਜੀਵਨ ਸਿੰਘ ਵਿਖੇ ਕਰਵਾਏ ਗਏ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਵੱਡੇ ਜਨਤਕ ਇਕੱਠਾਂ ਨੂੰ ਸੰਬੋਧਨ ਕਰ ਰਹੇ ਸਨ ।ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ ਔਰਤਾਂ ਨੂੰ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਪ੍ਰਦਾਨ ਕਰਨ ਲਈ 298 ਕਰੋੜ ਰੁਪਏ ਖ਼ਰਚ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀਆਂ ਔਰਤਾਂ ਹਰ ਮਹੀਨੇ ਕਰੀਬ 1.20 ਕਰੋੜ ਮੁਫ਼ਤ ਬੱਸ ਯਾਤਰਾਵਾਂ ਦਾ ਲਾਭ ਲੈ ਰਹੀਆਂ ਹਨ, ਜੋ ਇਸ ਲੋਕ ਭਲਾਈ ਸਕੀਮ ਦੀ ਵੱਡੀ ਸਫ਼ਲਤਾ ਅਤੇ ਹਰਮਨਪਿਆਰਤਾ ਨੂੰ ਦਰਸਾਉਂਦਾ ਹੈ ।ਸ.ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਇਸ ਸਕੀਮ ਨਾਲ ਔਰਤਾਂ ’ਤੇ ਪੈਣ ਵਾਲਾ ਆਰਥਿਕ ਬੋਝ ਕਾਫ਼ੀ ਘੱਟ ਹੋਇਆ ਹੈ ਅਤੇ ਰੁਜ਼ਗਾਰ, ਸਿੱਖਿਆ, ਸਿਹਤ ਸੇਵਾਵਾਂ ਅਤੇ ਹੋਰ ਜ਼ਰੂਰੀ ਕੰਮਾਂ ਲਈ ਸਫ਼ਰ ਕਰਨ ਵਾਲੀਆਂ ਲੱਖਾਂ ਮਹਿਲਾਵਾਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਸਸਤਾ ਅਤੇ ਸੁਖਾਲਾ ਸਫ਼ਰ ਉਪਲਬਧ ਹੋਣ ਨਾਲ ਔਰਤਾਂ ਵਿੱਚ ਆਤਮ-ਵਿਸ਼ਵਾਸ ਵਧਿਆ ਹੈ, ਜਿਸ ਨਾਲ ਉਹ ਨਵੇਂ ਰੁਜ਼ਗਾਰ ਦੇ ਮੌਕਿਆਂ ਦਾ ਲਾਭ ਉਠਾਉਣ ਅਤੇ ਪੰਜਾਬ ਦੇ ਸਮਾਜਿਕ ਤੇ ਆਰਥਿਕ ਵਿਕਾਸ ਵਿੱਚ ਹੋਰ ਵੱਧ ਸਰਗਰਮ ਭੂਮਿਕਾ ਨਿਭਾਉਣ ਦੇ ਯੋਗ ਹੋਈਆਂ ਹਨ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ‘ਮਾਵਾਂ-ਧੀਆਂ ਸਤਿਕਾਰ ਯੋਜਨਾ’ ਵੀ ਸੂਬੇ ਦੀਆਂ ਮਹਿਲਾਵਾਂ ਲਈ ਬੇਹੱਦ ਲਾਹੇਵੰਦ ਸਾਬਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ 1 ਅਗਸਤ ਨੂੰ ਇੱਕ ਵਾਰ ਫਿਰ ਇਸ ਯੋਜਨਾ ਤਹਿਤ ਯੋਗ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਸਨਮਾਨ ਰਾਸ਼ੀ ਜਮ੍ਹਾਂ ਕਰਵਾਈ ਜਾਵੇਗੀ, ਜਿਸ ਨਾਲ ਲੱਖਾਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਮਿਲੇਗਾ ।ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀਆਂ ਦੁੱਖ-ਤਕਲੀਫ਼ਾਂ ਨੂੰ ਨੇੜਿਓਂ ਸਮਝਦੀ ਹੈ ਅਤੇ ਇਸੇ ਸੋਚ ਤਹਿਤ ਲੋਕ ਭਲਾਈ ਨੂੰ ਸਮਰਪਿਤ ਕਈ ਇਤਿਹਾਸਕ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ ।ਉਨ੍ਹਾਂ ਕਿਹਾ ਕਿ ਸਰਕਾਰ ਦਾ ਇੱਕੋ-ਇੱਕ ਮੰਤਵ ਸੂਬੇ ਦੇ ਹਰ ਵਰਗ ਦੀ ਭਲਾਈ ਯਕੀਨੀ ਬਣਾਉਣਾ ਅਤੇ ਪੰਜਾਬ ਨੂੰ ਖੁਸ਼ਹਾਲ ਤੇ ਰੰਗਲਾ ਬਣਾਉਣਾ ਹੈ ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਆਗੂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਸੀਬੀਐਸਈ ਦੇ ਦਿਸ਼ਾ ਨਿਰਦੇਸ਼ਾਂ ਤੇ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਹਿੰਦੀ ਭਾਸ਼ਾ ਦਾ ਕੈਂਪ ਲਗਾਇਆ ਗਿਆ

## ਭਾਸ਼ਾ ਸਾਡੀ ਸੱਭਿਆਚਾਰਕ ਕਦਰਾਂ ਕੀਮਤਾਂ ਅਤੇ ਪਰੰਪਰਾਵਾਂ ਨਾਲ ਜੁੜਨ ਲਈ ਇੱਕ ਸਫਲ ਮਾਧਿਅਮ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ



ਜੰਡਿਆਲਾ ਗੁਰੂ 20 ਜੁਲਾਈ ( ਕੁਲਵੰਤ ਸਿੰਘ ਵਿਰਦੀ) ਸੀਬੀਐਸਈ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੀਤੇ ਦਿਨ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਹਿੰਦੀ ਭਾਸ਼ਾ ਦਾ 7 ਦਿਨਾਂ ਭਾਰਤੀ ਭਾਸ਼ਾ ਕੈਂਪ ਦਾ ਸਫਲਤਾ ਪੂਰਵਕ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਉਦੇਸ਼ ਭਾਰਤੀ ਵਿਭਿੰਨਤਾ, ਵਿਦਿਆਰਥੀਆਂ ਵਿੱਚ ਸੱਭਿਆਚਾਰਕ ਕਦਰਾਂ ਕੀਮਤਾਂ ਨੂੰ ਉਤਸਾਹਿਤ ਕਰਨਾ ਅਤੇ ਵਿਦਿਆਰਥੀਆਂ ਦੇ ਹੁਨਰ ਨੂੰ ਦਿਲਚਸਪ ਅਤੇ ਗਤੀਵਿਧੀ ਸਿੱਖਿਆ ਦੁਆਰਾ ਮਜਬੂਤ ਕਰਨਾ ਸੀ। ਸਤ ਰੋਜ਼ਾ ਕੈਂਪ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਵੱਖ-ਵੱਖ ਥੀਮ ਅਧਾਰਿਤ ਗਤੀਵਿਧੀਆਂ ਵਿੱਚ ਹਿੱਸਾ ਲਿਆ ।ਜਿਸ ਵਿੱਚ ਸ਼ੁਭਕਾਮਨਾਵਾਂ ਪ੍ਰਗਟਾਵੇ, ਭੂਮਿਕਾ ਨਿਭਾਉਣਾ, ਕਲਾ, ਪਕਵਾਨ ਬਣਾਉਣਾ, ਸਾਡਾ ਸੱਭਿਆਚਾਰਕ ਇਤਿਹਾਸ, ਭੂਗੋਲ ਅਤੇ ਸਾਡੀਆਂ ਰਵਾਇਤੀ ਖੇਡਾਂ ਸ਼ਾਮਿਲ ਸਨ। ਇਹਨਾਂ ਦਿਲਚਸਪ ਸੈਸ਼ਨਾਂ ਨੇ ਵਿਦਿਆਰਥੀਆਂ ਨੂੰ ਭਾਰਤ ਦੀ ਅਮੀਰ ਭਾਸ਼ਾਈ, ਭਾਰਤੀ ਸੱਭਿਆਚਾਰ ਵਿਰਾਸਤ ਦੀ ਡੂੰਘੀ ਸਮਝ ਪ੍ਰਾਪਤ ਕਰਦੇ ਹੋਏ ਹਿੰਦੀ ਬੋਲਣ ਵਿੱਚ ਵਿਸ਼ਵਾਸ ਪੈਦਾ ਕਰਨ ਵਿੱਚ ਮਦਦ ਕੀਤੀ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕੈਂਪ ਨੂੰ ਸਫਲਤਾ ਪੂਰਕ ਸਫਲ ਬਣਾਉਣ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਭਰਪੂਰ ਸ਼ਲਾਘਾ ਕੀਤੀ। ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਡਾ. ਅਮਰਪ੍ਰੀਤ ਕੌਰ ਜੀ ਨੇ ਵਿਦਿਆਰਥੀਆਂ ਨੂੰ ਭਾਰਤੀ ਭਾਸ਼ਾਵਾਂ ਦਾ ਸਤਿਕਾਰ ਕਰਨ ਅਤੇ ਉਹਨਾਂ ਨੂੰ ਸੰਭਾਲਣ ਲਈ ਪ੍ਰੇਰਿਤ ਕੀਤਾ ।ਅਤੇ ਉਨਾਂ ਕਿਹਾ ਕਿ ਭਾਸ਼ਾ ਸਾਡੀ ਸੱਭਿਆਚਾਰਕ ਕਦਰਾਂ ਕੀਮਤਾਂ ਅਤੇ ਪਰੰਪਰਾਵਾਂ ਨਾਲ ਜੁੜਨ ਲਈ ਇੱਕ ਸਫਲ ਮਾਧਿਅਮ ਹੈ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਸ਼੍ਰੀਮਤੀ ਅੰਜਨਾ (ਅਧਿਆਪਿਕਾ), ਸ਼੍ਰੀਮਤੀ ਮੀਨੂ, ਸ਼੍ਰੀਮਤੀ ਰਿਪਨ ਸੁੰਦਰ , ਸ਼੍ਰੀਮਤੀ ਸੈਲਿਜਾ, ਸ਼੍ਰੀਮਤੀ ਦੀਪਿਕਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਮਾਤਮਾ ਦਾ ਸਿਮਰਨ ਕਰਨ ਨਾਲ ਦੁੱਖ ਦੂਰ ਹੁੰਦੇ ਹਨ : ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ

ਚੌਕ ਮਹਿਤਾ, 20 ਜੁਲਾਈ, (ਬਾਬਾ ਸੁਖਵੰਤ ਸਿੰਘ ਚੰਨਣਕੇ)- ਧੰਨ ਧੰਨ ਸ਼੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲੇ ਵਾਲਿਆਂ ਨੇ ਧਾਰਮਿਕ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਆਉਣ ਵਾਲੇ ਦੁੱਖ-ਕਲੇਸ਼ਾਂ ਤੋਂ ਮੁਕਤੀ ਪਾਉਣ ਲਈ ਵਾਹਿਗੁਰੂ ਦੇ ਨਾਮ ਦਾ ਸਿਮਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਜੋ ਵਿਅਕਤੀ ਸੱਚੇ ਦਿਲ ਨਾਲ ਨਾਮ ਜਪਦਾ ਹੈ, ਉਸ ਦੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਜੀਵਨ ਸੁਖਮਈ ਬਣਦਾ ਹੈ ।ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲੇ ਵਾਲਿਆਂ ਨੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਬੁਰਾਈਆਂ ਤੋਂ ਦੂਰ ਰਹਿ ਕੇ ਗੁਰੂ ਦੇ ਦਰਸਾਏ ਮਾਰਗ ’ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਸਾਨੂੰ ਸਹੀ ਜੀਵਨ ਜੀਣ ਦੀ ਰਾਹ ਦਿਖਾਉਂਦੀ ਹੈ ਅਤੇ ਸਮਾਜ ਵਿੱਚ ਪਿਆਰ ਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਦੀ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਬੇਨਤੀ ਕੀਤੀ ਕਿ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੱੜ ਲੱਗੋ ਅਤੇ ਖੰਡੇ ਬਾਟੇ ਦਾ ਪਾਹੁਲ ਅਮ੍ਰਿੰਤ ਛੱਕ ਕੇ ਗੁਰੂ ਸਾਹਿਬ ਜੀ ਦੇ ਲੜ੍ਹ ਲੱਗੋ। ਚੁਗਲੀ,ਨਿੰਦਿਆ ਦਾ ਤਿਆਗ ਕਰਕੇ ਗੁਰੂ ਮੰਤਰ ਅਤੇ ਮੂਲ਼ ਮੰਤਰ ਦਾ ਵੱਧ ਤੋਂ ਵੱਧ ਜਾਪੁ ਕਰਕੇ ਆਪਣੇ ਸੁਆਸਾਂ ਨੂੰ ਸਫਲਾ ਕਰੋ। ਇਸ ਮੌਕੇ ਤੇ ਬਾਬਾ ਦੀਪ ਸਿੰਘ ਸੰਤ ਬਾਬਾ ਗੁਰਦੀਪ ਸਿੰਘ ਜੀ ਦਾ ਗੜਵਈ, ਭਾਈ ਜਰਨੈਲ ਸਿੰਘ ਬਾਬਾ ਜੀ ਦਾ ਸਪੁੱਤਰ, ਮਾਸਟਰ ਜੱਸਾ ਸਿੰਘ, ਰਣਜੀਤ ਸਿੰਘ ਰਾਣਾ, ਡਾਕਟਰ ਹਰਿਕ੍ਰਿਸ਼ਨ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ



ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰੀ ਪੰਜਾਬੀ ਲੇਖਕ ਸਭਾ ਨੇ ਮੈਂਬਰਸ਼ਿਪ ਨਵਿਆਉਣ ਅਤੇ ਨਵੀਂ ਮੈਂਬਰਸ਼ਿਪ ਦੀ ਮਿਤੀ 31 ਜੁਲਾਈ ਤੱਕ ਵਧਾਈ

**ਚੌਕ ਮਹਿਤਾ 20 ਜੁਲਾਈ: ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਦਰਸ਼ਨ ਬੁੱਟਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਉਪਰੰਤ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਸਭਾ ਦੀਆਂ ਤਿੰਨ ਸਾਲਾਂ ਬਾਅਦ ਹੋਣ ਵਾਲੀਆਂ ਚੋਣਾਂ ਇਸ ਸਾਲ 31 ਅਕਤੂਬਰ ਤੋਂ ਪਹਿਲਾਂ ਕਰਵਾਈਆਂ ਜਾਣੀਆਂ ਹਨ। ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮੈਂਬਰਸ਼ਿਪ ਨਵਿਆਉਣ ਅਤੇ ਨਵੇਂ ਮੈਂਬਰ ਬਣਾਉਣ ਦੀ ਆਖ਼ਰੀ ਮਿਤੀ 31 ਜੁਲਾਈ 2026 ਤੱਕ ਵਧਾ ਦਿੱਤੀ ਗਈ ਹੈ। । ਉਨ੍ਹਾਂ ਸਭਾ ਨਾਲ ਸੰਬੰਧਿਤ ਸਮੂਹ ਸਾਹਿਤ ਸਭਾਵਾਂ, ਉਨ੍ਹਾਂ ਦੇ ਅਹੁਦੇਦਾਰਾਂ, ਕਾਰਜਕਾਰਨੀ ਮੈਂਬਰਾਂ ਅਤੇ ਪੰਜਾਬੀ ਲੇਖਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਇਲਾਕਿਆਂ ਦੀਆਂ ਸਾਹਿਤ ਸਭਾਵਾਂ ਨਾਲ ਤਾਲਮੇਲ ਕਰਕੇ ਆਪਣੀ ਮੈਂਬਰਸ਼ਿਪ ਨਵਿਆਉਣ ਅਤੇ ਨਵੇਂ ਮੈਂਬਰਾਂ ਦੇ ਵੇਰਵੇ 31 ਜੁਲਾਈ ਤੱਕ ਕੇਂਦਰੀ ਦਫ਼ਤਰ ਨੂੰ ਭੇਜਣ। ਉਨ੍ਹਾਂ ਦੱਸਿਆ ਕਿ ਸਾਲਾਨਾ ਮੈਂਬਰਸ਼ਿਪ ਫ਼ੀਸ 200 ਰੁਪਏ ਅਤੇ ਜੀਵਨ ਮੈਂਬਰਸ਼ਿਪ ਫ਼ੀਸ 1000 ਰੁਪਏ ਨਿਰਧਾਰਿਤ ਕੀਤੀ ਗਈ ਹੈ। ਨਵੀਂ ਮੈਂਬਰਸ਼ਿਪ ਲਈ ਬਿਨੈਕਾਰ ਕੋਲ ਘੱਟੋ-ਘੱਟ ਇੱਕ ਸਾਹਿਤਕ ਪੁਸਤਕ ਪ੍ਰਕਾਸ਼ਿਤ ਹੋਣੀ ਲਾਜ਼ਮੀ ਹੈ। ਜੇਕਰ ਪੁਸਤਕ ਪ੍ਰਕਾਸ਼ਨ ਅਧੀਨ ਹੈ ਤਾਂ ਉਸ ਦਾ ਖਰੜਾ ਵੀ ਪ੍ਰਵਾਨਯੋਗ ਹੋਵੇਗਾ । ਇਸ ਤੋਂ ਇਲਾਵਾ ਕਿਸੇ ਨਾਮਵਰ ਅਖ਼ਬਾਰ ਜਾਂ ਸਾਹਿਤਕ ਰਸਾਲੇ ਵਿੱਚ ਘੱਟੋ-ਘੱਟ ਵੀਹ ਮੌਲਿਕ ਰਚਨਾਵਾਂ ਪ੍ਰਕਾਸ਼ਿਤ ਹੋਣ ਨੂੰ ਵੀ ਯੋਗਤਾ ਵਜੋਂ ਸਵੀਕਾਰ ਕੀਤਾ ਜਾਵੇਗਾ। ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ, ਮੀਤ ਪ੍ਰਧਾਨ ਬਲਵਿੰਦਰ ਸੰਧੂ, ਦਲਜੀਤ ਸਿੰਘ ਸ਼ਾਹੀ, ਸ਼ੈਲਿੰਦਰਜੀਤ ਸਿੰਘ ਰਾਜਨ, ਸਕੱਤਰ ਸੁਰਿੰਦਰ ਪ੍ਰੀਤ ਘਣੀਆ, ਕਾਰਜਕਾਰਨੀ ਮੈਂਬਰ ਡਾ. ਸ਼ਿੰਦਰਪਾਲ ਸਿੰਘ, ਜਤਿੰਦਰ ਮਾਹਲ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਜਾਰੀ ਕਰਤਾ - ਸੁਸ਼ੀਲ ਦੁਸਾਂਝ**
**ਜਨਰਲ ਸਕੱਤਰ, ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.)**
**ਸੰਪਰਕ ਨੰਬਰ-98887-99870**

## ਸੀਤਲ ਸਿੰਘ ਗੁੰਨੋਪੁਰੀ ਦੇ ਗ਼ਜ਼ਲ ਸੰਗ੍ਰਹਿ ਮਹਿਕਦੇ ਅਹਿਸਾਸ ਉੱਪਰ ਹੋਈ ਸਾਹਿਤਕ ਚਰਚਾ

# ਸ.ਹਰਭਜਨ ਸਿੰਘ ਹੁੰਦਲ ਯਾਦਗਾਰੀ ਸਨਮਾਨ ਨਾਲ ਨਿਵਾਜਿਆ ਗਿਆ ਗ਼ਜ਼ਲਕਾਰ ਮੰਗਤ ਚੰਚਲ ਜੀ ਨੂੰ



**ਬਾਬਾ ਬਕਾਲਾ ਸਾਹਿਬ : 20 ਜੁਲਾਈ ,( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਲੋਕ ਲਿਖਾਰੀ ਸਭਾ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ਼ ,ਸ਼ਹੀਦ ਬਲਜੀਤ ਸਿੰਘ ਯਾਦਗਾਰੀ ਭਵਨ ਜੇਲ੍ਹ ਰੋਡ ਗੁਰਦਾਸਪੁਰ ਵਿਖੇ ਵਿਸ਼ਾਲ ਸਾਹਿਤਕ ਸਮਾਰੋਹ ਕਰਵਾਇਆ ਗਿਆ। ਮੱਖਣ ਕੁਹਾੜ (ਸੀ.ਮੀ. ਪ੍ਰ. ਕੇਂ. ਪੰ. ਲੇ. ਸਭਾ) ਡਾ. ਲੇਖ ਰਾਜ ( ਪ੍ਰਧਾਨ ਜਿ.ਸਾ.ਕੇਂਦਰ) ਡਾ. ਸੁਖਵਿੰਦਰ ਸਿੰਘ ਪਠਾਨਕੋਟ, ਸ. ਹਰਪ੍ਰੀਤ ਸਿੰਘ ਪ੍ਰਿੰ. ਸਿੱਖ ਨੈਸ਼ਨਲ ਕਾਲਜ ਕਾਦੀਆਂ, ਡਾ. ਰਜਵਿੰਦਰ ਕੌਰ ਨਾਗਰਾ ਪ੍ਰਿ. ਕੰਨਿਆਂ ਮਹਾਂ ਵਿਦਿਆਲਿਆ ਧਾਰੀਵਾਲ, ਡਾ. ਸੁਰਿੰਦਰ ਸਿੰਘ ਸ਼ਾਂਤ, ਸ਼ੈਲਿੰਦਰਜੀਤ ਸਿੰਘ ਰਾਜਨ ( ਮੀਤ ਪ੍ਰਾ. ਕੇਂ. ਪੰ. ਦੇ.ਸਭਾ) , ਡਾ. ਲਖਬੀਰ ਕੌਰ ਮਾਹਲ ਗੁਰਾਇਆ, ਤਰਸੇਮ ਸਿੰਘ ਭੰਗੂ, ਮੰਗਤ ਚੰਚਲ, ਗੁਰਮੀਤ ਸਿੰਘ ਬਾਜਵਾ, ਸਰਬਜੀਤ ਸਿੰਘ ਚਾਹਲ ਤੇ ਜੇ ਪੀ ਖਰਲਾਂ ਵਾਲਾ ਦੇ ਪ੍ਰਧਾਨਗੀ ਮੰਡਲ ਦੀ ਰਹਿਨੁਮਾਈ ਹੇਠ ਕਰਵਾਏ ਇਸ ਸਮਾਰੋਹ ਵਿੱਚ ਸਭ ਤੋਂ ਪਹਿਲਾਂ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸੁਲਤਾਨ ਭਾਰਤੀ ਦੇ ਫਰਜ਼ੰਦ ਵਿਸ਼ਾਲ ਅਤੇ ਉੱਘੇ ਭਾਸ਼ਾ ਵਿਗਿਆਨੀ ਇਕਬਾਲ ਕੌਰ ਸੌਂਧ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ।

### ਨਿਸ਼ਾਨ ਸਿੰਘ ਜੌੜਾ ਸਿੰਘਾ ਦਾ ਗ਼ਜ਼ਲ ਸੰਗ੍ਰਹਿ ਵਲਗਣਾਂ ਤੋਂ ਪਾਰ ਕੀਤਾ ਗਿਆ ਲੋਕ ਅਰਪਣ

ਲੋਕ ਲਿਖਾਰੀ ਸਭਾ ਗੁਰਦਾਸਪੁਰ ਦੇ ਵਿੱਤ ਸਕੱਤਰ ਬੂਟਾ ਰਾਮ ਆਜ਼ਾਦ ਵੱਲੋਂ ਆਏ ਵਿਦਵਾਨਾਂ ਤੇ ਸਾਹਿਤਕ ਮਹਿਮਾਨਾਂ ਦਾ ਭਾਵਪੂਰਤ ਸ਼ਬਦਾਂ ਨਾਲ਼ ਸਵਾਗਤ ਕੀਤਾ ਗਿਆ। ਇਨਕਲਾਬੀ ਸ਼ਾਇਰ ਵਿਜੇ ਅਗਨੀਹੋਤਰੀ ਦੇ ਸੁਰਮਈ ਗੀਤ ਨਾਲ ਬਕਾਇਦਾ ਸਮਾਗਮ ਦੀ ਸ਼ੁਰੂਆਤ ਕੀਤੀ ਗਈ। ਸਮਾਰੋਹ ਦੇ ਪਹਿਲੇ ਪੜਾਅ ਵਿੱਚ ਗ਼ਜ਼ਲਗੋ ਸੀਤਲ ਸਿੰਘ ਗੁੰਨੋਪੁਰੀ ਦੇ ਗ਼ਜ਼ਲ ਸੰਗ੍ਰਹਿ ਮਹਿਕਦੇ ਅਹਿਸਾਸ ਉੱਪਰ ਸਾਹਿਤਕ ਚਰਚਾ ਕਰਵਾਈ ਗਈ। ਚਰਚਾ ਵਿੱਚ ਭਾਗ ਲੈਂਦਿਆਂ ਡਾ. ਲੇਖ ਰਾਜ ਨੇ ਗੁੰਨੋਪੁਰੀ ਦੀ ਸ਼ਾਇਰੀ ਦੀਆਂ ਪਰਤਾਂ ਫਰੋਲਦਿਆਂ ਇਸ ਨੂੰ ਨਿੱਜ ਪੀੜਾ ਤੋਂ ਲੋਕ ਪੀੜਾ ਵੱਲ ਪਰਤਣ ਦੀ ਸ਼ਾਇਰੀ ਦੱਸਿਆ। ਉੱਘੇ ਅਲੋਚਕ ਡਾਕਟਰ ਸੁਖਵਿੰਦਰ ਸਿੰਘ ਨੇ ਸ਼ਿਅਰਾਂ ਦਾ ਹਵਾਲਾ ਦਿੰਦਿਆਂ ਇਸ ਨੂੰ ਦਵੰਦਵਾਦ ਤੋਂ ਪਰੇ ਦੀ ਸ਼ਾਇਰੀ ਕਰਾਰ ਦਿੱਤਾ, ਡਾਕਟਰ ਸੁਰਿੰਦਰ ਸਿੰਘ ਸ਼ਾਂਤ ਨੇ ਇਸ ਨੂੰ ਪਰਤਾਂ ਤੋਂ ਪਾਰ ਦੀ ਸ਼ਾਇਰੀ ਕਿਹਾ, ਸਰਬਜੀਤ ਸਿੰਘ ਚਾਹਲ ਨੇ ਬੋਲੀਆਂ, ਟੱਪਿਆਂ ਤੇ ਲੋਕ ਗੀਤਾਂ ਵਿਚਲੀ ਸਰੋਦੀ ਲੈਅ ਤੇ ਗ਼ਜ਼ਲ ਵਿਚਲੀ ਸੰਗੀਤਕਾਰਾਂ ਨੂੰ ਇੱਕਤਾਲ ਤੇ ਇੱਕ ਸੁਰ ਦੱਸਿਆ, ਮੰਗਤ ਚੰਚਲ ਨੇ ਸ਼ਾਇਰੀ ਦੇ ਵਿਚਾਰਧਾਰਕ ਪੱਖ ਤੇ ਰੂਪਕ ਪੱਖ ਦੀ ਚਰਚਾ ਕਰਦਿਆਂ ਸ਼ਾਇਰੀ ਨੂੰ ਸਮਤੋਲ ਆਖਿਆ ਤੇ ਕੁਝ ਨੁਕਤਿਆਂ ਉੱਤੇ ਮਤਭੇਦ ਵੀ ਪ੍ਰਗਟ ਕੀਤੇ, ਪ੍ਰੋੜ ਸ਼ਾਇਰ ਸੁਭਾਸ਼ ਦੀਵਾਨਾ ਨੇ ਸੀਤਲ ਨੂੰ ਸਫ਼ਲ ਤੇ ਸਮਰੱਥ ਸ਼ਾਇਰ ਆਖਦਿਆਂ ਥੋੜੇ ਸਮੇਂ ਵਿੱਚ ਸ਼ਾਇਰ ਵੱਲੋਂ ਪੁੱਟੀਆਂ ਲੰਮੀਆਂ ਪੁਲਾਂਘਾਂ ਦੀ ਸ਼ਲਾਘਾ ਕੀਤੀ ,ਸੁੱਚਾ ਸਿੰਘ ਰੰਧਾਵਾ ਨੇ ਕਿਹਾ ਕਿ ਸੀਤਲ ਦੀ ਸ਼ਾਇਰੀ ਰੂਹ ਨੂੰ ਸਰਸ਼ਾਰ ਕਰਦੀ ਹੈ। ਚਰਚਾ ਨੂੰ ਸਮੇਟਦੇ ਹੋਏ ਸਭਾ ਦੇ ਸੰਯੋਜਕ ਮੱਖਣ ਕੁਹਾੜ ਨੇ ਜਿੱਥੇ ਵਿਦਵਾਨਾਂ ਦੀਆਂ ਪ੍ਰਗਟਾਈਆਂ ਭਾਵਨਾਵਾਂ ਨਾਲ ਸਹਿਮਤੀ ਪ੍ਰਗਟ ਕੀਤੀ ਓਥੇ ਮਹਿਕਦੇ ਅਹਿਸਾਸ ਦੀ ਸ਼ਾਇਰੀ ਦੇ ਹਵਾਲੇ ਨਾਲ਼ ਸੀਤਲ ਨੂੰ ਲੋਕ-ਪਿੜਾਂ ਤੇ ਹਾਸ਼ੀਆਗਤ ਲੋਕਾਂ ਦਾ ਸ਼ਾਇਰ ਆਖਿਆ। ਚਰਚਾ ਉਪਰੰਤ ਪ੍ਰਸਿੱਧ ਗ਼ਜ਼ਲਕਾਰ ਮੰਗਤ ਚੰਚਲ ਜੀ ਨੂੰ ਉਹਨਾਂ ਦੀਆਂ ਜਥੇਬੰਦਕ ਤੇ ਸਾਹਿਤਕ ਪ੍ਰਾਪਤੀਆਂ ਲਈ ਸਥਾਪਿਤ ਇਨਕਲਾਬੀ ਸ਼ਾਇਰ ਸ. ਹਰਭਜਨ ਸਿੰਘ ਹੁੰਦਲ ਯਾਦਗਾਰੀ ਪੁਰਸਕਾਰ ਨਾਲ਼ ਦੁਸ਼ਾਲਾ ਤੇ ਵਿਸ਼ੇਸ਼ ਸਨਮਾਨ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਉੱਘੇ ਪੰਜਾਬੀ-ਸ਼ਾਇਰ ਹਰਭਜਨ ਸਿੰਘ ਹੁੰਦਲ ਦੇ ਫਰਜ਼ੰਦ ਪ੍ਰਿੰਸੀਪਲ ਹਰਪ੍ਰੀਤ ਸਿੰਘ ਹੁੰਦਲ, ਸ਼ੈਲਿੰਦਰਜੀਤ ਸਿੰਘ ਰਾਜਨ ਤੇ ਕਰਮਜੀਤ ਸਿੰਘ (ਝੰਡੇ ਦਾ ਗੀਤ) ਨੂੰ ਵੀ ਉਹਨਾਂ ਦੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਸਿਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਧਾਨਗੀ ਮੰਡਲ ਵੱਲੋਂ ਨਵੇਂ ਤੇ ਚਰਚਿਤ ਸ਼ਾਇਰ ਨਿਸ਼ਾਨ ਸਿੰਘ ਜੌੜਾ ਸਿੰਘਾ ਦੇ ਪਲੇਠੇ ਗ਼ਜ਼ਲ ਸੰਗ੍ਰਹਿ ਵਲਗਣਾਂ ਤੋਂ ਪਾਰ ਨੂੰ ਪਾਠਕਾਂ ਦੀ ਹਾਜ਼ਰੀ ਵਿੱਚ ਲੋਕ ਅਰਪਣ ਕੀਤਾ ਗਿਆ।

ਦੂਜੇ ਪੜਾਅ ਵਿੱਚ ਕਵੀ ਦਰਬਾਰ ਦਾ ਆਗਾਜ਼ ਪ੍ਰੀਤ ਰਾਣਾ ਦੇ ਗੀਤ ਨਾਲ਼ ਕੀਤਾ ਗਿਆ। ਕਵੀ ਦਰਬਾਰ ਵਿੱਚ ਸ਼ੈਲਿੰਦਰਜੀਤ ਸਿੰਘ ਰਾਜਨ,ਮਨਜੀਤ ਸਿੰਘ ਵੱਸੀ, ਜਗਦੀਸ਼ ਸਿੰਘ ਭੰਮਰਾ, ਕੁਲਜੀਤ ਸਿੰਘ ਰੰਧਾਵਾ, ਰਘਬੀਰ ਸਿੰਘ ਚਾਹਲ, ਸੁੱਚਾ ਸਿੰਘ ਰੰਧਾਵਾ, ਮੱਖਣ ਕੁਹਾੜ, ਗੁਰਮੀਤ ਸਿੰਘ ਬਾਜਵਾ, ਡਾ.ਸੁਖਵਿੰਦਰ ਸਿੰਘ, ਡਾ. ਲੇਖ ਰਾਜ, ਰਮੇਸ਼ ਕੁਮਾਰ ਜਾਨੂੰ, ਸੁਲਤਾਨ ਭਾਰਤੀ,ਹੀਰਾ ਸਿੰਘ ਸੈਣੀ, ਨਿਸ਼ਾਨ ਸਿੰਘ ਜੌੜਾ ਸਿੰਘਾ, ਕੁਲਦੀਪ ਸਿੰਘ ਘਾਂਗਲਾ,ਬੂਟਾ ਰਾਮ ਆਜ਼ਾਦ, ਬਲਦੇਵ ਉਲਫ਼ਤ,ਹਰਪਾਲ ਸਿੰਘ ਬੈਂਸ, ਸੁਭਾਸ਼ ਦੀਵਾਨਾ, ਤਰਸੇਮ ਸਿੰਘ ਭੰਗੂ, ਵਿਜੇ ਤਾਲਿਬ, ਇੰਦੂ ਠਾਕੁਰ, ਪੂਨਮ ਠਾਕੁਰ, ਦਵਿੰਦਰ ਮੁਗਰਾਲਾ, ਬਲਵੀਰ ਮੁਗਰਾਲਾ, ਮੰਗਤ ਚੰਚਲ, ਸਰਬਜੀਤ ਸਿੰਘ ਚਾਹਲ, ਸੀਤਲ ਸਿੰਘ ਗੁੰਨੋਪੁਰੀ ਤੇ ਹੋਰ ਨਾਮਵਰ ਕਵੀਆਂ ਨੇ ਭਾਗ ਲਿਆ। ਇਸ ਤੋਂ ਇਲਾਵਾ ਸੁੱਚਾ ਸਿੰਘ ਪਸਨਾਵਾਲਾ, ਕਰਮਜੀਤ ਸਿੰਘ, ਪ੍ਰਿੰ. ਕੁਲਵੰਤ ਸਿੰਘ ਮੀਆਂ ਕੋਟ, ਸੁਖਵਿੰਦਰ ਸਿੰਘ ਰੰਧਾਵਾ, ਹਰਪ੍ਰੀਤ ਸਿੰਘ, ਠਾਕੁਰ ਧਿਆਨ ਸਿੰਘ, ਜੇ ਪੀ ਖਰਲਾਂ ਵਾਲਾ, ਸੋਹਣ ਸਿੰਘ, ਪ੍ਰੋ. ਲਖਬੀਰ ਕੌਰ ਮਾਹਲ ਗੁਰਾਇਆ,ਦੇਵਰਾਜ ਖੁੰਡਾ,ਸੁਰਿੰਦਰ ਮੋਹਨ ਸ਼ਰਮਾ,ਮਨਪ੍ਰੀਤ ਸਿੰਘ ਅਠੌਲਾ,ਅਮਰਜੀਤ ਸਿੰਘ, ਨਰੇਸ਼ ਕੁਮਾਰ, ਕੁਲਦੀਪ ਸਿੰਘ ਰਿਆੜ,ਮਨਭਾਵਨ ਸਿੰਘ ਤੇ ਹੋਰ ਸਾਹਿਤ ਪ੍ਰੇਮੀ ਵੀ ਹਾਜ਼ਰ ਸਨ। ਅਖੀਰ ਵਿੱਚ ਸਭਾ ਦੀ ਪ੍ਰਧਾਨ ਡਾਕਟਰ ਰਜਵਿੰਦਰ ਕੌਰ ਨਾਗਰਾ ਨੇ ਸਭ ਹਾਜ਼ਰ ਵਿਦਵਾਨਾਂ, ਪਾਠਕਾਂ, ਕਵੀਆਂ ਤੇ ਸਾਹਿਤ ਪ੍ਰੇਮੀਆਂ ਦਾ ਸਮਾਰੋਹ ਨੂੰ ਸਫ਼ਲ ਤੇ ਯਾਦਗਾਰੀ ਬਣਾਉਣ ਵਾਸਤੇ ਉਹਨਾਂ ਵੱਲੋਂ ਦਿੱਤੇ ਗਏ ਸਹਿਯੋਗ ਤੇ ਸਨੇਹ ਲਈ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਸਭਾ ਦੇ ਜਨਰਲ ਸਕੱਤਰ ਸੀਤਲ ਸਿੰਘ ਗੁੰਨੋਪੁਰੀ ਵੱਲੋਂ ਬਾਖੂਬੀ ਨਿਭਾਈ ਗਈ।

## ਅਣਪਛਾਤੇ ਚੋਰਾਂ ਨੇ ਬਲਦੇਵ ਹਲਵਾਈ ਦੀ ਦੁਕਾਨ ਤੇ ਚੋਰੀ ਦੀ ਵਾਰਦਾਤ ਨੂੰ ਦਿੱਤਾ ਅੰਜਾਮ

# ਦੁਕਾਨ ਦੇ ਗੱਲੇ ਚੋਂ ਉਡਾਏ 50/60 ਹਜਾਰ ਰੁਪਏ-ਰਾਜਦੀਪ ਸੈਣੀ

ਜੰਡਿਆਲਾ ਗੁਰੂ 20 ਜੁਲਾਈ ( ਕੁਲਵੰਤ ਸਿੰਘ ਵਿਰਦੀ ) :- ਜੰਡਿਆਲਾ ਗੁਰੂ ਇਲਾਕੇ ਵਿੱਚ ਲੁੱਟਾਂ ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ । ਇਸੇ ਲੜੀ ਦੇ ਤਹਿਤ ਅੱਜ ਸਵੇਰੇ ਤੜਕਸਾਰ ਸਾਢੇ ਤਿੰਨ ਵਜੇ ਜੰਡਿਆਲਾ ਗੁਰੂ ਦਰਸ਼ਨੀ ਬਾਜ਼ਾਰ ਵਿੱਚ ਮਸ਼ਹੂਰ ਬਲਦੇਵ ਹਲਵਾਈ ਦੀ ਹੱਟੀ ਤੇ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ । ਦੁਕਾਨ ਦੇ ਮਾਲਕ ਰਾਜਦੀਪ ਸੈਣੀ ਨੇ ਦੱਸਿਆ ਕਿ ਅੱਜ ਸਵੇਰੇ ਕਰੀਬ 4 ਵਜੇ ਬਾਜ਼ਾਰ ਵਿੱਚ ਰੱਖੇ ਚੌਂਕੀਦਾਰ ਨੇ ਉਹਨਾਂ ਨੂੰ ਦੱਸਿਆ ਕਿ ਤੁਹਾਡੀ ਦੁਕਾਨ ਦੇ ਦਰਵਾਜ਼ੇ ਖੁੱਲੇ ਹਨ ।ਰਾਜਦੀਪ ਸੈਣੀ ਨੇ ਕਿਹਾ ਕਿ ਜਦ ਉਹਨਾਂ ਨੇ ਆਕੇ ਦੁਕਾਨ ਤੇ ਦੇਖਿਆ ਤਾਂ ਗੱਲੇ ਵਿੱਚੋਂ 50 ਤੋਂ 60 ਹਜਾਰ ਦੇ ਕਰੀਬ ਪੈਸੇ ਚੋਰੀ ਹੋਏ ਸਨ ਪਰ ਇਕ ਮਹਿੰਗਾ ਮੋਬਾਇਲ, ਪਿੱਤਲ ਦੇ ਗਲਾਸ ਅਤੇ ਇਕ ਐਨਕ ਉਸੇ ਤਰ੍ਹਾਂ ਓਥੇ ਪਏ ਸਨ ਜਿਨ੍ਹਾਂ ਉਪਰ ਸ਼ਾਇਦ ਚੋਰਾਂ ਦੀ ਨਜਰ ਨਹੀਂ ਪਈ ।ਇਸ ਸਬੰਧੀ ਉਹਨਾਂ ਨੇ ਸੀਸੀਟੀਵੀ ਵਿੱਚ ਦੇਖਿਆ ਤਾਂ ਦੋ ਚੋਰ ਕਰੀਬ ਸਾਢੇ ਤਿੰਨ ਵਜੇ ਦੁਕਾਨ ਦੇ ਅੰਦਰ ਦਾਖਲ ਹੋਏ ਅਤੇ ਗੱਲੇ ਚੋ ਪੈਸੇ ਕੱਢਕੇ ਅਤੇ ਤਿੰਨਾਂ ਚਾਰ ਮਿੰਟਾਂ ਬਾਅਦ ਹੀ ਵਾਪਸ ਚਲੇ ਗਏ । ਉਹਨਾਂ ਵੱਲੋਂ ਜੰਡਿਆਲਾ ਪੁਲਿਸ ਚੌਂਕੀ ਨੂੰ ਦਰਖਾਸਤ ਤੇ ਦਿੱਤੀ ਗਈ ਹੈ ।ਚੌਂਕੀ ਇੰਚਾਰਜ ਗੁਰਪਾਲ ਸਿੰਘ ਨੇ ਦੱਸਿਆ ਕਿ ਸੀਸੀਟੀਵੀ ਫੁਟੇਜ ਦੇ ਆਧਾਰ ਤੇ ਦੋ ਅਨਪਛਾਤੇ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਜਲਦੀ ਹੀ ਆਸ ਪਾਸ ਦੇ ਕੈਮਰੇ ਖੰਗਾਲ ਕੇ ਚੋਰਾਂ ਨੂੰ ਗਿਰਫ਼ਤਾਰ ਕਰ ਲਿਆ ਜਾਵੇਗਾ । ਚੋਰੀ ਦੀ ਇਸ ਘਟਨਾ ਕਾਰਨ ਇਲਾਕੇ ਦੇ ਦੁਕਾਨਦਾਰਾਂ ਵਿੱਚ ਚਿੰਤਾ ਦਾ ਮਾਹੌਲ ਹੈ ਅਤੇ ਉਨ੍ਹਾਂ ਨੇ ਰਾਤ ਸਮੇਂ ਪੁਲਿਸ ਗਸ਼ਤ ਵਧਾਉਣ ਦੀ ਮੰਗ ਕੀਤੀ ਹੈ !




# 2027 'ਚ ਬਣੇਗੀ ਆਕਾਲੀ ਦਲ ਵਾਰਿਸ ਪੰਜਾਬ ਦੀ ਬਣੇਗੀ ਸਰਕਾਰ-ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ

ਚੌਕ ਮਹਿਤਾ,20,ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰਧਾਨ ਭਾਈ ਅਮ੍ਰਿਤਪਾਲ ਸਿੰਘ ਦੀ ਅਗਵਾਈ 'ਚ 'ਪੰਜਾਬ ਬਚਾਓ,ਪੰਥ ਬਚਾਉ ਰੈਲੀ' ਮੁਹਿੰਮ ਨੂੰ ਲੋਕਾਂ ਦਾ ਤਗੜਾ ਹੁੰਗਾਰਾ ਮਿਲ ਰਿਹਾ ਹੈ ।ਇਹ ਪ੍ਰਗਟਾਵਾ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਨੇ ਅੱਜ ਇਥੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੀ ਹਰ ਰੈਲੀ ਵਿਚ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਰੀ ਬਹੁਮਤ ਨਾਲ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੀ ਸਰਕਾਰ ਬਣੇਗੀ ਅਤੇ ਭਾਈ ਅਮ੍ਰਿੰਤਪਾਲ ਸਿੰਘ ਮੁੱਖ ਮੰਤਰੀ ਹੋਣਗੇ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਤੰਗ ਆਏ ਲੋਕ ਆਪਣੀ ਪੰਥਕ ਪਾਰਟੀ ਦੇ ਹੱਕ ਵਿੱਚ ਡੱਟਣ ਲਈ ਕਮਰਕੱਸੇ ਕਰ ਚੁੱਕੇ ਹਨ। ਮੌਜੂਦਾ ਸਰਕਾਰ ਦੀ ਬਿਨਾਂ ਪ੍ਰਵਾਹ ਕੀਤੇ ਨੌਜਵਾਨ, ਬਜੁਰਗ ਅਤੇ ਬੀਬੀਆਂ ਵਹੀਰਾਂ ਘੱਤ ਕੇ ਅਕਾਲੀ ਦਲ ਵਾਰਿਸ ਪੰਜਾਬ ਦੀਆਂ ਰੈਲੀਆਂ ਵਿੱਚ ਪਹੁੰਚ ਰਹੇ ਹਨ। ਸੰਤ ਬਾਬਾ ਬਿਬੇਕ ਸਿੰਘ ਜੀ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਨੇ ਹਮੇਸ਼ਾਂ ਗਰੀਬਾਂ ਦੀ ਲੜਾਈ, ਕਿਸਾਨਾਂ, ਵਪਾਰੀਆਂ ਅਤੇ ਪੰਜਾਬ ਨੋਜਵਾਨਾ ਨੂੰ ਨਸ਼ੇ ਛੱਡਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਗੁਰੂ ਸਾਹਿਬ ਜੀ ਦੇ ਲੱੜ ਲਾਇਆ ਅਤੇ ਹੱਕਾਂ ਦੀ ਲੜਾਈ ਹਿੱਕ ਡਾਹ ਕੇ ਲੜੀ ਹੈ। ਜਿਸ ਕਰਕੇ ਹਰ ਵਰਗ ਨਾਲ ਸਬੰਧਤ ਲੋਕ ਹੁਣ ਆਕਾਲੀ ਦਲ ਵਾਰਿਸ ਪੰਜਾਬ ਦੀ ਸਰਕਾਰ ਨੂੰ ਦੇਖਣਾ ਚਾਹੁੰਦੇ ਹਨ।



# ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡ ਪੇਧਨੀ ਵਿਖੇ ਕੀਤੀ 'ਲੋਕ ਮਿਲਣੀ'

**☛ ਲੋਕਾਂ ਦੀਆਂ ਸਮੱਸਿਆਵਾਂ ਦਾ ਤਰਜੀਹੀ ਆਧਾਰ 'ਤੇ ਹੱਲ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ: ਓ.ਐਸ.ਡੀ. ਸੁਖਵੀਰ ਸਿੰਘ ☛ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੀਤੇ ਜਾ ਰਹੇ ਹਨ ਉਪਰਾਲੇ: ਚੇਅਰਮੈਨ ਦਲਵੀਰ ਸਿੰਘ ਢਿੱਲੋਂ**




**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਚਲਾਈ ਜਾ ਰਹੀ 'ਲੋਕ ਮਿਲਣੀ' ਮੁਹਿੰਮ ਤਹਿਤ ਅੱਜ ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡ ਪੇਧਨੀ ਵਿਖੇ ਲੋਕ ਮਿਲਣੀ ਕਰਕੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਸਮਾਂਬਧ ਅਤੇ ਤਰਜੀਹੀ ਆਧਾਰ 'ਤੇ ਹੱਲ ਲਈ ਲੋੜੀਂਦੇ ਨਿਰਦੇਸ਼ ਦਿੱਤੇ। ਇਸ ਮੌਕੇ ਸੰਬੋਧਨ ਕਰਦਿਆਂ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਨਿਪਟਾਰਾ ਕਰਨਾ ਅਤੇ ਸਰਕਾਰੀ ਸੇਵਾਵਾਂ ਨੂੰ ਲੋਕਾਂ ਦੇ ਘਰਾਂ ਤੱਕ ਪਹੁੰਚਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਲੋਕਾਂ ਅਤੇ ਸਰਕਾਰ ਦਰਮਿਆਨ ਸਿੱਧੇ ਸੰਵਾਦ ਦਾ ਪ੍ਰਭਾਵਸ਼ਾਲੀ ਮਾਧਿਅਮ ਬਣ ਰਹੇ ਹਨ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਸਮੇਤ ਸਮੁੱਚੇ ਪੰਜਾਬ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ, ਪੇਂਡੂ ਵਿਕਾਸ ਅਤੇ ਲੋਕ-ਭਲਾਈ ਦੀਆਂ ਯੋਜਨਾਵਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਵਰਗ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚ ਸਕੇ। ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਸਰਪੰਚ ਅੰਮ੍ਰਿਤਪਾਲ ਚਹਿਲ, ਮਨਪ੍ਰੀਤ ਸ਼ਰਮਾ (ਚੇਅਰਮੈਨ, ਬ੍ਰਾਹਮਣ ਸਭਾ) ਬਲਾਕ ਸੰਮਤੀ ਮੈਂਬਰ ਜਗਸੀਰ ਸਿੰਘ ਲੱਡਾ, ਸਰਪੰਚ ਮੱਖਣ ਸਿੰਘ (ਪੇਧਨੀ) ਕੁਲਦੀਪ ਸਿੰਘ ਕਲੇਰ ਪੰਚ, ਸੁਰਜੀਤ ਸਿੰਘ ਪੰਚ ਹਾਜ਼ਰ ਸਨ।

# ਜੈਸਮੀਨ ਕੌਰ ਨੇ ਦਸਵੀਂ ਜਮਾਤ 'ਚ 98 ਫੀਸਦੀ ਅੰਕ ਲੈ ਕੇ ਰਚਿਆ ਇਤਿਹਾਸ

**ਚੋਹਲਾ ਸਾਹਿਬ, 20 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਮਾਤਾ ਗੁਜਰੀ ਕਾਨਵੈਂਟ ਸਕੂਲ ਸਰਹਾਲੀ ਕਲਾਂ ਦਾ ਦਸਵੀਂ ਜਮਾਤ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਐਤਕੀ ਵੀ 100 ਫੀਸਦੀ ਰਿਹਾ। ਸੀ.ਬੀ.ਐਸ.ਈ ਵੱਲੋਂ ਐਲਾਨੇ ਗਏ ਦਸਵੀ ਜਮਾਤ ਦੇ ਨਤੀਜੇ 'ਚ ਮਾਤਾ ਗੁਜਰੀ ਕਾਨਵੈਂਟ ਸਕੂਲ ਸਰਹਾਲੀ ਕਲਾਂ ਦੀ ਹੋਣਹਾਰ ਵਿਦਿਆਰਥਣ ਜੈਸਮੀਨ ਕੌਰ ਪੁੱਤਰੀ ਸਾਹਿਬ ਸਿੰਘ ਵਾਸੀ ਸਰਹਾਲੀ ਕਲਾ ਨੇ 98 ਫੀਸਦੀ ਨੰਬਰ ਲੈ ਕੇ ਸਕੂਲ ਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਤੇ ਆਪਣਾ ਨਾਮ ਵਿੱਦਿਆ ਦੇ ਖੇਤਰ ਵਿੱਚ ਰੋਸ਼ਨ ਕੀਤਾ ।ਇਸ ਮੌਕੇ ਸਕੂਲ ਮੈਨੇਜਮੈਂਟ ਵੱਲੋਂ ਜਿੱਥੇ ਸਾਰੇ ਚੰਗੇ ਨੰਬਰਾਂ ਚੋਂ ਪਾਸ ਹੋਏ ਵਿਦਿਆਰਥੀਆਂ ਦਾ ਮਠਿਆਈ ਨਾਲ ਮੂੰਹ ਮਿੱਠਾ ਕਰਵਾਇਆ ਉੱਥੇ ਇਸ ਹੋਣਹਾਰ ਵਿਦਿਆਰਥਣ ਨੂੰ ਸੁੰਦਰ ਯਾਦਗਾਰੀ ਚਿੰਨ ਦੇ ਕੇ ਤਾੜੀਆਂ ਦੀ ਗੂੰਜ 'ਚ ਸਨਮਾਨਿਤ ਕਰਕੇ ਹੌਸਲਾ ਅਫਜਾਈ ਕੀਤੀ ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਮਨਜਿੰਦਰ ਸਿੰਘ ਕੁਕਰੇਜਾ,ਪ੍ਰਿੰਸੀਪਲ ਗੀਤਾ ਕੁਕਰੇਜਾ ਨੇ ਦੱਸਿਆ ਕਿ ਜੈਸਮੀਨ ਕੌਰ ਦੀ ਵਿਦਿਆ ਦੇ ਖੇਤਰ ਚੋਂ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਉਸਦੇ ਮਾਪਿਆਂ ਦਾ ਤੇ ਸਕੂਲ ਦੇ ਮਿਹਨਤੀ ਸਟਾਫ ਦੇ ਸਿਰ ਤੇ ਜਾਂਦਾ ਹੈ ।ਜੈਸਮੀਨ ਕੌਰ ਨੇ ਦੱਸਿਆ ਕਿ ਉਸ ਦਾ ਸੁਪਨਾ ਕਾਨੂੰਨ ਦੀ ਪੜ੍ਹਾਈ ਪੂਰੀ ਕਰਕੇ ਜੱਜ ਬਣਦਾ ਹੈ ।ਜਿਸ ਕਰਕੇ ਉਹ ਪਹਿਲਾਂ ਨਾਲੋਂ ਵੀ ਹੁਣ ਦਿਨ-ਰਾਤ ਪੜ੍ਹਾਈ ਦੇ ਖੇਤਰ ਚੋਂ ਮਿਹਨਤ ਕਰੇਗੀ ਤੇ ਆਪਣੇ ਨਾਨਾ ਕਸ਼ਮੀਰ ਸਿੰਘ ਜੋ ਮਿਲਟਰੀ ਅਤੇ ਪੰਜਾਬ ਪੁਲਿਸ 'ਚ ਸੇਵਾ ਮੁਕਤ ਹਨ ਉਹਨਾਂ ਦੀ ਆਸ ਤੇ ਪੂਰਾ ਉੱਤਰ ਕੇ ਮੈਂ ਆਪਣਾ ਸੁਪਨਾ ਪੂਰਾ ਕਰਕੇ ਕਾਨੂੰਨ ਦੀ ਸੇਵਾ ਕਰਾਂਗੀ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243